@Qpatrika
@qaumipatrika punjabi
instagram.com/ qaumipatrika

Largest Circulated

विश्व भर में सबसे ज्यादा पढ़ा जाने वाला

Punjabi National Daily

# ਕੌਮੀ ਪਤ੍ਰਿਕਾ

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 25 May 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 25 ਮਈ 2026, 11 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 200, qpatrika@gmail.com ਫੋਨ : 9971359517 www.qaumipatrika.org

## ਜੈਸ਼ੰਕਰ ਤੇ ਮਾਰਕੋ ਰੂਬੀਓ ਵਿਚਾਲੇ ਅਹਿਮ ਮੁਲਾਕਾਤ, ਊਰਜਾ ਸੰਕਟ ਤੇ ਵਪਾਰਕ ਸਮਝੌਤਿਆਂ 'ਤੇ ਹੋਈ ਚਰਚਾ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 24 ਮਈ। ਭਾਰਤ ਦੇ ਵਿਦੇਸ਼ ਮੰਤਰੀ ਐਸ. ਜੈਸ਼ੰਕਰ ਅਤੇ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਵਿਚਕਾਰ ਦਿੱਲੀ ਵਿੱਚ ਇੱਕ ਮਹੱਤਵਪੂਰਨ ਦੁਵੱਲੀ ਬੈਠਕ ਹੋਈ। ਇਸ ਮੀਟਿੰਗ ਤੋਂ ਬਾਅਦ ਹੋਈ ਸਾਂਝੀ ਪ੍ਰੈੱਸ ਕਾਨਫਰੰਸ ਦੌਰਾਨ ਦੋਵਾਂ ਨੇਤਾਵਾਂ ਨੇ ਈਰਾਨ ਯੁੱਧ, ਹੋਰਮੁਜ਼ ਸਟ?ਰੇਟ, ਰੂਸ-ਯੂਕਰੇਨ ਸੰਘਰਸ਼, ਊਰਜਾ ਸੰਕਟ, ਅੱਤਵਾਦ ਅਤੇ ਇੰਡੋ-ਪੈਸੀਫਿਕ ਖੇਤਰ ਵਰਗੇ ਗੰਭੀਰ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਸਰਕਾਰ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਆਪਣੇ 1.4 ਅਰਬ ਲੋਕਾਂ ਦੀਆਂ ਊਰਜਾ ਲੋੜਾਂ ਨੂੰ ਪੂਰਾ ਕਰਨਾ ਹੈ। ਇਸ ਲਈ ਭਾਰਤ ਲਈ ਸਸਤੀ ਊਰਜਾ ਅਤੇ ਤੇਲ ਦੀ ਨਿਰੰਤਰ ਸਪਲਾਈ ਬਹੁਤ ਜ਼ਰੂਰੀ ਹੈ। ਬੈਠਕ ਵਿੱਚ ਸਿਵਲ ਨਿਊਕਲੀਅਰ ਸਹਿਯੋਗ 'ਤੇ ਵੀ ਗੱਲਬਾਤ ਹੋਈ। ਇਸ ਤੋਂ ਇਲਾਵਾ, ਦੋਵਾਂ ਦੇਸ਼ਾਂ ਵਿਚਾਲੇ ਵਪਾਰਕ ਸਮਝੌਤੇ ਨੂੰ ਲੈ ਕੇ ਵੀ ਪ੍ਰਗਤੀ ਹੋਈ ਹੈ ਅਤੇ ਅਮਰੀਕੀ ਟੀਮ ਜਲਦੀ ਹੀ ਇਸ ਦੇ ਅੰਤਿਮ ਖਰੜੇ 'ਤੇ ਕੰਮ ਕਰਨ ਲਈ ਭਾਰਤ ਆਵੇਗੀ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਭਾਰਤ ਨੂੰ ਅਮਰੀਕਾ ਦਾ ਇੱਕ 'ਅਹਿਮ ਰਣਨੀਤਕ ਭਾਈਵਾਲ' ਦੱਸਿਆ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ ਨਸ਼ਾ



ਤਸਕਰੀ ਅਤੇ ਅੰਤਰਰਾਸ਼ਟਰੀ ਅਪਰਾਧ ਵਿਰੁੱਧ ਮਿਲ ਕੇ ਕੰਮ ਕਰਨਗੇ। ਰੂਬੀਓ ਨੇ ਸਮੁੰਦਰੀ ਰਸਤਿਆਂ ਦੀ ਸੁਰੱਖਿਆ ਦਾ ਮੁੱਦਾ ਵੀ ਚੁੱਕਿਆ ਅਤੇ ਕਿਹਾ ਕਿ ਹੋਰਮੁਜ਼ ਸਟ?ਰੇਟ ਵਰਗੇ ਅਹਿਮ ਜਲਮਾਰਗਾਂ ਨੂੰ ਕੋਈ ਵੀ ਬੰਧਕ ਨਹੀਂ ਬਣਾ ਸਕਦਾ। ਜੈਸ਼ੰਕਰ ਨੇ ਅਮਰੀਕਾ ਜਾਣ ਵਾਲੇ ਭਾਰਤੀਆਂ ਲਈ ਵੀਜ਼ਾ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਦਾ ਮੁੱਦਾ ਚੁੱਕਿਆ। ਉਨ੍ਹਾਂ ਕਿਹਾ ਕਿ ਕਾਨੂੰਨੀ ਤਰੀਕੇ ਨਾਲ ਜਾਣ ਵਾਲੇ ਭਾਰਤੀਆਂ ਨੂੰ ਕੋਈ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ, ਜਦਕਿ ਗੈਰ-ਕਾਨੂੰਨੀ ਪਰਵਾਸ ਦੇ ਮਾਮਲਿਆਂ ਵਿੱਚ ਭਾਰਤ ਸਹਿਯੋਗ ਕਰੇਗਾ। ਇਸ ਦੇ ਜਵਾਬ ਵਿੱਚ ਰੂਬੀਓ ਨੇ ਅਮਰੀਕਾ ਵਿੱਚ ਮੌਜੂਦ ਮਾਈਗ੍ਰੇਸ਼ਨ ਸੰਕਟ ਦਾ ਹਵਾਲਾ ਦਿੱਤਾ ਅਤੇ ਸਪੱਸ਼ਟ ਕੀਤਾ ਕਿ ਨਵੀਂ ਮਾਈਗ੍ਰੇਸ਼ਨ ਪਾਲਿਸੀ ਖਾਸ ਤੌਰ 'ਤੇ ਭਾਰਤੀਆਂ ਨੂੰ ਨਿਸ਼ਾਨਾ ਬਣਾਉਣ ਲਈ ਨਹੀਂ ਹੈ, ਸਗੋਂ ਸਿਸਟਮ ਵਿੱਚ ਸੁਧਾਰ ਲਈ ਹੈ।

### ਨੀਟ ਪ੍ਰੀਖਿਆ ਦੁਬਾਰਾ ਹੋਣ ਦੇ ਡਰੋਂ 18 ਸਾਲਾ ਵਿਦਿਆਰਥਣ ਨੇ ਕੀਤੀ ਖ਼ੁਦਕੁਸ਼ੀ

ਨੈਸ਼ਨਲ ਡੈਸਕ 24 ਮਈ। ਕਰਨਾਟਕ ਦੇ ਕਲਬੁਰਗੀ ਵਿੱਚ ਨੈਸ਼ਨਲ ਐਲੀਜੀਬਿਲਿਟੀ-ਕਮ-ਐਂਟਰੈਂਸ ਟੈਸਟ ਦੀ ਪ੍ਰੀਖਿਆ ਦੇਣ ਵਾਲੀ ਇੱਕ 18 ਸਾਲਾ ਵਿਦਿਆਰਥਣ ਵੱਲੋਂ ਆਪਣੇ ਘਰ ਵਿੱਚ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਦਾ ਬੇਹੱਦ ਦੁਖਦਾਈ ਮਾਮਲਾ ਸਾਹਮਣੇ ਆਇਆ ਵਿਦਿਆਰਥਣ ਦੇ ਪਿਤਾ ਰਾਜਸ਼ੇਖਰ ਨੇ ਐਤਵਾਰ ਨੂੰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਬੇਟੀ ਭਾਗਿਆਸ਼੍ਰੀ ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਸੀ ਅਤੇ ਉਸਨੇ ਪੀ.ਯੂ.ਸੀ. ਦੀ ਪ੍ਰੀਖਿਆ 92 ਫੀਸਦੀ ਅੰਕਾਂ ਨਾਲ ਪਾਸ ਕੀਤੀ ਸੀ। ਪਿਤਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਪਰਿਵਾਰ ਵਿੱਚ ਕੋਈ ਸਮੱਸਿਆ ਨਹੀਂ ਸੀ ਅਤੇ ਭਾਗਿਆਸ਼੍ਰੀ ਨੇ ਨੀਟ ਦੀ ਪ੍ਰੀਖਿਆ ਵਿੱਚ ਵੀ ਚੰਗਾ ਪ੍ਰਦਰਸ਼ਨ ਕੀਤਾ ਸੀ।

## ਪ੍ਰਾਈਵੇਟ ਸਕੂਲਾਂ ਦੀ ਫੀਸ ਵਧਾਉਣ ਦੇ ਮਾਮਲੇ 'ਚ ਹਾਈਕੋਰਟ ਦਾ ਵੱਡਾ ਫੈਸਲਾ! ਸਿੱਖਿਆ ਵਿਭਾਗ ਦਾ ਸਰਕੂਲਰ ਰੱਦ

ਨਵੀਂ ਦਿੱਲੀ 24 ਮਈ। ਦਿੱਲੀ ਹਾਈਕੋਰਟ ਨੇ ਪ੍ਰਾਈਵੇਟ ਸਕੂਲਾਂ ਦੀ ਫੀਸ ਵਧਾਉਣ ਦੇ ਸਬੰਧ ਵਿੱਚ ਇੱਕ ਅਹਿਮ ਫੈਸਲਾ ਸੁਣਾਉਂਦਿਆਂ ਸਿੱਖਿਆ ਵਿਭਾਗ ਦੇ ਉਸ ਸਰਕੂਲਰ ਨੂੰ ਰੱਦ ਕਰ ਦਿੱਤਾ ਹੈ, ਜਿਸ ਵਿੱਚ ਸਕੂਲਾਂ ਨੂੰ ਫੀਸ ਵਧਾਉਣ ਤੋਂ ਪਹਿਲਾਂ ਵਿਭਾਗ ਤੋਂ ਇਜਾਜ਼ਤ ਲੈਣ ਦੇ ਹੁਕਮ ਦਿੱਤੇ ਗਏ ਸਨ। ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਬਿਨਾਂ ਸਹੀ ਕਾਨੂੰਨੀ ਪ੍ਰਕਿਰਿਆ ਦੇ ਸਕੂਲਾਂ 'ਤੇ ਅਜਿਹਾ ਬੇਲੋੜਾ ਕੰਟਰੋਲ ਨਹੀਂ ਲਗਾਇਆ ਜਾ ਸਕਦਾ। ਅਦਾਲਤ




ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਸਿੱਖਿਆ ਵਿਭਾਗ ਦਾ ਇਹ ਹੁਕਮ ਕਾਨੂੰਨੀ ਸੀਮਾਵਾਂ ਤੋਂ ਬਾਹਰ ਸੀ ਅਤੇ ਇਸ ਨੂੰ ਲਾਗੂ ਨਹੀਂ ਕੀਤਾ ਜਾ ਸਕਦਾ। ਇਹ ਮਾਮਲਾ ਖਾਸ ਤੌਰ 'ਤੇ ਉਨ੍ਹਾਂ ਸਕੂਲਾਂ ਨਾਲ ਜੁੜਿਆ ਹੋਇਆ ਸੀ ਜਿਨ੍ਹਾਂ ਨੂੰ ਸਰਕਾਰੀ ਏਜੰਸੀਆਂ ਵੱਲੋਂ ਰਿਆਇਤੀ ਦਰਾਂ 'ਤੇ ਜ਼ਮੀਨ ਮੁਹੱਈਆ ਕਰਵਾਈ ਗਈ ਸੀ। ਕਈ ਨਿੱਜੀ ਸਕੂਲ ਸੰਗਠਨਾਂ ਨੇ ਵਿਭਾਗ ਦੇ ਇਸ ਨਿਰਦੇਸ਼ ਨੂੰ ਅਦਾਲਤ ਵਿੱਚ ਚੁਣੌਤੀ ਦਿੱਤੀ ਸੀ। ਸੁਣਵਾਈ ਦੌਰਾਨ ਅਦਾਲਤ ਨੇ ਸਾਫ਼ ਕੀਤਾ ਕਿ ਸਰਕਾਰ ਸਕੂਲਾਂ ਦੀ ਫੀਸ ਪ੍ਰਣਾਲੀ ਵਿੱਚ ਸਿਰਫ਼ ਉਸੇ ਸਥਿਤੀ ਵਿੱਚ ਦਖ਼ਲ ਦੇ ਸਕਦੀ ਹੈ ਜਦੋਂ ਮੁਨਾਫ਼ਾਖੋਰੀ ਜਾਂ ਨਿਯਮਾਂ ਦੀ ਉਲੰਘਣਾ ਹੋ ਰਹੀ ਹੋਵੇ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਹਰ ਵਾਰ ਫੀਸ ਵਧਾਉਣ ਲਈ ਪਹਿਲਾਂ ਤੋਂ ਇਜਾਜ਼ਤ ਲੈਣਾ ਜ਼ਰੂਰੀ ਨਹੀਂ ਬਣਾਇਆ ਜਾ ਸਕਦਾ। ਸਕੂਲਾਂ ਦਾ ਕਹਿਣਾ ਸੀ ਕਿ ਜਿਨ੍ਹਾਂ ਨੂੰ ਸਰਕਾਰੀ ਮਦਦ ਨਹੀਂ ਮਿਲਦੀ, ਉਨ੍ਹਾਂ ਨੂੰ ਆਪਣੀ ਫੀਸ ਤੈਅ ਕਰਨ ਦਾ ਪੂਰਾ ਅਧਿਕਾਰ ਹੈ। ਇਸ ਫੈਸਲੇ ਤੋਂ ਬਾਅਦ ਦਿੱਲੀ ਦੇ ਹਜ਼ਾਰਾਂ ਮਾਪਿਆਂ ਵਿੱਚ ਚਿੰਤਾ ਪਾਈ ਜਾ ਰਹੀ ਹੈ। ਮਾਪਿਆਂ ਨੂੰ ਡਰ ਹੈ ਕਿ ਹੁਣ ਸਕੂਲ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਵਾਧਾ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ 'ਤੇ ਆਰਥਿਕ ਬੋਝ ਵਧੇਗਾ। ਦੂਜੇ ਪਾਸੇ, ਸਕੂਲ ਪ੍ਰਬੰਧਕ ਇਸ ਨੂੰ ਆਪਣੀ ਪ੍ਰਬੰਧਕੀ ਆਜ਼ਾਦੀ ਲਈ ਇੱਕ ਵੱਡੀ ਰਾਹਤ ਵਜੋਂ ਦੇਖ ਰਹੇ ਹਨ। ਦੱਸ ਦੇਈਏ ਕਿ ਦਿੱਲੀ ਵਿੱਚ ਨਿੱਜੀ ਸਕੂਲਾਂ ਦੀ ਫੀਸ ਰੈਗੂਲੇਸ਼ਨ ਨੂੰ ਲੈ ਕੇ ਸਰਕਾਰ ਅਤੇ ਸਕੂਲ ਪ੍ਰਬੰਧਕਾਂ ਵਿਚਾਲੇ ਲੰਬੇ ਸਮੇਂ ਤੋਂ ਵਿਵਾਦ ਚੱਲ ਰਿਹਾ ਹੈ, ਜੋ ਇਸ ਫੈਸਲੇ ਤੋਂ ਬਾਅਦ ਇੱਕ ਨਵੇਂ ਮੋੜ 'ਤੇ ਪਹੁੰਚ ਗਿਆ ਹੈ।

## ਭਾਰਤੀ ਹਵਾਈ ਫੌਜ ਨੂੰ ਮਿਲੇ 17 ਨਵੇਂ ਟੈਸਟ ਪਾਇਲਟ ਤੇ ਇੰਜੀਨੀਅਰ, ਰੱਖਿਆ ਖੇਤਰ ਨੂੰ ਮਿਲੇਗੀ ਮਜਬੂਤੀ

ਨੈਸ਼ਨਲ ਡੈਸਕ 24 ਮਈ। ਭਾਰਤੀ ਰੱਖਿਆ ਖੇਤਰ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ, ਬੈਂਗਲੁਰੂ ਸਥਿਤ ਏਅਰ ਫੋਰਸ ਟੈਸਟ ਪਾਇਲਟ ਸਕੂਲ ਤੋਂ 48ਵੇਂ ਫਲਾਈਟ ਟੈਸਟ ਕੋਰਸ ਦੇ 17 ਅਧਿਕਾਰੀ ਸਫਲਤਾਪੂਰਵਕ ਗ੍ਰੈਜੂਏਟ ਹੋ ਗਏ ਹਨ। ਇਸ ਵਿਸ਼ੇਸ਼ ਕੋਰਸ ਵਿੱਚ 11 ਟੈਸਟ ਪਾਇਲਟ ਅਤੇ 6 ਫਲਾਈਟ ਟੈਸਟ ਇੰਜੀਨੀਅਰ ਸ਼ਾਮਲ ਹਨ, ਜਿਨ੍ਹਾਂ ਨੇ 48 ਹਫ਼ਤਿਆਂ ਦੀ ਬੇਹੱਦ ਮੁਸ਼ਕਿਲ ਸਿਖਲਾਈ ਪੂਰੀ ਕੀਤੀ ਹੈ। ਇਸ ਸਾਲ ਗ੍ਰੈਜੂਏਟ ਹੋਣ ਵਾਲੇ 17 ਅਧਿਕਾਰੀਆਂ ਵਿੱਚ ਭਾਰਤੀ ਹਵਾਈ ਫੌਜ ਦੇ 14, ਭਾਰਤੀ ਫੌਜ ਦਾ 1 ਅਤੇ ਭਾਰਤੀ ਜਲ ਸੈਨਾ ਦੇ 2 ਅਧਿਕਾਰੀ ਸ਼ਾਮਲ ਹਨ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਏਅਰ ਚੀਫ਼ ਮਾਰਸ਼ਲ ਏਪੀ ਸਿੰਘ ਨੇ ਸਾਰੇ ਅਧਿਕਾਰੀਆਂ ਨੂੰ ਸਰਟੀਫਿਕੇਟ ਦਿੱਤੇ ਅਤੇ ਹੋਣਹਾਰ ਅਧਿਕਾਰੀਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ। ਇਹ ਅਧਿਕਾਰੀ ਹੁਣ ਏਅਰਕ੍ਰਾਫਟ ਐਂਡ ਸਿਸਟਮਸ ਟੈਸਟਿੰਗ ਐਸਟੈਬਲਿਸ਼ਮੈਂਟ ਦੀ ਐਵੀਏਸ਼ਨ ਵਿੰਗ ਵਿੱਚ ਸ਼ਾਮਲ ਹੋਣਗੇ। ਸਮਾਗਮ ਨੂੰ ਸੰਬੋਧਨ ਕਰਦਿਆਂ ਏਅਰ ਚੀਫ਼ ਮਾਰਸ਼ਲ ਨੇ 'ਆਤਮਨਿਰਭਰਤਾ' ਨੂੰ ਦੇਸ਼ ਦੀ ਰੱਖਿਆ ਸਮਰੱਥਾ ਲਈ ਬੇਹੱਦ ਜ਼ਰੂਰੀ ਦੱਸਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਦੀ ਦੇਸ਼ ਦੇ ਸਵਦੇਸ਼ੀਕਰਨ ਅਭਿਆਨ ਅਤੇ ਐਰੋਸਪੇਸ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਹੋਵੇਗੀ। ਉਨ੍ਹਾਂ ਨੇ ਡਿਜ਼ਾਈਨ ਤੋਂ ਲੈ ਕੇ ਡਿਲੀਵਰੀ ਤੱਕ ਦੇ ਸਮੇਂ ਨੂੰ ਘਟਾਉਣ ਅਤੇ ਰੱਖਿਆ ਉਪਕਰਨਾਂ ਦੀ ਸੁਰੱਖਿਆ ਤੇ ਗੁਣਵੱਤਾ ਦੇ ਉੱਚੇ ਮਿਆਰ ਬਣਾਈ ਰੱਖਣ 'ਤੇ ਵੀ ਜ਼ੋਰ ਦਿੱਤਾ।

## ਸੰਵਿਧਾਨ ਕੁਝ 'ਖ਼ਾਸ' ਲੋਕਾਂ ਦੀ ਜਗੀਰ ਨਹੀਂ, ਸਾਰਿਆਂ ਦਾ ਹੈ : ਚੀਫ ਜਸਟਿਸ

ਨਵੀਂ ਦਿੱਲੀ 24 ਮਈ। ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰਿਆਕਾਂਤ ਨੇ ਕਿਹਾ ਹੈ ਕਿ ਸੰਵਿਧਾਨ ਕੁਝ ਮਹਾਨਗਰਾਂ ਦੇ ਉਨ੍ਹਾਂ ਨਾਗਰਿਕਾਂ ਦਾ ਵਿਸ਼ੇਸ਼ ਅਧਿਕਾਰ ਨਹੀਂ ਹੈ ਜੋ ਮਹਿੰਗੀਆਂ ਕਾਨੂੰਨੀ ਕਾਰਵਾਈਆਂ ਨੂੰ ਬਰਦਾਸ਼ਤ ਕਰ ਸਕਦੇ ਹਨ ਤੇ ਸਭ ਤੋਂ ਵਧੀਆ ਕਾਨੂੰਨੀ ਮਾਹਿਰਾਂ ਨੂੰ ਨਿਯੁਕਤ ਕਰ ਸਕਦੇ ਹਨ, ਸਗੋਂ ਇਹ ਸਾਰੇ ਨਾਗਰਿਕਾਂ ਲਈ ਬਰਾਬਰ ਹੈ। ਚੀਫ਼ ਜਸਟਿਸ ਨੇ ਇਹ ਟਿੱਪਣੀ ਸੀਨੀਅਰ ਵਕੀਲ ਇੰਦਰਾ ਜੈਸਿੰਘ ਦੀਆਂ ਯਾਦਾਂ 'ਦਿ ਕੰਸਟੀਚਿਊਸ਼ਨ ਇਜ਼ ਮਾਈ ਹੋਮ : ਕੰਜ਼ਰਵੇਸ਼ਨਜ਼ ਆਨ ਏ ਲਾਈਫ ਇਨ ਲਾਅ' ਨੂੰ ਲਾਂਚ ਕਰਨ ਮੌਕੇ ਆਪਣੇ ਸੰਬੋਧਨ ਦੌਰਾਨ ਕੀਤੀ। ਚੀਫ਼ ਜਸਟਿਸ ਨੂੰ ਇਸ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ ਗਿਆ ਸੀ ਪਰ ਉਹ ਸ਼ਾਮਲ ਨਹੀਂ ਹੋ ਸਕੇ। ਉਨ੍ਹਾਂ ਕਿਤਾਬ ਨੂੰ ਰਿਲੀਜ਼ ਕਰਨ ਦੀ ਕਾਮਨਾ ਕਰਦੇ ਹੋਏ ਇਕ ਵੀਡੀਓ ਸੰਦੇਸ਼ ਭੇਜਿਆ ਅਤੇ ਬ੍ਰਿਕਸ ਦੇਸ਼ਾਂ ਦੇ ਜੱਜਾਂ ਦੀ ਮੀਟਿੰਗ ਕਾਰਨ ਇੱਥੇ ਸ਼ਾਮਲ ਨਾ ਹੋ ਸਕਣ 'ਤੇ ਅਫ਼ਸੋਸ ਪ੍ਰਗਟ ਕੀਤਾ। ਜਸਟਿਸ ਸੂਰਿਆਕਾਂਤ ਨੇ ਕਿਹਾ ਕਿ ਸੰਵਿਧਾਨ ਸੱਚਮੁੱਚ ਸਾਡਾ ਸਾਂਝਾ ਘਰ ਹੈ। ਇਹ ਸਿਰਫ਼ ਜੱਜਾਂ, ਵਕੀਲਾਂ, ਸਰਕਾਰ ਜਾਂ ਜਨਤਕ ਅਧਿਕਾਰੀਆਂ ਦਾ ਨਹੀਂ ਹੈ। ਇਹ ਹਰ ਉਸ ਨਾਗਰਿਕ ਲਈ ਬਰਾਬਰ ਦਾ ਹੈ ਜੋ ਇਸ ਦੇ ਢਾਂਚੇ ਅੰਦਰ ਨਿਆਂ ਦੀ ਮੰਗ ਕਰਦਾ ਹੈ ਤੇ ਜੋ ਇਸ ਦੇ ਵਾਅਦਿਆਂ 'ਚ ਭਰੋਸਾ ਰੱਖਦਾ ਹੈ, ਭਾਵੇਂ ਉਹ ਸ਼ਹਿਰ 'ਚ ਰਹਿੰਦੇ ਹਨ ਜਾਂ ਪਿੰਡ 'ਚ, ਸਭ ਤੋਂ ਗਰੀਬ ਹਨ ਜਾਂ ਸਭ ਤੋਂ ਹਾਸ਼ੀਏ 'ਤੇ। ਉਨ੍ਹਾਂ ਕਿਹਾ ਕਿ ਸੰਵਿਧਾਨ ਮਹਾਨਗਰਾਂ ਦੇ ਕੁਝ ਲੋਕਾਂ ਦਾ ਵਿਸ਼ੇਸ਼ ਅਧਿਕਾਰ ਨਹੀਂ ਹੈ ਜੋ ਮਹਿੰਗੀਆਂ ਕਾਰਵਾਈਆਂ ਦਾ ਸਾਹਮਣਾ ਕਰ ਸਕਦੇ ਹਨ ਤੇ ਸਭ ਤੋਂ ਵਧੀਆ ਕਾਨੂੰਨੀ ਮਾਹਿਰਾਂ ਨੂੰ ਅਜਿਹੀ ਚੀਜ਼ ਸਾਬਤ ਕਰਨ ਲਈ ਨਿਯੁਕਤ ਕਰ ਸਕਦੇ ਹਨ ਜਿਸ ਦੀ ਸਾਡੇ ਸੰਵਿਧਾਨ ਨੇ ਕਦੇ ਕਲਪਨਾ ਵੀ ਨਹੀਂ ਕੀਤੀ ਸੀ। ਚੀਫ਼ ਜਸਟਿਸ ਨੇ ਕਿਹਾ ਕਿ ਸੰਵਿਧਾਨ ਸਿਰਫ਼ ਇਕ ਕਾਨੂੰਨੀ ਦਸਤਾਵੇਜ਼ ਨਹੀਂ ਹੈ ਜੋ ਸਮਾਜ ਨੂੰ ਦੂਰੋਂ ਕੰਟਰੋਲ ਕਰਦਾ ਹੈ, ਸਗੋਂ ਇਕ ਨਿਰੰਤਰ ਮੌਜੂਦ ਸ਼ਕਤੀ ਵੀ ਹੈ। ਉਨ੍ਹਾਂ ਕਿਹਾ ਕਿ ਇਹ ਅਦਾਲਤਾਂ ਤੇ ਚੈਂਬਰਾਂ 'ਚ ਦਲੀਲਾਂ ਤੇ ਵਿਚਾਰ-ਵਟਾਂਦਰੇ 'ਚ ਸਾਡੇ ਨਾਲ ਰਹਿੰਦਾ ਹੈ। ਇਸ ਦੀ ਪਹੁੰਚ ਰਸਮੀ ਕਾਨੂੰਨੀ ਥਾਵਾਂ ਤੋਂ ਬਹੁਤ ਦੂਰ ਤੱਕ ਫੈਲੀ ਹੋਈ ਹੈ ਤੇ ਇਸ ਦਾ ਅਸਰ ਅੰਤ 'ਚ ਨਾਗਰਿਕਾਂ ਦੇ ਜੀਵਨ ਤੇ ਸਾਡੇ ਲੋਕਰਾਜ ਦੇ ਚਰਿੱਤਰ 'ਚ ਮਾਪਿਆ ਜਾਂਦਾ ਹੈ।

## ਕੀ 9ਵੀਂ ਦੇ ਵਿਦਿਆਰਥੀਆਂ 'ਤੇ ਥੋਪੀ ਜਾ ਰਹੀ 3-ਭਾਸ਼ਾ ਨੀਤੀ? ਅਗਲੇ ਹ਼ਫਤੇ ਸੁਪਰੀਮ ਕੋਰਟ 'ਚ ਹੋਵੇਗੀ ਸੁਣਵਾਈ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 24 ਮਈ। ਸੁਪਰੀਮ ਕੋਰਟ ਅਗਲੇ ਹਫ਼ਤੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐਸਈ) ਦੀ ਨੌਂਵੀਂ ਜਮਾਤ ਦੇ ਵਿਦਿਆਰਥੀਆਂ ਲਈ ਤਿੰਨ ਭਾਸ਼ਾਵਾਂ ਲਾਜ਼ਮੀ ਬਣਾਉਣ ਵਾਲੀ ਨਵੀਂ ਨੀਤੀ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰੇਗਾ। ਇਹ ਪਟੀਸ਼ਨ ਨਵੀਂ ਦਿੱਲੀ, ਗੁੜਗਾਓਂ, ਨੋਇਡਾ ਅਤੇ ਚੇਨਈ ਦੇ ਮਾਪਿਆਂ ਅਤੇ ਅਧਿਆਪਕਾਂ ਦੁਆਰਾ ਦਾਇਰ ਕੀਤੀ ਗਈ ਹੈ। ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਦੀ ਬੈਂਚ ਸਾਹਮਣੇ ਇਸ ਮਾਮਲੇ ਦਾ ਜ਼ਿਕਰ ਕੀਤਾ। ਉਨ੍ਹਾਂ ਦਲੀਲ ਦਿੱਤੀ ਕਿ ਇਸ ਨਿਯਮ ਦੇ ਅਚਾਨਕ ਲਾਗੂ ਹੋਣ ਨਾਲ ਵਿਦਿਆਰਥੀਆਂ ਦੀ 10ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦੀ ਤਿਆਰੀ ਪ੍ਰਭਾਵਿਤ ਹੋਵੇਗੀ ਅਤੇ ਉਨ੍ਹਾਂ 'ਤੇ ਬੇਲੋੜਾ ਅਕਾਦਮਿਕ ਬੋਝ ਪਵੇਗਾ। ਸੀਨੀਅਰ ਵਕੀਲ ਰੋਹਤਗੀ ਨੇ ਦਲੀਲ ਦਿੱਤੀ ਕਿ ਜੋ ਵਿਦਿਆਰਥੀ ਹੁਣ ਤੱਕ ਸਿਰਫ਼ ਦੋ ਭਾਸ਼ਾਵਾਂ ਪੜ੍ਹ ਰਹੇ ਸਨ, ਉਨ੍ਹਾਂ ਨੂੰ ਅਚਾਨਕ 9ਵੀਂ ਜਮਾਤ ਦੇ ਪੱਧਰ 'ਤੇ ਇੱਕ ਵਾਧੂ ਭਾਸ਼ਾ ਸਿੱਖਣੀ ਪਵੇਗੀ। 10ਵੀਂ ਜਮਾਤ ਵਿੱਚ ਇਸ ਲਈ ਪ੍ਰੀਖਿਆ ਦੇਣੀ ਪਵੇਗੀ, ਜਿਸ ਨਾਲ ਵਿਦਿਆਰਥੀਆਂ ਵਿੱਚ ਭੰਬਲਭੂਸਾ ਅਤੇ ਅਕਾਦਮਿਕ ਹਫੜਾ-ਦਫੜੀ ਪੈਦਾ ਹੋਵੇਗੀ। ਦਲੀਲਾਂ 'ਤੇ ਗੌਰ ਕਰਦੇ ਹੋਏ ਬੈਂਚ ਨੇ ਕਿਹਾ ਕਿ ਮਾਮਲਾ ਅਗਲੇ ਹਫ਼ਤੇ ਸੁਣਵਾਈ ਲਈ ਸੂਚੀਬੱਧ ਕੀਤਾ ਜਾਵੇਗਾ। ਇਹ ਚੁਣੌਤੀ ਸੀਬੀਐਸਈ ਵੱਲੋਂ 15 ਮਈ ਨੂੰ ਜਾਰੀ ਕੀਤੇ ਗਏ ਇੱਕ ਸਰਕੂਲਰ ਨਾਲ ਸਬੰਧਤ ਹੈ, ਜੋ ਅਧਿਐਨ ਯੋਜਨਾ ਨੂੰ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) 2020 ਅਤੇ ਸਕੂਲ ਸਿੱਖਿਆ ਲਈ ਰਾਸ਼ਟਰੀ ਪਾਠਕ੍ਰਮ ਢਾਂਚਾ (ਐਨਸੀਐਫ-ਐਸਈ) 2023 ਨਾਲ ਜੋੜਦਾ ਹੈ। ਸੋਧੇ ਹੋਏ ਢਾਂਚੇ ਦੇ ਤਹਿਤ 1 ਜੁਲਾਈ, 2026 ਤੋਂ ਗ੍ਰੇਡ 9 ਵਿੱਚ ਦਾਖਲ ਹੋਣ ਵਾਲੇ ਵਿਦਿਆਰਥੀਆਂ ਨੂੰ ਤਿੰਨ ਭਾਸ਼ਾਵਾਂ ਪੜ੍ਹਨੀਆਂ ਪੈਣਗੀਆਂ, ਜਿਨ੍ਹਾਂ ਵਿੱਚੋਂ ਘੱਟੋ-ਘੱਟ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਚਾਹੀਦੀਆਂ ਹਨ। ਵਿਦੇਸ਼ੀ ਭਾਸ਼ਾ ਦਾ ਵਿਕਲਪ ਸਿਰਫ਼ ਤਾਂ ਹੀ ਚੁਣਿਆ ਜਾ ਸਕਦਾ ਹੈ ਜੇਕਰ ਬਾਕੀ ਦੋ ਭਾਸ਼ਾਵਾਂ ਭਾਰਤੀ ਹੋਣ, ਜਾਂ ਇਸਨੂੰ ਇੱਕ ਵਾਧੂ ਚੌਥੇ ਵਿਸ਼ੇ ਵਜੋਂ ਲਿਆ ਜਾ ਸਕਦਾ ਹੈ। ਪਟੀਸ਼ਨਰਾਂ ਦੇ ਅਨੁਸਾਰ, ਇਹ ਨੀਤੀ ਸੀਬੀਐਸਈ ਦੇ 9 ਅਪ੍ਰੈਲ, 2026 ਨੂੰ ਜਾਰੀ ਕੀਤੇ ਗਏ ਪਹਿਲਾਂ ਦੇ ਨੋਟੀਫਿਕੇਸ਼ਨ ਤੋਂ ਬਿਲਕੁਲ ਵੱਖਰੀ ਹੈ, ਜਿਸ ਵਿੱਚ



9ਵੀਂ ਜਮਾਤ ਦੇ ਪੱਧਰ 'ਤੇ ਤੀਜੀ ਭਾਸ਼ਾ ਦੀ ਲਾਜ਼ਮੀ ਲੋੜ ਨੂੰ 2029-30 ਅਕਾਦਮਿਕ ਸੈਸ਼ਨ ਤੱਕ ਮੁਲਤਵੀ ਕਰ ਦਿੱਤਾ ਗਿਆ ਸੀ। ਪਟੀਸ਼ਨ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਇਸ ਨੀਤੀ ਦੇ ਅਚਾਨਕ ਲਾਗੂ ਹੋਣ ਨਾਲ ਉਨ੍ਹਾਂ ਵਿਦਿਆਰਥੀਆਂ 'ਤੇ ਵਾਧੂ ਅਕਾਦਮਿਕ ਬੋਝ ਪਵੇਗਾ, ਜੋ ਪਹਿਲਾਂ ਹੀ ਬੋਰਡ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਹਨ, ਜਦੋਂ ਕਿ ਸਕੂਲਾਂ ਵਿੱਚ ਬੁਨਿਆਦੀ ਢਾਂਚੇ, ਸਿਖਲਾਈ ਪ੍ਰਾਪਤ ਅਧਿਆਪਕਾਂ ਅਤੇ ਲੋੜੀਂਦੀ ਅਧਿਐਨ ਸਮੱਗਰੀ ਦੀ ਘਾਟ ਹੈ। ਇਸ ਵਿੱਚ ਦੋਸ਼ ਲਗਾਇਆ ਗਿਆ ਕਿ 9ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਾਧੂ ਭਾਸ਼ਾ ਸਿੱਖਣ ਲਈ 6ਵੀਂ ਜਮਾਤ ਦੇ ਪੱਧਰ ਦੀਆਂ ਪਾਠ-ਪੁਸਤਕਾਂ 'ਤੇ ਨਿਰਭਰ ਕਰਨ ਦੀ ਹਦਾਇਤ ਦੇਣਾ ਕਿਸੇ ਵੀ ਅਰਥਪੂਰਨ ਭਾਸ਼ਾ ਸਿੱਖਣ ਦੀ ਬਜਾਏ ਸਿੱਖਿਆ ਦੇ ਤਰੀਕਿਆਂ ਦੀ ਘਾਟ ਨੂੰ ਦਰਸਾਉਂਦਾ ਹੈ। ਪਟੀਸ਼ਨ ਵਿੱਚ ਗੈਰ-ਹਿੰਦੀ ਭਾਸ਼ੀ ਰਾਜਾਂ ਦੇ ਵਿਦਿਆਰਥੀਆਂ 'ਤੇ ਨੀਤੀ ਦੇ ਅਸਮਾਨ ਪ੍ਰਭਾਵ ਬਾਰੇ ਵੀ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਸਨ ਅਤੇ ਨਵੀਂ ਪੇਸ਼ ਕੀਤੀ ਗਈ ਤੀਜੀ ਭਾਸ਼ਾ ਲਈ ਇੱਕ ਸਪੱਸ਼ਟ ਮੁਲਾਂਕਣ ਢਾਂਚੇ ਦੀ ਅਣਹੋਂਦ ਵੱਲ ਇਸ਼ਾਰਾ ਕੀਤਾ ਗਿਆ ਸੀ।

## ਪੱਛਮੀ ਬੰਗਾਲ: ਫਲਤਾ ਸੀਟ 'ਤੇ ਭਾਜਪਾ ਦੀ ਵੱਡੀ ਜਿੱਤ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 24 ਮਈ। ਪੱਛਮੀ ਬੰਗਾਲ ਵਿਧਾਨ ਸਭਾ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਆਪਣੀ ਸਥਿਤੀ ਹੋਰ ਮਜ਼ਬੂਤ ਕਰ ਲਈ ਹੈ। ਐਤਵਾਰ ਨੂੰ ਐਲਾਨੇ ਗਏ ਨਤੀਜਿਆਂ ਵਿੱਚ



ਭਾਜਪਾ ਉਮੀਦਵਾਰ ਦੇਬਾਂਗਸ਼ੂ ਪਾਂਡਾ ਨੇ ਫਲਤਾ ਸੀਟ 'ਤੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ, ਜਿਸ ਨਾਲ ਸੂਬਾ ਵਿਧਾਨ ਸਭਾ ਵਿੱਚ ਭਾਜਪਾ ਦੀਆਂ ਸੀਟਾਂ ਦੀ ਕੁੱਲ ਗਿਣਤੀ 208 ਤੱਕ ਪਹੁੰਚ ਗਈ ਹੈ। ਦੇਬਾਂਗਸ਼ੂ ਪਾਂਡਾ ਨੇ ਸੀ.ਪੀ.ਆਈ. (ਐਮ) ਦੇ ਉਮੀਦਵਾਰ ਸ਼ੰਭੂ ਨਾਥ ਕੁਰਮੀ ਨੂੰ 1,09,021 ਵੋਟਾਂ ਦੇ ਵੱਡੇ ਫਰਕ ਨਾਲ ਮਾਤ ਦਿੱਤੀ। ਇਸ ਚੋਣ ਵਿੱਚ ਤ੍ਰਿਣਮੂਲ ਕਾਂਗਰਸ ਦੇ ਉਮੀਦਵਾਰ ਜਹਾਂਗੀਰ ਖਾਨ ਚੌਥੇ ਸਥਾਨ 'ਤੇ ਰਹੇ। ਜ਼ਿਕਰਯੋਗ ਹੈ ਕਿ ਜਹਾਂਗੀਰ ਖਾਨ ਨੇ ਮੁੜ-ਮਤਦਾਨ ਤੋਂ ਪਹਿਲਾਂ ਹੀ ਚੋਣ ਤੋਂ ਪਿੱਛੇ ਹਟਣ ਦਾ ਐਲਾਨ ਕਰ ਦਿੱਤਾ ਸੀ ਅਤੇ ਨਵੇਂ ਚੁਣੇ ਗਏ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਦੇ ਕੰਮਾਂ ਦੀ ਤਾਰੀਫ਼ ਕੀਤੀ ਸੀ। ਇਸ ਸੀਟ 'ਤੇ 21 ਮਈ ਨੂੰ ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਮੁੜ-ਮਤਦਾਨ ਹੋਇਆ ਸੀ, ਜਿਸ ਵਿੱਚ 88.13 ਫੀਸਦੀ ਵੋਟਾਂ ਪਈਆਂ। ਗਿਣਤੀ ਕੇਂਦਰਾਂ ਦੇ ਬਾਹਰ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਸਨ ਤਾਂ ਜੋ ਅਮਨ-ਸ਼ਾਂਤੀ ਬਣੀ ਰਹੇ। ਬੰਗਾਲ ਦੇ ਮੰਤਰੀ ਦਿਲੀਪ ਘੋਸ਼ ਨੇ ਇਸ ਜਿੱਤ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਨਤੀਜਾ ਸਭ ਨੂੰ ਪਹਿਲਾਂ ਹੀ ਪਤਾ ਸੀ ਕਿਉਂਕਿ ਮੈਦਾਨ ਵਿੱਚ ਵਿਰੋਧੀ ਧਿਰ ਕਿਤੇ ਨਜ਼ਰ ਨਹੀਂ ਆ ਰਹੀ ਸੀ। ਯਾਦ ਰਹੇ ਕਿ ਇਸ ਮਹੀਨੇ ਦੇ ਸ਼ੁਰੂ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ 207 ਸੀਟਾਂ ਜਿੱਤ ਕੇ ਪੱਛਮੀ ਬੰਗਾਲ ਵਿੱਚ ਪਹਿਲੀ ਵਾਰ ਆਪਣੀ ਸਰਕਾਰ ਬਣਾਈ ਸੀ। ਇਸ ਨਾਲ ਮਮਤਾ ਬੈਨਰਜੀ ਦੀ ਅਗਵਾਈ ਵਾਲੀ "$3 ਦਾ 15 ਸਾਲ ਪੁਰਾਣਾ ਸ਼ਾਸਨ ਖ਼ਤਮ ਹੋ ਗਿਆ ਅਤੇ ਸੁਵੇਂਦੂ ਅਧਿਕਾਰੀ ਨੇ ਮੁੱਖ ਮੰਤਰੀ ਵਜੋਂ ਸਹੁ ਚੁੱਕੀ। ਅੱਜ ਦੀ ਜਿੱਤ ਨੇ ਸੱਤਾਧਾਰੀ ਭਾਜਪਾ ਦੇ ਬਹੁਮਤ ਨੂੰ ਹੋਰ ਵਧਾ ਦਿੱਤਾ ਹੈ।

## ਬਾਬਾ ਬਰ਼ਫਾਨੀ ਦੀ ਪਹਿਲੀ ਝਲਕ ਆਈ ਸਾਹਮਣੇ, 3 ਜੁਲਾਈ ਤੋਂ ਹੋਣਗੇ ਪਵਿੱਤਰ ਦਰਸ਼ਨ

ਨੈਸ਼ਨਲ ਡੈਸਕ 24 ਮਈ। ਇਸ ਸਾਲ 'ਬਾਬਾ ਬਰਫ਼ਾਨੀ' ਦੀ ਪਹਿਲੀ ਤਸਵੀਰ ਸਾਹਮਣੇ ਆ ਚੁੱਕੀ ਹੈ। ਫੌਜ ਦੇ ਜਵਾਨ ਮੰਦਰ ਦੇ ਨੇੜੇ ਪਹੁੰਚ ਗਏ ਹਨ ਅਤੇ ਯਾਤਰਾ ਲਈ ਰਸਤਾ ਸਾਫ਼ ਕਰਨ ਅਤੇ ਹੋਰ ਤਿਆਰੀਆਂ ਦੇ ਉਪਾਅ ਸ਼ੁਰੂ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਅਮਰਨਾਥ ਮੰਦਰ ਦੇ ਦੋ ਵੀਡੀਓ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਫੌਜ ਦੇ ਜਵਾਨ ਬਾਬਾ ਬਰਫ਼ਾਨੀ ਨੂੰ 'ਦੰਡਵਤ ਪ੍ਰਣਾਮ' (ਮੱਥਾ ਟੇਕਦੇ) ਹੋਏ ਨਜ਼ਰ ਆ ਰਹੇ ਹਨ। ਭਗਵਾਨ ਸ਼ਿਵ ਦੇ ਸ਼ਰਧਾਲੂਆਂ ਲਈ ਇਹ ਚੰਗੀ ਖ਼ਬਰ ਹੈ। ਇਸ ਸਾਲ ਦੀ ਅਮਰਨਾਥ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਣ ਵਾਲੀ ਹੈ। ਯਾਤਰਾ ਤੋਂ ਪਹਿਲਾਂ ਬਾਬਾ ਬਰਫ਼ਾਨੀ ਦੀ ਪਹਿਲੀ ਝਲਕ ਸਾਹਮਣੇ ਆਈ ਹੈ। ਇਸ ਵੀਡੀਓ ਵਿੱਚ ਬਾਬਾ ਬਰਫ਼ਾਨੀ ਆਪਣੇ ਪੂਰੇ ਰੂਪ ਵਿੱਚ ਦਿਖਾਈ ਦੇ ਰਹੇ ਹਨ, ਉਨ੍ਹਾਂ ਨਾਲ ਦੇਵੀ ਪਾਰਵਤੀ ਅਤੇ ਉਨ੍ਹਾਂ ਦੇ ਪੁੱਤਰ ਭਗਵਾਨ ਗਣੇਸ਼ ਵੀ ਹਨ। ਇਸ ਸਾਲ ਦੀ ਅਮਰਨਾਥ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਣ ਵਾਲੀ ਹੈ ਅਤੇ 28 ਅਗਸਤ ਤੱਕ ਜਾਰੀ ਰਹੇਗੀ, ਜੋ ਰੱਖੜੀ ਦੇ ਤਿਉਹਾਰ 'ਤੇ ਸਮਾਪਤ ਹੋਵੇਗੀ। ਹੁਣ ਤੱਕ 3,50,000 ਸ਼ਰਧਾਲੂਆਂ ਨੇ ਅਮਰਨਾਥ ਯਾਤਰਾ ਲਈ ਰਜਿਸਟ?ਰੇਸ਼ਨ ਕਰਵਾਈ ਹੈ। ਇਹ ਯਾਤਰਾ ਕੁੱਲ 57 ਦਿਨਾਂ ਦੀ ਹੋਵੇਗੀ। ਇਹ ਮੰਦਰ ਦੱਖਣੀ ਕਸ਼ਮੀਰ ਦੇ ਹਿਮਾਲਿਆ ਵਿੱਚ ਲਗਭਗ 3,880 ਮੀਟਰ ਦੀ ਉਚਾਈ 'ਤੇ ਸਥਿਤ ਹੈ, ਜਿੱਥੇ ਕੁਦਰਤੀ ਤੌਰ 'ਤੇ ਬਣਿਆ ਭਗਵਾਨ ਸ਼ਿਵ ਦਾ ਸ਼ਿਵਲਿੰਗ ਬਿਰਾਜਮਾਨ ਹੈ। ਸਾਲਾਨਾ ਅਮਰਨਾਥ ਯਾਤਰਾ 3 ਜੁਲਾਈ ਤੋਂ ਸ਼ੁਰੂ ਹੋਣ ਵਾਲੀ ਹੈ। ਯਾਤਰਾ ਦੋ ਵੱਖ-ਵੱਖ ਰਸਤਿਆਂ ਰਾਹੀਂ ਕੀਤੀ ਜਾਵੇਗੀ। ਪਹਿਲਾ ਰਸਤਾ ਅਨੰਤਨਾਗ ਜ਼ਿਲ੍ਹੇ ਵਿੱਚੋਂ ਲੰਘਦਾ ਹੈ, ਇਹ ਰਵਾਇਤੀ ਰਸਤਾ 48 ਕਿਲੋਮੀਟਰ ਲੰਬਾ ਹੈ ਅਤੇ ਨੂਨਵਾਨ-ਪਹਿਲਗਾਮ ਰਾਹੀਂ ਅੱਗੇ ਵਧਦਾ ਹੈ। ਦੂਜਾ ਰਸਤਾ, ਇਸਦੇ ਉਲਟ ਗੰਦਰਬਲ ਜ਼ਿਲ੍ਹੇ ਵਿੱਚੋਂ ਲੰਘਦਾ ਹੈ। ਇਹ ਰਸਤਾ ਦੂਰੀ ਵਿੱਚ ਛੋਟਾ ਹੈ ਪਰ ਇੱਕ ਢਲਾਣ ਵਾਲਾ ਢਾਂਚਾ ਹੈ, ਇਹ 14 ਕਿਲੋਮੀਟਰ ਦੀ ਲੰਬਾਈ ਤੱਕ ਫੈਲਿਆ ਹੋਇਆ ਹੈ ਅਤੇ ਇਸ ਨੂੰ ਬਾਲਟਾਲ ਰਸਤਾ ਵੀ ਕਿਹਾ ਜਾਂਦਾ ਹੈ। ਇਹ ਯਾਤਰਾ 28 ਅਗਸਤ ਨੂੰ ਰੱਖੜੀ ਦੇ ਸ਼ੁਭ ਮੌਕੇ 'ਤੇ ਸਮਾਪਤ ਹੋਵੇਗੀ।

## ਉੱਡਦੇ ਜਹਾਜ਼ 'ਚ ਪੈ ਗਿਆ ਨੁਕਸ ! ਪਾਇਲਟ ਨੇ ਖੇਤਾਂ 'ਚ ਹੀ ਕਰਾ'ਤੀ ਲੈਂਡਿੰਗ

ਨੈਸ਼ਨਲ ਡੈਸਕ 24 ਮਈ। ਉੱਤਰ ਪ੍ਰਦੇਸ਼ ਦੇ ਅਲੀਗੜ੍ਹ ਜ਼ਿਲ੍ਹੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਐਤਵਾਰ ਸਵੇਰੇ ਇੱਕ ਟ?ਰੇਨੀ ਜਹਾਜ਼ 'ਚ ਅਚਾਨਕ ਤਕਨੀਕੀ ਖ਼ਰਾਬੀ ਆ ਗਈ, ਜਿਸ ਕਾਰਨ ਇਸ ਦੀ ਐਮਰਜੈਂਸੀ ਲੈਂਡਿੰਗ ਕਰਵਾਉਣੀ ਪਈ। ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਜਹਾਜ਼ ਨੇ ਧਨੀਪੁਰ ਹਵਾਈ ਅੱਡੇ ਤੋਂ ਉਡਾਣ ਭਰੀ ਹੀ ਸੀ ਕਿ ਅਚਾਨਕ ਉਸ ਵਿੱਚ ਕੋਈ ਤਕਨੀਕੀ ਖ਼ਰਾਬੀ ਆ ਗਈ। ਹਾਲਾਂਕਿ, ਜਹਾਜ਼ ਵਿੱਚ ਸਵਾਰ ਦੋਵੇਂ ਪਾਇਲਟ ਪੂਰੀ ਤਰ੍ਹਾਂ ਸੁਰੱਖਿਅਤ ਹਨ। ਪੁਲਸ ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਜਹਾਜ਼ ਇੱਕ ਪ੍ਰਾਈਵੇਟ ਕੰਪਨੀ ਦਾ ਸੀ, ਜੋ ਰੋਜ਼ਾਨਾ ਵਾਂਗ ਟਰੇਨਿੰਗ ਫਲਾਈਟ 'ਤੇ ਸੀ। ਸਵੇਰੇ ਕਰੀਬ 11 ਵਜੇ ਜਦੋਂ ਜਹਾਜ਼ ਅਸਮਾਨ ਵਿੱਚ ਸੀ, ਤਾਂ ਉਸ ਵਿੱਚ ਕੋਈ ਖ਼ਰਾਬੀ ਆ ਗਈ। ਪਾਇਲਟਾਂ ਨੇ ਮੁਸਤੈਦੀ ਅਤੇ ਸਮਝਦਾਰੀ ਦਿਖਾਉਂਦੇ ਹੋਏ ਜਹਾਜ਼ ਨੂੰ ਜਲਾਲੀ ਖੇਤਰ ਦੇ ਨੇੜੇ ਖੇਤਾਂ 'ਚ ਸੁਰੱਖਿਅਤ ਉਤਾਰ ਲਿਆ। ਜਿਵੇਂ ਹੀ ਇਲਾਕੇ ਵਿੱਚ ਜਹਾਜ਼ ਦੀ ਐਮਰਜੈਂਸੀ ਲੈਂਡਿੰਗ ਦੀ ਖ਼ਬਰ ਫੈਲੀ, ਸਥਾਨਕ ਲੋਕਾਂ ਵਿੱਚ ਹੜਕੰਪ ਮਚ ਗਿਆ ਅਤੇ ਮੌਕੇ 'ਤੇ ਲੋਕਾਂ ਦੀ ਭਾਰੀ ਭੀੜ ਇਕੱਠੀ ਹੋ ਗਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਸਿਟੀ ਮੈਜਿਸਟ?ਰੇਟ ਅਤੁਲ ਗੁਪਤਾ ਸਮੇਤ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਜਹਾਜ਼ ਦਾ ਮੁਆਇਨਾ ਕੀਤਾ। ਸ਼ੁਰੂਆਤੀ ਜਾਂਚ ਵਿੱਚ ਹਾਦਸੇ ਦਾ ਕਾਰਨ ਕੋਈ ਤਕਨੀਕੀ ਨੁਕਸ ਦੱਸਿਆ ਜਾ ਰਿਹਾ ਹੈ ਅਤੇ ਪ੍ਰਸ਼ਾਸਨ ਨੇ ਮਾਮਲੇ ਦੀ ਪੂਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਦਿੱਲੀ ਦੇ ਪਹਿਲੇ ਦੌਰੇ ਦੌਰਾਨ ਕੇਰਲ ਮੁੱਖ ਮੰਤਰੀ ਸਤੀਸ਼ਨ ਨੇ ਸੋਨੀਆ ਅਤੇ ਰਾਹੁਲ ਨਾਲ ਕੀਤੀ ਮੁਲਾਕਾਤ

ਕੌਮੀ ਪਤ੍ਰਿਕਾ

ਨਵੀਂ ਦਿੱਲੀ/ਤਿਰੂਵਨੰਤਪੁਰਮ 24 ਮਈ। ਕੇਰਲ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਦਿੱਲੀ ਦੇ ਆਪਣੇ ਪਹਿਲੇ ਦੌਰੇ ਦੌਰਾਨ ਵੀ.ਡੀ. ਸਤੀਸ਼ਨ ਨੇ ਕਾਂਗਰਸ ਦੇ ਸੀਨੀਅਰ ਆਗੂਆਂ, ਜਿਨ੍ਹਾਂ ਵਿੱਚ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਮਲਿਕਾਰੁਜਨ ਖੜਗੇ ਸ਼ਾਮਲ ਸਨ, ਨਾਲ ਮੁਲਾਕਾਤ ਕੀਤੀ। ਆਪਣੀ ਫੇਰੀ ਦੌਰਾਨ ਸਤੀਸ਼ਨ ਨੇ ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ.ਸੀ. ਵੇਣੂਗੋਪਾਲ ਅਤੇ ਪਾਰਟੀ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨਾਲ ਵੀ ਮੁਲਾਕਾਤ ਕੀਤੀ। ਪਾਰਟੀ ਸੂਤਰਾਂ ਨੇ ਦੱਸਿਆ ਕਿ ਮੁੱਖ ਮੰਤਰੀ ਸ਼ੁੱਕਰਵਾਰ ਦੇਰ ਰਾਤ ਰਾਸ਼ਟਰੀ ਰਾਜਧਾਨੀ ਪਹੁੰਚੇ ਅਤੇ ਵਿਧਾਨ ਸਭਾ ਚੋਣ ਪ੍ਰਚਾਰ ਦੌਰਾਨ ਕਾਂਗਰਸ ਹਾਈਕਮਾਨ ਦੇ ਸਮਰਥਨ ਲਈ ਧੰਨਵਾਦ ਕੀਤਾ। ਸੂਤਰਾਂ ਅਨੁਸਾਰ, ਸੀਨੀਅਰ ਆਗੂਆਂ ਨਾਲ ਵਿਚਾਰ-ਵਟਾਂਦਰੇ ਮੁੱਖ ਤੌਰ 'ਤੇ ਸੰਗਠਨਾਤਮਕ ਮਾਮਲਿਆਂ ਅਤੇ ਕੇਰਲ ਵਿੱਚ ਨਵੀਂ ਬਣੀ ਯੂਨਾਈਟਿਡ ਡੈਮੋਕ੍ਰੇਟਿਕ



ਫਰੰਟ ਸਰਕਾਰ ਦੇ ਕੰਮਕਾਜ ਨਾਲ ਸਬੰਧਤ ਮੁੱਦਿਆਂ 'ਤੇ ਕੇਂਦ੍ਰਿਤ ਸਨ। ਇਹ ਦੌਰਾ ਅਜਿਹੇ ਸਮੇਂ ਹੋ ਰਿਹਾ ਹੈ, ਜਦੋਂ ਕੇਰਲ ਪ੍ਰਦੇਸ਼ ਕਾਂਗਰਸ ਕਮੇਟੀ (ਕੇਪੀਸੀਸੀ) ਲਈ ਨਵੇਂ ਪ੍ਰਧਾਨ ਦੀ ਚੋਣ ਨੂੰ ਲੈ ਕੇ ਪਾਰਟੀ ਦੇ ਅੰਦਰ ਚਰਚਾ ਚੱਲ ਰਹੀ ਹੈ। ਅਜਿਹੇ ਸੰਕੇਤ ਹਨ ਕਿ ਮੁੱਖ ਮੰਤਰੀ ਅਗਲੇ ਹਫ਼ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੀ ਮਿਲ ਸਕਦੇ ਹਨ, ਹਾਲਾਂਕਿ ਇਸਦੀ ਤੁਰੰਤ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ। ਇਸ ਤੋਂ ਪਹਿਲਾਂ ਸਤੀਸ਼ਨ ਦੇ ਦਿੱਲੀ ਪਹੁੰਚਣ 'ਤੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਵੱਡੀ ਗਿਣਤੀ ਵਿੱਚ ਸਮਰਥਕ ਉਨ੍ਹਾਂ ਦਾ ਸਵਾਗਤ ਕਰਨ ਲਈ ਦੇਰ ਰਾਤ ਨੂੰ ਕੇਰਲ ਹਾਊਸ ਵਿਖੇ ਇਕੱਠੇ ਹੋਏ। ਕਾਂਗਰਸ ਦੀ ਅਗਵਾਈ ਵਾਲੀ ਯੂਡੀਐਫ ਨੇ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਖੱਬੇ ਪੱਖੀ ਡੈਮੋਕ੍ਰੇਟਿਕ ਫਰੰਟ (ਐਲਡੀਐਫ) ਨੂੰ ਹਰਾ ਕੇ 10 ਸਾਲਾਂ ਦੇ ਅੰਤਰਾਲ ਤੋਂ ਬਾਅਦ ਕੇਰਲ ਵਿੱਚ ਸੱਤਾ ਵਿੱਚ ਵਾਪਸੀ ਕੀਤੀ।

## 'ਦੁਨੀਆ ਦਾ ਸਭ ਤੋਂ ਵੱਡਾ ਹਥਿਆਰ ਬਰਾਮਦਕਾਰ ਦੇਸ਼ ਬਣੇਗਾ ਭਾਰਤ..!' ; ਰਾਜਨਾਥ ਸਿੰਘ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨੈਸ਼ਨਲ ਡੈਸਕ 24 ਮਈ। ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼ਨੀਵਾਰ ਨੂੰ ਕਿਹਾ ਕਿ ਛੇਤੀ ਹੀ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਹਥਿਆਰ ਬਰਾਮਦਕਾਰ ਦੇਸ਼ ਬਣੇਗਾ। ਉਨ੍ਹਾਂ ਕਿਹਾ ਕਿ ਕੋਈ ਵੀ ਤਾਕਤ ਦੇਸ਼ ਨੂੰ ਅਗਲੇ 25-30 ਸਾਲਾਂ ਵਿਚ ਹਥਿਆਰਾਂ ਦਾ ਸਭ ਤੋਂ ਵੱਡਾ ਬਰਾਮਦਕਾਰ ਬਣਨ ਤੋਂ ਨਹੀਂ ਰੋਕ ਸਕਦੀ। ਪਹਿਲਾਂ ਭਾਰਤ ਨੂੰ ਹਥਿਆਰਾਂ ਦਾ ਦਰਾਮਦਕਾਰ ਸਮਝਿਆ ਜਾਂਦਾ ਸੀ। ਸ਼ਿਰਡੀ ਵਿਚ ਇਕ ਆਰਡੀਨੈਂਸ ਫੈਕਟਰੀ ਯੂਨਿਟ ਦਾ ਉਦਘਾਟਨ ਕਰਨ ਤੋਂ ਬਾਅਦ ਰਾਜਨਾਥ ਸਿੰਘ ਨੇ ਕਿਹਾ ਕਿ ਜੋ ਦੇਸ਼ ਆਪਣੇ ਹਥਿਆਰ ਖ਼ੁਦ ਬਣਾਉਂਦਾ ਹੈ, ਉਹ ਆਪਣਾ ਭਵਿੱਖ ਵੀ ਖ਼ੁਦ ਲਿਖਦਾ ਹੈ। ਉਨ੍ਹਾਂ ਕਿਹਾ ਕਿ ਕੁਝ ਸਾਲ ਪਹਿਲਾਂ ਰੱਖਿਆ ਉਤਪਾਦਨ ਵਿਚ ਨਿੱਜੀ ਕੰਪਨੀਆਂ ਦੀ ਭੂਮਿਕਾ ਨਾ ਦੇ ਬਰਾਬਰ ਸੀ, ਜੋ ਹੁਣ 25-30 ਫ਼ੀਸਦੀ ਹੋ ਗਈ ਹੈ, ਜਦਕਿ ਸਰਕਾਰ ਨੇ ਇਸ ਨੂੰ ਹੋਰ ਵਧਾ



ਕੇ 50 ਫ਼ੀਸਦੀ ਕਰਨ ਦਾ ਟੀਚਾ ਰੱਖਿਆ ਹੈ। ਉਨ੍ਹਾਂ ਕਿਹਾ ਕਿ ਨਿੱਜੀ ਖੇਤਰ ਦੀ ਭਾਗੀਦਾਰੀ ਰੱਖਿਆ ਖੇਤਰ ਵਿਚ ਸਿਰਫ ਨਟ-ਬੋਲਟ ਦੀ ਸਪਲਾਈ ਕਰਨ ਤੱਕ ਹੀ ਸੀਮਤ ਨਹੀਂ ਹੈ, ਸਗੋਂ ਉਹ ਅਤਿ-ਆਧੁਨਿਕ ਹਥਿਆਰ ਪ੍ਰਣਾਲੀਆਂ ਦਾ ਨਿਰਮਾਤਾ ਵੀ ਹੈ। ਰਾਜਨਾਥ ਸਿੰਘ ਨੇ ਕਿਹਾ ਕਿ ਜਦੋਂ ਸਰਕਾਰ ਦੀ ਦੂਰਅੰਦੇਸ਼ੀ ਅਤੇ ਨਿੱਜੀ ਖੇਤਰ ਦੀ ਨਵੀਨਤਾ ਇਕੱਠੇ ਮਿਲਦੇ ਹਨ, ਉਦੋਂ ਹੀ ਦੇਸ਼ ਨਵੀਆਂ ਬੁਲੰਦੀਆਂ 'ਤੇ ਪਹੁੰਚਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਨੂੰ ਗੋਲਾ-ਬਾਰੂਦ ਅਤੇ ਆਟੋਮੇਸ਼ਨ ਦਾ ਕੇਂਦਰ ਬਣਾਉਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਰਣਨੀਤਕ ਭਾਈਵਾਲੀ ਮਾਡਲ ਲਾਗੂ ਕੀਤਾ ਹੈ ਅਤੇ 5,000 ਵਸਤੂਆਂ ਦੀ ਇਕ ਸਕਾਰਾਤਮਕ ਸਵਦੇਸ਼ੀਕਰਨ ਸੂਚੀ ਤਿਆਰ ਕੀਤੀ ਹੈ, ਜਿਸ ਦੇ ਤਹਿਤ ਹਥਿਆਰਬੰਦ ਫੋਰਸ ਲਈ ਇਹ ਸਾਰੀਆਂ ਵਸਤੂਆਂ ਭਾਰਤ ਵਿਚੋਂ ਹੀ ਖਰੀਦਣੀਆਂ ਲਾਜ਼ਮੀ ਕਰ ਦਿੱਤੀਆਂ ਗਈਆਂ ਹਨ।

# ਹਲਕਾ ਦਾਖਾ ਦੇ ਅਕਾਲੀ ਆਗੂ ਖ਼ਿਲਾਫ਼ ਹੋ ਗਈ ਵੱਡੀ ਕਾਰਵਾਈ

**ਕੌਮੀ ਪਤ੍ਰਿਕਾ**

ਚੰਡੀਗੜ੍ਹ 24 ਮਈ। ਮੋਹਾਲੀ ਦੇ ਸੈਕਟਰ-70 ਸਥਿਤ 'ਹੋਮਲੈਂਡ ਹਾਈਟਸ' ਵਿੱਚ ਇੱਕ ਸਾਢੇ 14 ਸਾਲ ਦੀ ਨਾਬਾਲਗ ਕੁੜੀ ਨਾਲ ਜਿਣਸੀ ਸ਼ੋਸ਼ਣ ਕਰਨ, ਉਸ ਨੂੰ ਬੰਧਕ ਬਣਾ ਕੇ ਬੇਰਹਿਮੀ ਨਾਲ ਕੁੱਟਮਾਰ ਕਰਨ ਅਤੇ ਗੈਂਗਸਟਰਾਂ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦਾ ਇੱਕ ਬੇਹੱਦ ਸੰਵੇਦਨਸ਼ੀਲ ਤੇ ਹਾਈ-ਪ੍ਰੋਫਾਈਲ ਮਾਮਲਾ ਸਾਹਮਣੇ ਆਇਆ ਹੈ। ਮਟੌਰ ਥਾਣਾ ਪੁਲਸ ਨੇ ਪੀੜਤ ਕੁੜੀ ਦੇ ਪਿਤਾ ਪਰਮਿੰਦਰ ਸਿੰਘ (ਵਾਸੀ ਪਿੰਡ ਬੀਰਮੀ, ਲੁਧਿਆਣਾ) ਦੀ ਸ਼ਿਕਾਇਤ 'ਤੇ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਦਾਖਾ ਦੇ ਇੰਚਾਰਜ ਜਸਕਰਨਜੀਤ ਸਿੰਘ ਦਿਓਲ ਖ਼?ਲਾਫ਼ ਬਲਾਤਕਾਰ, ਅਗਵਾ ਅਤੇ ਪੋਕਸੋ ਐਕਟ ਦੀਆਂ ਸੰਗੀਨ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਐਫ.ਆਈ.ਆਰ. ਮੁਤਾਬਕ ਪਿਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਜਸਕਰਨਜੀਤ ਸਿੰਘ ਦਿਓਲ ਨੇ ਪਹਿਲਾਂ ਪਰਿਵਾਰ ਦੇ ਭਰੋਸੇ ਦਾ ਨਾਜਾਇਜ਼ ਫਾਇਦਾ ਉਠਾ ਕੇ ਉਸ ਦੀ ਪਤਨੀ ਨੂੰ ਆਪਣੇ ਜਾਲ ਵਿੱਚ ਫਸਾਇਆ ਅਤੇ ਉਸ ਨਾਲ ਨਜਾਇਜ਼ ਸੰਬੰਧ ਬਣਾ ਲਏ। ਇਸ ਤੋਂ ਬਾਅਦ ਉਹ ਅਕਤੂਬਰ 2024 ਵਿੱਚ ਉਹਨਾਂ ਨੂੰ ਵਰਗਲਾ ਕੇ ਮੋਹਾਲੀ ਦੇ ਇੱਕ ਫਲੈਟ ਵਿੱਚ ਲੈ ਆਇਆ, ਜਿੱਥੇ ਉਸ ਦੀਆਂ ਦੋਵੇਂ ਧੀਆਂ ਵੀ ਰਹਿ ਰਹੀਆਂ ਸਨ। ਪਿਤਾ ਅਨੁਸਾਰ ਮੁਲਜ਼ਮ ਨੇ ਪਹਿਲਾਂ ਉਸ ਦਾ ਹੱਸਦਾ-ਖੇਡਦਾ ਘਰ ਬਰਬਾਦ ਕੀਤਾ ਅਤੇ ਫਿਰ ਉਸ ਦੀ ਨਾਬਾਲਗ ਧੀ 'ਤੇ ਵੀ ਮਾੜੀ ਨੀਅਤ ਰੱਖਣੀ ਸ਼ੁਰੂ ਕਰ ਦਿੱਤੀ।




ਸ਼ਿਕਾਇਤ ਵਿੱਚ ਦੱਸਿਆ ਗਿਆ ਹੈ ਕਿ ਉਕਤ ਮੁਲਜ਼ਮ ਵੱਲੋਂ ਜਦੋਂ ਨਾਬਾਲਗ ਕੁੜੀ ਨੂੰ ਸਕੂਲ ਦੇ ਹੋਸਟਲ ਤੋਂ ਘਰ ਵਾਪਸ ਲਿਆਂਦਾ ਜਾ ਰਿਹਾ ਸੀ, ਤਾਂ ਮੁਲਜ਼ਮ ਉਸ ਨੂੰ ਘਰ ਲਿਜਾਣ ਦੀ ਬਜਾਏ ਜ਼ਬਰਦਸਤੀ ਇੱਕ ਹੋਟਲ ਵਿੱਚ ਲੈ ਗਿਆ, ਜਿੱਥੇ ਉਸ ਨੇ ਮਾਸੂਮ ਕੁੜੀ ਨਾਲ ਅਸ਼ਲੀਲ ਹਰਕਤਾਂ ਕਰਦਿਆਂ ਉਸ ਦਾ ਜਿਣਸੀ ਸ਼ੋਸ਼ਣ ਕੀਤਾ। ਕੁੜੀ ਵੱਲੋਂ ਵਿਰੋਧ ਕਰਨ 'ਤੇ ਮੁਲਜ਼ਮ ਨੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਅਤੇ ਧਮਕਾਇਆ ਕਿ ਜੇਕਰ ਕਿਸੇ ਨੂੰ ਦੱਸਿਆ ਤਾਂ ਉਹ ਉਸ ਦੇ ਪਿਤਾ ਨੂੰ ਕੈਨੇਡਾ ਬੈਠੇ ਗੈਂਗਸਟਰਾਂ ਤੋਂ ਮਰਵਾ ਦੇਵੇਗਾ। ਮੁਲਜ਼ਮ ਦੇ ਡਰ ਅਤੇ ਤਸ਼ੱਦਦ ਤੋਂ ਤੰਗ ਆ ਕੇ 9 ਮਈ ਨੂੰ ਪੀੜਤ ਕੁੜੀ ਕਿਸੇ ਤਰ੍ਹਾਂ ਆਪਣੇ ਪਿਤਾ ਕੋਲ ਪਹੁੰਚੀ ਅਤੇ ਰੋਂਦੇ ਹੋਏ ਸਾਰੀ ਹੱਡਬੀਤੀ ਸੁਣਾਈ। ਹੈਰਾਨੀਜਨਕ ਖੁਲਾਸਾ ਕਰਦਿਆਂ ਸ਼ਿਕਾਇਤਕਰਤਾ ਪਿਤਾ ਪਰਮਿੰਦਰ ਸਿੰਘ ਨੇ ਦੱਸਿਆ ਕਿ ਉਸ ਦੀ ਨਾਬਾਲਗ ਧੀ ਨੇ ਉਸ ਨੂੰ ਜਾਣਕਾਰੀ ਦਿੱਤੀ ਸੀ ਕਿ ਉਸ ਦੀ ਮਾਂ ਅਤੇ ਜਸਕਰਨਜੀਤ ਸਿੰਘ ਦਿਓਲ ਦੇ ਕਥਿਤ ਨਾਜਾਇਜ਼ ਸੰਬੰਧਾਂ ਕਾਰਨ ਇੱਕ ਬੱਚੀ ਦਾ ਜਨਮ ਹੋਇਆ ਸੀ, ਜਿਸਨੂੰ ਸਮਾਜ ਤੋਂ ਲੁਕਾ ਕੇ ਰੱਖਿਆ ਗਿਆ। ਸ਼ਿਕਾਇਤਕਰਤਾ ਨੇ ਇਹ ਵੀ ਦੋਸ਼ ਲਾਏ ਹਨ ਕਿ ਨਾ ਤਾਂ ਜਸਕਰਨਜੀਤ ਸਿੰਘ ਦਿਓਲ ਦਾ ਆਪਣੀ ਪਤਨੀ ਨਾਲ ਕਾਨੂੰਨੀ ਤੌਰ 'ਤੇ ਤਲਾਕ ਹੋਇਆ ਹੈ ਅਤੇ ਨਾ ਹੀ ਪੀੜਤ ਲੜਕੀ ਦੀ ਮਾਂ ਦਾ ਮੇਰੇ (ਪਰਮਿੰਦਰ ਸਿੰਘ) ਨਾਲ ਡਿਵੋਰਸ ਹੋਇਆ ਹੈ। ਦੱਸਣਯੋਗ ਹੈ ਕਿ ਜਿਸ ਔਰਤ ਨਾਲ ਦਿਓਲ ਕਥਿਤ ਗੈਰ-ਕਾਨੂੰਨੀ ਤੌਰ 'ਤੇ ਰਹਿ ਰਿਹਾ ਸੀ, ਉਹ ਹਲਕਾ ਦਾਖਾ ਦੇ ਪਿੰਡ ਬੀਰਮੀ ਦੀ ਹੈ ਅਤੇ ਉਸ ਦੇ ਦੋ ਬੱਚੇ ਹਨ। ਦੂਜੇ ਪਾਸੇ, ਮੁਲਜ਼ਮ ਜਸਕਰਨ ਦਿਓਲ ਦੀ ਆਪਣੀ ਪਤਨੀ (ਜਿਸ ਤੋਂ ਉਸਦੇ ਦੋ ਬੱਚੇ ਹਨ) ਉਹ ਵੀ ਹਲਕਾ ਦਾਖਾ ਦੇ ਹੀ ਪਿੰਡ ਸਹੌਲੀ ਦੀ ਰਹਿਣ ਵਾਲੀ ਹੈ। ਇਸ ਤੋਂ ਬਾਅਦ ਪਿਤਾ ਪਰਮਿੰਦਰ ਸਿੰਘ ਵੱਲੋਂ ਪੁਲਸ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ। ਮਟੌਰ ਥਾਣਾ ਪੁਲਸ ਨੇ ਭਾਰਤੀ ਨਿਆਂ ਸੰਹਿਤਾ ਅਤੇ ਪੋਕਸੋ ਐਕਟ ਦੀ ਧਾਰਾ ਬੇਰਹਿਮੀ ਨਾਲ ਕੁੱਟਮਾਰ ਕੀਤੀ ਅਤੇ ਧਮਕਾਇਆ ਕਿ ਜੇਕਰ ਕਿਸੇ ਨੂੰ ਦੱਸਿਆ ਤਾਂ ਉਹ ਉਸ ਦੇ ਪਿਤਾ ਨੂੰ ਕੈਨੇਡਾ ਬੈਠੇ ਗੈਂਗਸਟਰਾਂ ਤੋਂ ਮਰਵਾ ਦੇਵੇਗਾ। ਮੁਲਜ਼ਮ ਦੇ ਡਰ ਅਤੇ ਤਸ਼ੱਦਦ ਤੋਂ ਤੰਗ ਆ ਕੇ 9 ਮਈ ਨੂੰ ਪੀੜਤ ਕੁੜੀ ਕਿਸੇ ਤਰ੍ਹਾਂ ਆਪਣੇ ਪਿਤਾ ਕੋਲ ਪਹੁੰਚੀ ਅਤੇ ਰੋਂਦੇ ਹੋਏ ਸਾਰੀ ਹੱਡਬੀਤੀ ਸੁਣਾਈ। ਹੈਰਾਨੀਜਨਕ ਖੁਲਾਸਾ ਕਰਦਿਆਂ ਸ਼ਿਕਾਇਤਕਰਤਾ ਪਿਤਾ ਪਰਮਿੰਦਰ ਸਿੰਘ 6 ਤਹਿਤ ਮਾਮਲਾ ਦਰਜ ਕਰਦੇ ਹੋਏ ਤੁਰੰਤ ਕਾਰਵਾਈ ਕਰਕੇ ਮੁਲਜ਼ਮ ਜਸਕਰਨਜੀਤ ਸਿੰਘ ਦਿਓਲ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦੱਸਣਯੋਗ ਹੈ ਕਿ ਜਿਸ ਔਰਤ ਨਾਲ ਦਿਓਲ ਕਥਿਤ ਗੈਰ-ਕਾਨੂੰਨੀ ਤੌਰ 'ਤੇ ਰਹਿ ਰਿਹਾ ਸੀ, ਉਹ ਹਲਕਾ ਦਾਖਾ ਦੇ ਪਿੰਡ ਬੀਰਮੀ ਦੀ ਹੈ ਅਤੇ ਉਸ ਦੇ ਦੋ ਬੱਚੇ ਹਨ। ਦੂਜੇ ਪਾਸੇ, ਮੁਲਜ਼ਮ ਜਸਕਰਨ ਦਿਓਲ ਦੀ ਆਪਣੀ ਪਤਨੀ (ਜਿਸ ਤੋਂ ਉਸਦੇ ਦੋ ਬੱਚੇ ਹਨ) ਉਹ ਵੀ ਹਲਕਾ ਦਾਖਾ ਦੇ ਹੀ ਪਿੰਡ ਸਹੌਲੀ ਦੀ ਰਹਿਣ ਵਾਲੀ ਹੈ।

# ਇਨ੍ਹਾਂ ਵਾਹਨਾਂ 'ਤੇ ਮੁਕੰਮਲ ਪਾਬੰਦੀ ਦੇ ਹੁਕਮ, ਸੜਕਾਂ/ਜਨਤਕ ਥਾਵਾਂ 'ਤੇ ਚਲਾਉਣ ਦੀ ਮਨਾਹੀ

**ਕੌਮੀ ਪਤ੍ਰਿਕਾ**

ਤਰਨਤਾਰਨ 24 ਮਈ। ਜ਼ਿਲਾ ਮੈਜਿਸਟ?ਰੇਟ ਰਾਹੁਲ ਨੇ ਜਨਤਕ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ 'ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023' ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਤਰਨਤਾਰਨ ਦੀ ਹਦੂਦ ਅੰਦਰ ਕਿਸੇ ਵਾਹਨ ਦੇ ਮੂਲ ਰੂਪ ਵਿਚ ਤਬਦੀਲੀ, ਸੋਧ ਜਾਂ ਨਿਰਮਾਣ ਕਰਨ ਅਤੇ ਅਜਿਹੇ ਗੈਰ-ਵਰਗੀਕ੍ਰਿਤ ਤੇ ਗੈਰ-ਕਾਨੂੰਨੀ ਤੌਰ 'ਤੇ ਸੋਧੇ ਵਾਹਨਾਂ (ਮੋਡੀਫਾਈਡ ਵਾਹਨ) ਨੂੰ ਤਰਨਤਾਰਨ ਦੀਆਂ ਸੜਕਾਂ/ਜਨਤਕ ਥਾਵਾਂ 'ਤੇ ਚਲਾਉਣ ਦੀ ਮੁਕੰਮਲ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਸੈਕਟਰੀ, ਟਰਾਂਸਪੋਰਟ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਪੱਤਰ ਅਨੁਸਾਰ ਰਾਜ ਵਿਚ ਗੈਰ-ਵਰਗੀਕ੍ਰਿਤ ਅਤੇ ਗੈਰ-ਕਾਨੂੰਨੀ ਤੌਰ 'ਤੇ ਸੋਧੇ ਹੋਏ ਵਾਹਨ, ਜਿਵੇਂ ਕਿ ਜੁਗਾੜੂ ਰੇਹੜੀਆਂ/ਪੀਟਰ ਰੇਹੜੀਆਂ ਆਦਿ, ਜਨਤਕ ਸੜਕਾਂ 'ਤੇ ਚੱਲ ਰਹੇ ਹਨ, ਜੋ ਮੋਟਰ ਵਾਹਨ ਐਕਟ 1988 ਅਤੇ ਸੜਕ ਸੁਰੱਖਿਆ ਮਾਪਦੰਡਾਂ ਦੀ ਸਿੱਧੀ ਉਲੰਘਣਾ ਹੈ। ਇਸ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਅਜਿਹੇ ਵਾਹਨਾਂ ਨੂੰ ਸੜਕਾਂ/ਜਨਤਕ ਥਾਵਾਂ 'ਤੇ ਚਲਾਉਣ ਦੀ ਮਨਾਹੀ ਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਸੀਨੀਅਰ ਪੁਲਸ ਕਪਤਾਨ (ਐੱਸ.ਐੱਸ.ਪੀ.) ਤਰਨਤਾਰਨ ਵੱਲੋਂ ਵੀ ਪੱਤਰ ਪ੍ਰਾਪਤ ਹੋਇਆ ਹੈ ਕਿ ਜ਼ਿਲਾ ਤਰਨਤਾਰਨ ਵਿਚ ਕੁਝ ਥਾਵਾਂ 'ਤੇ ਗੈਰ-ਕਾਨੂੰਨੀ ਤਰੀਕੇ ਨਾਲ



ਮੋਡੀਫਾਈ ਕੀਤੇ ਗਏ ਵਾਹਨਾਂ ਦੀ ਗਿਣਤੀ ਵਿਚ ਦਿਨੋ-ਦਿਨ ਵਾਧਾ ਹੋ ਰਿਹਾ ਹੈ, ਜਿਸ ਨਾਲ ਜਨਤਕ ਸੁਰੱਖਿਆ ਅਤੇ ਟ?ਰੈਫਿਕ ਸਮੱਸਿਆਵਾਂ ਸਮੇਤ ਸੜਕ ਹਾਦਸੇ (ਰੋਡ ਐਕਸੀਡੈਂਟ) ਵਧ ਗਏ ਹਨ। ਇਸ ਲਈ ਉਨ੍ਹਾਂ ਵੱਲੋਂ ਅਜਿਹੇ ਵਾਹਨਾਂ ਨੂੰ ਮੋਡੀਫਾਈ/ਨਿਰਮਾਣ ਕਰਨ 'ਤੇ ਰੋਕ ਲਗਾਉਣ ਲਈ ਬੇਨਤੀ ਕੀਤੀ ਗਈ ਸੀ। ਇਹ ਹੁਕਮ ਮਿਤੀ 14-07-2026 ਤੱਕ ਲਾਗੂ ਰਹਿਣਗੇ।

## ਬਠਿੰਡਾ-ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਵੱਡਾ ਹਾਦਸਾ, ਨੂੰਹ-ਸਹੁਰੇ ਦੀ ਦਰਦਨਾਕ ਮੌਤ

ਕੋਟਕਪੂਰਾ 24 ਮਈ। ਸਥਾਨਕ ਬਠਿੰਡਾ-ਸ੍ਰੀ ਅੰਮ੍ਰਿਤਸਰ ਸਾਹਿਬ ਨੈਸ਼ਨਲ ਹਾਈਵੇ 'ਤੇ ਸ਼ਾਮ ਸਮੇਂ ਵਾਪਰੇ ਇਕ ਭਿਆਨਕ ਹਾਦਸੇ 'ਚ ਨੂੰਹ-ਸਹੁਰੇ ਦੀ ਦਰਦਨਾਕ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਸਿੱਖਾਂ ਵਾਲਾ ਦਾ ਵਸਨੀਕ ਗੁਰਜੰਟ ਸਿੰਘ (65) ਪੁੱਤਰ ਸਰਬਣ ਸਿੰਘ, ਆਪਣੀ ਨੂੰਹ ਨਵਦੀਪ ਕੌਰ (34) ਸਮੇਤ ਕੋਟਕਪੂਰਾ ਤੋਂ ਆਪਣੇ ਪਿੰਡ ਸਿੱਖਾਂ ਵਾਲਾ ਨੂੰ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਹੇ ਸਨ। ਜਿਉਂ ਹੀ ਹਾਈਵੇ ''ਤੇ ਚੜ੍ਹ ਕੇ ਆਪਣੇ ਸਿੱਖਾਂ ਵਾਲਾ ਨੂੰ ਜਾਣ ਲੱਗੇ ਤਾਂ ਬਠਿੰਡਾ ਵਾਲੇ ਪਾਸਿਓਂ ਆ ਰਹੀ ਇਕ ਤੇਜ਼ ਰਫ਼ਤਾਰ ਕਾਰ ਨਾਲ ਅਚਾਨਕ ਹਾਦਸਾ ਵਾਪਰ ਗਿਆ। ਇਸ ਕਾਰਨ ਨਵਜੋਤ ਕੌਰ ਦੇ ਬਹੁਤ ਜ਼ਿਆਦਾ ਸੱਟਾਂ ਵੱਜੀਆਂ। ਦੋਵਾਂ ਨੂੰ ਜ਼ਖ਼ਮੀ ਹਾਲਤ 'ਚ ਉਚੇਰੇ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫ਼ਰੀਦਕੋਟ ਵਿਖੇ ਲਿਜਾਇਆ ਗਿਆ, ਜਿੱਥੇ ਕਿ ਡਾਕਟਰਾਂ ਨੇ ਨਵਦੀਪ ਕੌਰ ਨੂੰ ਮ੍ਰਿਤਕ ਐਲਾਨ ਦਿੱਤਾ, ਜਦ ਕਿ ਇਲਾਜ ਦੌਰਾਨ ਕੁਝ ਘੰਟਿਆਂ ਪਿੱਛੋਂ ਜ਼ਖ਼ਮਾਂ ਦੀ ਤਾਬ ਨਾ ਝੱਲਦੇ ਹੋਏ ਗੁਰਜੰਟ ਸਿੰਘ ਦੀ ਵੀ ਮੌਤ ਹੋ ਗਈ। ਅਚਾਨਕ ਹੋਈ ਮੌਤ ਕਾਰਨ ਪਿੰਡ 'ਚ ਸੋਗ ਦਾ ਮਾਹੌਲ ਹੈ। ਮ੍ਰਿਤਕਾ ਨਵਦੀਪ ਕੌਰ ਇਕ ਤਿੰਨ ਸਾਲਾਂ ਦੇ ਮਾਸੂਮ ਬੱਚੇ ਦੀ ਮਾਂ ਸੀ ਅਤੇ ਇਕ ਨਿੱਜੀ ਸੰਸਥਾ 'ਚ ਪੜ੍ਹਾਉਂਦੀ ਸੀ, ਜਦ ਕਿ ਉਸ ਦਾ ਸਹੁਰਾ ਖੇਤੀਬਾੜੀ ਕਰਦਾ ਸੀ। ਇਸ ਸਬੰਧ 'ਚ ਮ੍ਰਿਤਕ ਗੁਰਜੰਟ ਸਿੰਘ ਦੇ ਪੁੱਤਰ ਖੁਸ਼ਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਸ਼ਹਿਰੀ ਪੁਲਸ ਕੋਟਕਪੂਰਾ ਨੇ ਕਾਰ ਦੇ ਡਰਾਈਵਰ ਬਲਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਮਲੋਟ ਵਿਰੁੱਧ ਮਾਮਲਾ ਦਰਜ ਕਰਕੇ ਪੜਤਾਲ ਆਰੰਭ ਦਿੱਤੀ ਹੈ।

## ਕਾਂਗਰਸ ਦੇ ਦਫ਼ਤਰ 'ਚੋਂ 73 ਟੂਟੀਆਂ ਚੋਰੀ !

ਨੈਸ਼ਨਲ ਡੈਸਕ 24 ਮਈ। ਛੱਤੀਸਗੜ੍ਹ ਦੇ ਅੰਬਿਕਾਪੁਰ ਸਥਿਤ ਕਾਂਗਰਸ ਦਫ਼ਤਰ 'ਰਾਜੀਵ ਭਵਨ' ਵਿੱਚ ਚੋਰੀ ਦੀ ਇੱਕ ਬੇਹੱਦ ਅਜੀਬ ਘਟਨਾ ਸਾਹਮਣੇ ਆਈ ਹੈ। ਚੋਰਾਂ ਨੇ ਨਾ ਸਿਰਫ਼ ਦਫ਼ਤਰ ਵਿੱਚੋਂ 73 ਟੂਟੀਆਂ ਚੋਰੀ ਕੀਤੀਆਂ, ਸਗੋਂ ਜਾਂਦੇ ਹੋਏ ਵਾਸ਼ਰੂਮ ਦੇ ਧੂੜ ਭਰੇ ਫਰਸ਼ 'ਤੇ ਆਪਣੇ ਹੱਥ ਨਾਲ I Love Ambikapur ਲਿਖ ਕੇ ਪੁਲਸ ਅਤੇ ਕਾਨੂੰਨ ਵਿਵਸਥਾ ਨੂੰ ਖੁੱਲ੍ਹੀ ਚੁਣੌਤੀ ਵੀ ਦਿੱਤੀ ਹੈ। ਜ਼ਿਲ੍ਹਾ ਕਾਂਗਰਸ ਪ੍ਰਧਾਨ ਬਾਲਕ੍ਰਿਸ਼ਨ ਪਾਠਕ ਅਨੁਸਾਰ, ਇਹ ਘਟਨਾ 14 ਅਤੇ 15 ਮਈ ਦੀ ਦਰਮਿਆਨੀ ਰਾਤ ਨੂੰ ਵਾਪਰੀ। ਚੋਰਾਂ ਨੇ ਦਫ਼ਤਰ ਦੀ ਛੱਤ ਰਾਹੀਂ ਅੰਦਰ ਪ੍ਰਵੇਸ਼ ਕੀਤਾ ਅਤੇ ਵੱਖ-ਵੱਖ ਵਾਸ਼ਰੂਮਾਂ ਵਿੱਚ ਲੱਗੇ 73 ਟੂਟੀਆਂ ਲਾਹ ਲਈਆਂ। ਚੋਰਾਂ ਨੇ ਸਿਰਫ਼ ਚੋਰੀ ਹੀ ਨਹੀਂ ਕੀਤੀ, ਸਗੋਂ ਵਾਸ਼ਰੂਮਾਂ ਵਿੱਚ ਲੱਗੇ ਵਾਸ਼ ਬੇਸਿਨ, ਕਮੋਡ ਫਲੱਸ਼ ਸਿਸਟਮ ਅਤੇ ਪਾਣੀ ਦੀਆਂ ਪਾਈਪਲਾਈਨਾਂ ਦੀ ਵੀ ਬੁਰੀ ਤਰ੍ਹਾਂ ਭੰਨਤੋੜ ਕੀਤੀ। ਦੱਸਿਆ ਜਾ ਰਿਹਾ ਹੈ ਕਿ ਉਨ੍ਹਾਂ ਨੇ ਸੀੜ੍ਹੀਆਂ 'ਤੇ ਲੱਗੀ ਸਟੀਲ ਦੀ ਗਰਿੱਲ ਨੂੰ ਵੀ ਉਖਾੜਨ ਦੀ ਕੋਸ਼ਿਸ਼ ਕੀਤੀ ਸੀ, ਪਰ ਭਾਰੀ ਹੋਣ ਕਾਰਨ ਉਸ ਨੂੰ ਉੱਥੇ ਹੀ ਛੱਡ ਕੇ ਫਰਾਰ ਹੋ ਗਏ। ਚੋਰੀ ਦਾ ਖੁਲਾਸਾ 15 ਮਈ ਦੀ ਸਵੇਰ ਨੂੰ ਹੋਇਆ ਜਦੋਂ ਦਫ਼ਤਰ ਦੇ ਕੇਅਰਟੇਕਰ ਨੇ ਰਾਜੀਵ ਭਵਨ ਦਾ ਤਾਲਾ ਖੋਲ੍ਹਿਆ। ਅੰਦਰ ਦਾ ਨਜ਼ਾਰਾ ਦੇਖ ਕੇ ਸਭ ਦੇ ਹੋਸ਼ ਉੱਡ ਗਏ। ਕਾਂਗਰਸੀ ਆਗੂਆਂ ਅਨੁਸਾਰ, ਪਿਛਲੇ ਕੁਝ ਮਹੀਨਿਆਂ ਵਿੱਚ ਇਸ ਦਫ਼ਤਰ ਵਿੱਚ ਚੋਰੀ ਦੀ ਇਹ ਤੀਜੀ ਘਟਨਾ ਹੈ। ਇਸ ਤਾਜ਼ਾ ਵਾਰਦਾਤ ਕਾਰਨ ਪਾਰਟੀ ਨੂੰ 80,000 ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ। ਕਾਂਗਰਸ ਪ੍ਰਧਾਨ ਨੇ ਦੋਸ਼ ਲਾਇਆ ਕਿ ਸ਼ਹਿਰ ਵਿੱਚ ਨਸ਼ੇੜੀਆਂ ਅਤੇ ਅਸਮਾਜਿਕ ਤੱਤਾਂ ਦਾ ਦਬਦਬਾ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਸ ਦੀ ਰਾਤ ਦੀ ਗਸ਼ਤ ਸਿਰਫ਼ ਕਾਗਜ਼ਾਂ ਤੱਕ ਸੀਮਤ ਹੈ ਅਤੇ ਪੁਲਸ ਮੁਲਾਜ਼ਮ ਜ਼ਿਆਦਾਤਰ ਵੀਆਈਪੀ ਡਿਊਟੀ ਵਿੱਚ ਰੁੱਝੇ ਰਹਿੰਦੇ ਹਨ।

# ਦਵਾਈ ਲੈਣ ਜਾ ਰਹੇ ਫ਼ੌਜੀਆਂ ਲਈ 'ਕਾਲ' ਬਣੀ ਤੇਜ਼ ਰਫ਼ਤਾਰ ਕਾਰ, ਹਾਈਵੇਅ 'ਤੇ ਵਾਪਰਿਆ ਵੱਡਾ ਹਾਦਸਾ

**ਕੌਮੀ ਪਤ੍ਰਿਕਾ**

ਕਰਤਾਰਪੁਰ 24 ਮਈ। ਮੁੱਖ ਰਾਸ਼ਟਰੀ ਰਾਜਮਾਰਗ ਨੰ. 1 ਕਰਤਾਰਪੁਰ-ਦਿਆਲਪੁਰ ਵਿਚਕਾਰ ਬ੍ਰਦਰ ਢਾਬੇ ਨੇੜੇ ਸ਼ਨੀਵਾਰ ਸ਼ਾਮ ਨੂੰ ਹੋਏ ਭਿਆਨਕ ਸੜਕ ਹਾਦਸੇ 'ਚ 2 ਵਿਅਕਤੀਆਂ ਦੀ ਮੌਤ ਹੋ ਗਈ। ਇਨ੍ਹਾਂ 'ਚੋਂ ਇਕ ਫੌਜ 'ਚੋਂ ਰਿਟਾਇਰ ਨਾਇਕ ਸੀ ਤੇ ਦੂਸਰਾ ਸੂਬੇਦਾਰ ਬਲਰਾਮ ਸਿੰਘ ਯੂਨਿਟ 16 ਗਾਰਡ ਸੂਰਾਨੁੱਸੀ 'ਚ ਤਾਇਨਾਤ ਸੀ। ਇਸ ਸਬੰਧੀ ਬਲਵਿੰਦਰ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਖੋਜਕੀਪੁਰ ਥਾਣਾ ਵੈਰੋਵਾਲ ਜ਼ਿਲਾ ਤਰਨਤਾਰਨ ਨੇ ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਉਸ ਦਾ ਲੜਕਾ ਰਾਜਵਿੰਦਰ ਸਿੰਘ ਉਰਫ ਸੋਨੀ, ਜੋ ਕਿ ਫੌਜ 'ਚ ਨਾਇਕ ਦੇ ਅਹੁਦੇ ਤੋਂ ਰਿਟਾਇਰ ਸੀ ਤੇ ਹੁਣ ਮੌਜੂਦਾ ਸਮੇਂ ਕੇਂਦਰੀ ਵਿਦਿਆਲਾ 'ਚ ਸਕਿਓਰਿਟੀ ਗਾਰਡ ਦੀ ਨੌਕਰੀ ਕਰਦਾ ਸੀ। ਬੀਤੀ ਰਾਤ ਉਸ ਦੇ ਲੜਕੇ ਬਲਵਿੰਦਰ ਸਿੰਘ ਨੇ ਫੋਨ 'ਤੇ ਦੱਸਿਆ ਕਿ ਉਸ ਨੇ ਸਵੇਰੇ ਬਿਆਸ ਦੇ ਆਰਮੀ ਹਸਪਤਾਲ ਤੋਂ ਦਵਾਈ ਲੈਣ ਜਾਣਾ ਹੈ ਤੇ ਅੱਜ ਸਵੇਰੇ ਉਹ ਮੋਟਰਸਾਈਕਲ 'ਤੇ ਦਵਾਈ ਲੈਣ ਜਾ ਰਿਹਾ ਸੀ ਤੇ ਉਸ ਨੂੰ ਪਤਾ ਲੱਗਾ ਕਿ ਫੌਜ 'ਚ ਸੂਬੇਦਾਰ





ਬਲਰਾਮ ਸਿੰਘ, ਜਿਸ ਨੇ ਵੀ ਆਰਮੀ ਹਸਪਤਾਲ ਬਿਆਸ ਤੋਂ ਦਵਾਈ ਲੈਣੀ ਸੀ, ਦੇ ਲੜਕੇ ਨਾਲ ਮੋਟਰਸਾਈਕਲ 'ਤੇ ਲਿਫਟ ਲੈ ਕੇ ਚਲਾ ਗਿਆ। ਕਰਤਾਰਪੁਰ ਤੋਂ ਕਰੀਬ ਦੋ ਕਿਲੋਮੀਟਰ ਦੂਰ ਜੀ. ਟੀ. ਰੋਡ 'ਤੇ ਬ੍ਰਦਰ ਢਾਬੇ ਨੇੜੇ ਪੁੱਜੇ ਤਾਂ ਪਿਛਿਓਂ ਇਕ ਤੇਜ਼ ਰਫ਼ਤਾਰ ਕਾਰ ਨੰ. ਪੀ. ਬੀ. 02 ਈ. ਪੀ. 9276 (ਅਮੇਜ) ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਰਾਜਵਿੰਦਰ ਸਿੰਘ ਮੇਨ ਹਾਈਵੇ 'ਤੇ ਰਾਂਗ ਪਾਰਕਿੰਗ 'ਤੇ ਖੜ੍ਹੇ ਇਕ 14 ਟਾਇਰੀ ਟਰਾਲੇ ਦੇ ਟਾਇਰਾਂ 'ਚ ਵੱਜ ਕੇ ਗੰਭੀਰ ਜ਼ਖਮੀ ਹੋ ਗਿਆ ਜਦਕਿ ਬਲਰਾਮ ਸਿੰਘ ਦੀ ਮੌਕੇ 'ਤੇ ਮੌਤ ਹੋ ਗਈ। ਪੁਲਸ ਵੱਲੋਂ ਗੰਭੀਰ ਜ਼ਖਮੀ ਰਾਜਵਿੰਦਰ ਸਿੰਘ ਨੂੰ ਹਸਪਤਾਲ ਲਿਜਾਇਆ ਗਿਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਹਾਦਸੇ ਦੌਰਾਨ ਕਾਰ ਸਵਾਰ ਜਸਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪੰਜਗਰਾਈਂ ਨਿੱਝਰੀ ਥਾਣਾ ਅਜਨਾਲਾ ਅਤੇ ਟਿੱਪਰ ਡਰਾਈਵਰ ਮੌਕੇ ਤੋਂ ਫਰਾਰ ਦੱਸੇ ਜਾ ਰਹੇ ਹਨ। ਪੁਲਸ ਵਲੋਂ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਹੈ।

## ਤਰਨਤਾਰਨ ਦੇ ਵਿਅਕਤੀ ਦੀ ਜਲੰਧਰ ਵਿਖੇ ਟੱਰਕ 'ਚੋਂ ਮਿਲੀ ਲਾਸ਼, ਫੈਲੀ ਸਨਸਨੀ

ਜਲੰਧਰ/ਤਰਨਤਰਾਨ 24 ਮਈ। ਜਲੰਧਰ ਦੇ ਲੈਦਰ ਕੰਪਲੈਕਸ ਨੇੜੇ ਮੰਡ ਰੋਡ 'ਤੇ ਖੜ੍ਹੇ ਟਰੱਕ 'ਚ ਸ਼ੱਕੀ ਹਾਲਾਤ 'ਚ ਇਕ ਵਿਅਕਤੀ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਹਾਲਾਂਕਿ ਰਾਹਗੀਰਾਂ ਨੇ ਖ਼ੁਦਕੁਸ਼ੀ ਦਾ ਸ਼ੱਕ ਜਤਾਇਆ ਹੈ। ਮ੍ਰਿਤਕ ਦੀ ਪਛਾਣ ਤਰਨਤਾਰਨ ਦੇ ਰਹਿਣ ਵਾਲੇ ਗੁਰਜੀਤ ਸਿੰਘ ਵਜੋਂ ਹੋਈ ਹੈ। ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਰੱਖਵਾ ਦਿੱਤੀ ਹੈ। ਕਰੋਲ ਬਾਗ ਦੇ ਰਹਿਣ ਵਾਲੇ ਸਾਵਨ ਮਹਿਤਾ ਨੇ ਦੱਸਿਆ ਕਿ ਗੁਰਜੀਤ ਸਿੰਘ ਪਿਛਲੇ ਕੁਝ ਦਿਨਾਂ ਤੋਂ ਅਨਮੋਲ ਟ?ਰਾਂਸਪੋਰਟ ਲਈ ਕੰਮ ਕਰ ਰਿਹਾ ਸੀ। ਉਹ ਸਵੇਰੇ ਸਾਮਾਨ ਛੱਡਣ ਲਈ ਲੈਦਰ ਕੰਪਲੈਕਸ ਰੋਡ 'ਤੇ ਗਿਆ ਸੀ। ਉਨ੍ਹਾਂ ਨੂੰ ਆਪਣੇ ਲੇਬਰ ਵੱਲੋਂ ਦਾ ਫੋਨ ਆਇਆ ਕਿ ਗੁਰਜੀਤ ਸਿੰਘ ਟਰੱਕ ਦੇ ਕੋਲ ਡਿੱਗਿਆ ਹੋਇਆ ਹੈ। ਮੌਕੇ 'ਤੇ ਪਹੁੰਚਣ 'ਤੇ ਉਨ੍ਹਾਂ ਵੇਖਿਆ ਕਿ ਗੁਰਜੀਤ ਸਿੰਘ ਦੀ ਸ਼ੱਕੀ ਹਾਲਾਤ 'ਚ ਮੌਤ ਹੋ ਗਈ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਹਾਦਸੇ ਬਾਰੇ ਸਬੰਧਤ ਥਾਣੇ ਦੀ ਪੁਲਸ ਨੂੰ ਸੂਚਿਤ ਕੀਤਾ। ਪੁਲਸ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਮੰਦਭਾਗੀ ਖ਼ਬਰ ! ਪਿੰਡ ਦੀਪਗੜ੍ਹ ਦੇ ਨੌਜਵਾਨ ਦੀ ਨਿਊਜ਼ੀਲੈਂਡ 'ਚ ਸੜਕ ਹਾਦਸੇ ਦੌਰਾਨ ਹੋਈ ਮੌਤ

ਬਿਲਾਸਪੁਰ 24 ਮਈ। ਨਿਊਜ਼ੀਲੈਂਡ ਤੋਂ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਦੀਪਗੜ੍ਹ ਦੇ ਵਾਸੀ ਹੋਣਹਾਰ ਨੌਜਵਾਨ ਰਮਨਦੀਪ ਸਿੰਘ ਸੋਨੀ ਢਿੱਲੋਂ ਪੁੱਤਰ ਡਾ. ਬਲਵਿੰਦਰ ਸਿੰਘ ਢਿੱਲੋਂ ਦੀ ਨਿਊਜ਼ੀਲੈਂਡ ਵਿਖੇ ਇਕ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਪ੍ਰਿੰਸੀਪਲ ਭੁਪਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਰਮਨਦੀਪ ਸੋਨੀ ਨੇ ਨਰਸਰੀ ਤੋਂ ਲੈ ਕੇ ਆਪਣੀ ਪੜ੍ਹਾਈ ਨਾਮਵਰ ਸਿੱਖਿਆ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ



ਸਕੂਲ ਬਿਲਾਸਪੁਰ ਤੋਂ ਪ੍ਰਾਪਤ ਕੀਤੀ ਸੀ। ਪੜ੍ਹਾਈ ਵਿਚ ਬੇਹੱਦ ਹੁਸ਼ਿਆਰ, ਕਵੀਸ਼ਰੀ ਅਤੇ ਰੰਗਮੰਚ ਰਾਹੀਂ ਨਾਟਕਾਂ 'ਚ ਵਿਲੱਖਣ ਪਛਾਣ ਸਥਾਪਿਤ ਕਰਨ ਸਦਕਾ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੁਕਾਬਲਿਆਂ ਵਿਚ ਰਾਜ ਪੱਧਰ 'ਤੇ ਉੱਤਮ ਬਾਲ ਕਲਾਕਾਰ ਦਾ ਐਵਾਰਡ ਹਾਸਲ ਕਰਨ ਵਾਲਾ ਇਹ ਪ੍ਰਤਿਭਾਵਾਨ ਨੌਜਵਾਨ ਗਿਆਰਾਂ ਸਾਲ ਪਹਿਲਾਂ ਨਿਊਜੀਲੈਂਡ ਵਿਖੇ ਗਿਆ ਸੀ। ਸਖ਼ਤ ਮਿਹਨਤ ਰਾਹੀਂ ਜ਼ਿੰਦਗੀ ਵਿਚ ਸਫ਼ਲਤਾ ਦਾ ਮੁਕਾਮ ਹਾਸਲ ਕਰਨ ਵਾਲੇ ਇਸ ਨੌਜਵਾਨ ਦਾ 2024 ਵਿਚ ਵਿਆਹ ਹੋਇਆ ਸੀ। ਹੁਣ ਇਸ ਦੇ ਇਕ ਸਾਲ ਦੀ ਨੰਨ੍ਹੀ ਬੇਟੀ ਹੈ। 13 ਮਈ ਦੀ ਸ਼ਾਮ ਨੂੰ ਸੋਨੀ ਆਪਣੇ ਕੰਮਕਾਜ ਦੇ ਸੰਬੰਧ ਵਿਚ ਆਪਣੀ ਕਾਰ 'ਤੇ ਜਾ ਰਿਹਾ ਸੀ ਤਾਂ ਸਾਹਮਣੇ ਤੋਂ ਗਲਤ ਸਾਈਡ ਤੋਂ ਗੱਡੀ ਚਾਲਕ ਨੇ ਉਸ ਦੀ ਕਾਰ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਕਤ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਹ ਪਿੱਛੇ ਆਪਣੇ ਮਾਂ-ਪਿਓ, ਪਤਨੀ ਅਤੇ ਇਕ ਮਾਸੂਮ ਬੱਚੀ ਨੂੰ ਵਿਲਕਦੇ ਛੱਡ ਗਿਆ ਹੈ। ਇਸ ਹਾਦਸੇ ਕਾਰਨ ਦੇਸ਼-ਵਿਦੇਸ਼ ਵਿਚ ਵੱਸਦੇ ਪੰਜਾਬੀ ਭਾਈਚਾਰੇ ਵਿਚ ਸੋਗ ਦੀ ਲਹਿਰ ਦੌੜ ਗਈ ਹੈ।

## 18 ਨਸ਼ੀਲੀਆਂ ਗੋਲੀਆਂ ਸਮੇਤ 4 ਵਿਅਕਤੀ ਗ੍ਰਿਫਤਾਰ

ਬਟਾਲਾ 24 ਮਈ। ਵੱਖ-ਵੱਖ ਥਾਣਿਆਂ ਦੀ ਪੁਲਸ ਨੇ 11 ਗ੍ਰਾਮ ਹੈਰੋਇਨ ਅਤੇ 18 ਨਸ਼ੀਲੀਆਂ ਗੋਲੀਆਂ ਸਮੇਤ 4 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹ ਕਾਦੀਆਂ ਦੇ ਏ.ਐੱਸ.ਆਈ ਰਛਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪੀ.ਡਬਲਯੂ.ਡੀ ਰੈਸਟ ਹਾਊਸ ਕਾਦੀਆਂ ਤੋਂ ਹਰਮੀਤ ਸਿੰਘ ਅਤੇ ਸ਼ਿਵਮ ਵਾਸੀਆਨ ਦੌਰਾਂਗਲਾ ਨੂੰ 4 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਵਿਰੁੱਧ ਕੇਸ ਦਰਜ ਕਰ ਦਿੱਤਾ ਹੈ। ਇਸੇ ਤਰ੍ਹਾਂ ਥਾਣਾ ਸੇਖਵਾਂ ਦੇ ਏ.ਐੱਸ.ਆਈ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਕਲੇਰ ਕਲਾਂ ਤੋਂ ਰੋਸ਼ਨ ਮਸੀਹ ਵਾਸੀ ਕਲੇਰ ਕਲਾਂ ਨੂੰ 1.30 ਗ੍ਰਾਮ ਹੈਰੋਇਨ ਅਤੇ 18 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰਕੇ ਉਸਦੇ ਵਿਰੁੱਧ ਕੇਸ ਦਰਜ ਕਰ ਦਿੱਤਾ ਹੈ। ਇਸੇ ਤਰ੍ਹਾਂ ਥਾਣਾ ਘੁਮਾਣ ਦੇ ਏ.ਐੱਸ.ਆਈ ਰਜਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਲਿੰਕ ਰੋਡ ਬਾਬਾ ਫਿਰਨਾ ਜੀ ਪਿੰਡ ਵਾੜੇ ਤੋਂ ਰਾਜੂ ਵਾਸੀ ਪੇਜੋਚੱਕ ਨੂੰ 6 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸਦੇ ਵਿਰੁੱਧ ਕੇਸ ਦਰਜ ਕਰ ਦਿੱਤਾ ਹੈ।

# ਪਿੰਡ ਕਾਠਗੜ੍ਹ 'ਚ ਖ਼ੂਨੀ ਵਿਵਾਦ: ਦੋ ਧਿਰਾਂ ਵਿਚਾਲੇ ਝਗੜੇ ਦੌਰਾਨ ਦੋ ਘਰਾਂ ਨੂੰ ਲਗਾਈ ਅੱਗ

**ਕੌਮੀ ਪਤ੍ਰਿਕਾ**

ਜਲਾਲਾਬਾਦ 24 ਮਈ। ਥਾਣਾ ਵੈਰੋਕਾ ਦੇ ਅਧੀਨ ਪੈਂਦੇ ਪਿੰਡ ਕਾਠਗੜ੍ਹ 'ਚ ਬੀਤੀ ਰਾਤ ਦੋ ਧਿਰਾਂ ਦਰਮਿਆਨ ਹੋਏ ਖ਼ੂਨੀ ਵਿਵਾਦ ਦੌਰਾਨ ਮਾਹੌਲ ਤਣਾਅਪੂਰਨ ਬਣ ਗਿਆ। ਝਗੜੇ ਦੌਰਾਨ ਇਕ ਧਿਰ ਵੱਲੋਂ ਦੋ ਘਰਾਂ ਨੂੰ ਅੱਗ ਲਗਾ ਦਿੱਤੀ ਗਈ, ਜਿਸ ਕਾਰਨ ਘਰਾਂ 'ਚ ਪਿਆ ਘਰੇਲੂ ਸਾਮਾਨ, ਕੱਪੜੇ, ਕਣਕ ਅਤੇ ਹੋਰ ਸਾਮਾਨ ਸੜ ਕੇ ਸੁਆਹ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ । ਇਸ ਤੋਂ ਇਲਾਵਾ ਘਰਾਂ 'ਚ ਭੰਨਤੋੜ ਕੀਤੇ ਜਾਣ ਦੀ ਵੀ ਜਾਣਕਾਰੀ ਸਾਹਮਣੇ ਆਈ ਹੈ। ਜਲਾਲਾਬਾਦ ਦੇ ਸਰਕਾਰੀ ਹਸਪਤਾਲ 'ਚ ਇਲਾਜ ਅਧੀਨ ਪਰਮਜੀਤ ਕੌਰ ਪਤਨੀ ਕਰਨੈਲ ਸਿੰਘ ਵਾਸੀ ਕਾਠਗੜ ਨੇ ਦੱਸਿਆ ਕਿ ਉਨ੍ਹਾਂ ਦੇ ਗੁਆਂਢ 'ਚ ਰਹਿਣ ਵਾਲਾ ਇਕ ਨੌਜਵਾਨ ਪਿੰਡ ਦੀ ਹੀ ਇਕ ਲੜਕੀ ਨੂੰ ਆਪਣੇ ਨਾਲ ਲੈ ਗਿਆ ਸੀ। ਉਸ ਨੇ ਦੱਸਿਆ ਕਿ ਉਕਤ ਨੌਜਵਾਨ ਉਨ੍ਹਾਂ ਦੇ ਘਰ ਤੋਂ ਮੋਟਰਸਾਈਕਲ ਮੰਗ ਕੇ ਲੈ ਗਿਆ ਸੀ। ਜਿਸ ਤੋਂ ਬਾਅਦ ਲੜਕੀ ਦੇ ਪਰਿਵਾਰਕ ਮੈਂਬਰਾਂ ਨੇ ਰੰਜਿਸ਼ ਦੇ ਚੱਲਦੇ



ਬੀਤੀ ਅੱਧੀ ਰਾਤ ਨੂੰ ਉਨ੍ਹਾਂ ਦੇ ਘਰ 'ਚ ਦਾਖਲ ਹੋ ਕੇ ਕੁੱਟਮਾਰ ਕੀਤੀ। ਪੀੜਤਾਂ ਨੇ ਦੋਸ਼ ਲਾਇਆ ਕਿ ਹਮਲਾਵਰਾਂ ਵੱਲੋਂ ਘਰ 'ਚ ਅੱਗ ਲਗਾ ਦਿੱਤੀ ਗਈ ਅਤੇ ਘਰ ਦਾ ਸਾਮਾਨ ਤਹਿਸ-ਨਹਿਸ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਉਕਤ ਨੌਜਵਾਨ ਦੇ ਘਰ ਨੂੰ ਵੀ ਨਿਸ਼ਾਨਾ ਬਣਾਉਂਦੇ ਹੋਏ ਭੰਨ-ਤੋੜ ਕੀਤੀ ਗਈ ਅਤੇ ਘਰ ਦੇ ਸਾਮਾਨ ਨੂੰ ਅੱਗ ਦੇ ਹਵਾਲੇ ਕਰ ਦਿੱਤਾ ਗਿਆ। ਘਟਨਾ ਦੌਰਾਨ ਪਰਮਜੀਤ ਕੌਰ ਅਤੇ ਕਾਲਾ ਸਿੰਘ ਦੇ ਜ਼ਖਮੀ ਹੋਣ ਦੀ ਵੀ ਜਾਣਕਾਰੀ ਮਿਲੀ ਹੈ, ਜਿਨ੍ਹਾਂ ਨੂੰ ਇਲਾਜ ਲਈ ਜਲਾਲਾਬਾਦ ਦੇ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਉੱਧਰ ਦੂਜੇ ਪਾਸੇ ਇਸ ਮਾਮਲੇ ਸਬੰਧੀ ਜਲਾਲਾਬਾਦ ਦੇ ਡੀ. ਐੱਸ. ਪੀ. ਗੁਰਸੇਵਕ ਸਿੰਘ ਬਰਾੜ ਨੇ ਦੱਸਿਆ ਕਿ ਪਿੰਡ ਕਾਠਗੜ੍ਹ 'ਚ ਵਾਪਰੀ ਘਟਨਾ ਦੀ ਪੁਲਸ ਵੱਲੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜ਼ਖਮੀਆਂ ਦੇ ਬਿਆਨ ਦਰਜ ਕਰ ਕੇ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸੜਕ ਹਾਦਸੇ 'ਚ ਮੋਟਰਸਾਈਕਲ ਚਾਲਕ ਪਤੀ ਦੀ ਮੌਤ ਅਤੇ ਪਤਨੀ ਜ਼ਖ਼ਮੀ

ਕਿਸ਼ਨਗੜ੍ਹ 24 ਮਈ। ਕਿਸ਼ਨਗੜ੍ਹ-ਕਰਤਾਰਪੁਰ ਲਿੰਕ ਸੜਕ 'ਤੇ ਕਿਸ਼ਨਗੜ੍ਹ ਨਜ਼ਦੀਕ ਸਥਿਤ ਸੰਘਵਾਲ ਵਾਲੀ ਨਹਿਰੀ ਪੁਲੀ ਕੋਲ ਇਕ ਕਾਰ ਅਤੇ ਮੋਟਰਸਾਈਕਲ ਦੀ ਜ਼ਬਰਦਸਤ ਟੱਕਰ ਵਿਚ ਮੋਟਰਸਾਈਕਲ ਚਾਲਕ ਪਤੀ ਦੀ ਮੌਤ ਹੋ ਗਈ ਜਦਕਿ ਪਤਨੀ ਗੰਭੀਰ ਜ਼ਖ਼ਮੀ ਹੋ ਗਈ। ਸਥਾਨਕ ਪੁਲਸ ਚੌਕੀ ਕਿਸ਼ਨਗੜ੍ਹ ਦੇ ਇੰਚਾਰਜ ਏ. ਐੱਸ. ਆਈ. ਹਰਦੀਪ ਸਿੰਘ ਨੇ ਦੱਸਿਆ ਕਿ ਨਰਿੰਦਰਪਾਲ ਸਿੰਘ ਪੁੱਤਰ ਨਿਰਮਲ ਸਿੰਘ ਨਿਵਾਸੀ ਪ੍ਰੀਤ ਨਗਰ ਕਪੂਰਥਲਾ ਆਪਣੀ ਪਤਨੀ ਰਣਜੀਤਾ ਨਾਲ ਆਪਣੇ ਘਰੋਂ ਕਰਤਾਰਪੁਰ ਤੋਂ ਹਿਮਾਚਲ ਲਈ ਜਾ ਰਹੇ ਸਨ। ਜਦ ਉਹ ਕਿਸ਼ਨਗੜ੍ਹ ਦੇ ਨਜ਼ਦੀਕ ਨਹਿਰੀ ਪੁਲੀ ਕੋਲ ਪਹੁੰਚੇ ਤਾਂ ਉਨ੍ਹਾਂ ਨੂੰ ਕਿਸੇ ਅਣਪਛਾਤੀ ਕਾਰ ਨੇ ਜ਼ੋਰਦਾਰ ਟੱਕਰ ਮਾਰ ਦਿੱਤੀ, ਜਿਸ ਕਾਰਨ ਦੋਨੋਂ ਪਤੀ-ਪਤਨੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਥਾਨਕ ਲੋਕਾਂ ਵੱਲੋਂ ਕਰਤਾਰਪੁਰ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਲਿਜਾਇਆ ਗਿਆ, ਜਿੱਥੇ ਨਰਿੰਦਰ ਪਾਲ ਸਿੰਘ ਦੀ ਮੌਤ ਹੋ ਗਈ ਅਤੇ ਉਸ ਦੀ ਪਤਨੀ ਰਣਜੀਤਾ ਨੂੰ ਜਲੰਧਰ ਦੇ ਕਿਸੇ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ। ਹਾਦਸੇ ਤੋਂ




ਬਾਅਦ ਕਾਰ ਚਾਲਕ ਕਾਰ ਸਮੇਤ ਮੌਕੇ ਤੋਂ ਫਰਾਰ ਹੋ ਗਿਆ। ਸਥਾਨਕ ਪੁਲਸ ਵੱਲੋਂ ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਅਣਪਛਾਤੇ ਕਾਰ ਚਾਲਕ 'ਤੇ ਪਰਚਾ ਦਰਜ ਕਰਨ ਉਪਰੰਤ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਜਲੰਧਰ ਵਿਖੇ ਭੇਜ ਦਿੱਤਾ ਗਿਆ ਤੇ ਕਾਰ ਚਾਲਕ ਦੀ ਭਾਲ ਲਈ ਲੋੜੀਂਦੀ ਕਾਰਵਾਈ ਜਾਰੀ ਰਹੀ ਸੀ।

## ਚੋਰਾਂ ਨੇ ਅੱਧੀ ਰਾਤ ਘਰ 'ਚੋਂ ਸੋਨਾ, ਨਕਦੀ ਤੇ ਡੀ. ਵੀ. ਆਰ. ਕੀਤਾ ਚੋਰੀ

ਤਰਨਤਾਰਨ 24 ਮਈ। ਜ਼ਿਲਾ ਤਰਨਤਾਰਨ ਦੇ ਪਿੰਡ ਨੱਥੋਕੇ ਬਹਿਕਾਂ ਵਿਖੇ ਚੋਰਾਂ ਵੱਲੋਂ ਅੱਧੀ ਰਾਤ ਘਰ 'ਚ ਦਾਖਲ ਹੋ ਕੇ 55 ਹਜ਼ਾਰ ਦੀ ਨਕਦੀ, ਸੋਨੇ ਦੇ ਟੌਪਸ ਅਤੇ ਸੀ. ਸੀ. ਟੀ. ਵੀ. ਕੈਮਰਿਆਂ ਦਾ ਡੀ. ਵੀ. ਆਰ. ਚੋਰੀ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਵੈਰੋਂਵਾਲ ਦੀ ਪੁਲਸ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਰਜ ਕਰਵਾਏ ਬਿਆਨ 'ਚ ਇਕਬਾਲ ਕੌਰ ਪਤਨੀ ਲੇਟ ਸਵਿੰਦਰ ਸਿੰਘ ਨੇ ਦੱਸਿਆ ਕਿ ਬੀਤੀ 18 ਮਈ ਦੀ ਰਾਤ ਉਹ ਆਪਣੇ ਘਰ 'ਚ ਸੁੱਤੀ ਹੋਈ ਸੀ ਤਾਂ ਅਚਾਨਕ ਅੱਧੀ ਰਾਤ ਕਰੀਬ 2.30 ਵਜੇ ਉਸ ਨੂੰ ਖੜਾਕ ਸੁਣਾਈ ਦਿੱਤਾ ਜਿਸ 'ਤੇ ਉਸ ਨੇ ਉਠ ਕੇ ਵੇਖਿਆ ਤਾਂ ਘਰ ਦੇ ਬੈਕਸਾਈਡ 'ਤੇ ਲੱਗੀ ਗਰਿੱਲ ਟੁੱਟੀ ਹੋਈ ਸੀ ਤੇ ਕਮਰੇ ਦੇ ਦਰਵਾਜ਼ੇ ਦਾ ਲਾਕ ਟੁੱਟਾ ਹੋਇਆ ਸੀ। ਉਸ ਨੇ ਸਾਮਾਨ ਚੈੱਕ ਕੀਤਾ ਤਾਂ ਅਲਮਾਰੀ ਵਿਚੋਂ 55 ਹਜ਼ਾਰ ਰੁਪਏ ਨਕਦ, ਇਕ ਜੋੜਾ ਸੋਨੇ ਦੇ ਟੌਪਸ ਅਤੇ ਘਰ 'ਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਦਾ ਡੀ. ਵੀ. ਆਰ. ਗਾਇਬ ਸੀ, ਜਿਸ ਨੂੰ ਅਣਪਛਾਤੇ ਵਿਅਕਤੀ ਚੋਰੀ ਕਰਕੇ ਲੈ ਗਏ। ਘਟਨਾ ਦੀ ਸ਼ਿਕਾਇਤ ਉਸ ਨੇ ਪੁਲਸ ਨੂੰ ਕਰ ਦਿੱਤੀ। ਇਸ ਸਬੰਧੀ ਏ.ਐੱਸ.ਆਈ ਬਲਦੇਵ ਸਿੰਘ ਨੇ ਦੱਸਿਆ ਕਿ ਅਣਪਛਾਤੇ ਮੁਲਜ਼ਮਾਂ ਦੇ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਚਾਰ ਭੈਣਾਂ ਦੇ ਇਕਲੌਤੇ ਭਰਾ ਦੀ ਸ਼ੱਕੀ ਹਾਲਾਤ 'ਚ ਮਿਲੀ ਲਾਸ਼

ਭਿਵਾਨੀ 24 ਮਈ। ਭਿਵਾਨੀ ਜ਼ਿਲ੍ਹੇ ਤੋਂ ਇੱਕ ਸਨਸਨੀਖੇਜ਼ ਘਟਨਾ ਸਾਹਮਣੇ ਆਈ ਹੈ, ਜਿਸ ਕਾਰਨ ਚੀਕ-ਚਿਹਾੜਾ ਮਚ ਗਿਆ। ਇਥੇ ਖਾਨਕ ਪਿੰਡ ਵਿੱਚ ਇੱਕ ਦੁਕਾਨ ਦੇ ਨੇੜੇ ਇੱਕ ਨੌਜਵਾਨ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲ ਗਈ। ਮ੍ਰਿਤਕ ਨੌਜਵਾਨ ਦੇ ਪਰਿਵਾਰ ਨੇ ਕਤਲ ਦਾ ਸ਼ੱਕ ਜਤਾਉਂਦੇ ਹੋਏ ਦੋ ਨਾਮਜ਼ਦ ਮੁਲਜ਼ਮਾਂ ਖ਼?ਲਾਫ਼ ਕੇਸ ਦਰਜ ਕਰਵਾਇਆ ਹੈ। ਰਿਪੋਰਟਾਂ ਅਨੁਸਾਰ, 28 ਸਾਲਾ ਵਿਜੇ ਲਗਭਗ 10 ਮਹੀਨੇ ਪਹਿਲਾਂ ਹਾਈਡ?ਰਾ ਮਸ਼ੀਨ ਆਪਰੇਟਰ ਵਜੋਂ ਕੰਮ ਕਰਨ ਲਈ ਖਾਨਕ ਆਇਆ ਸੀ। ਰਾਮਧਾਰੀ ਦੇ ਅਨੁਸਾਰ, ਉਨ੍ਹਾਂ ਨੂੰ ਇੱਕ ਫੋਨ ਆਇਆ, ਜਿਸ ਦੌਰਾਨ ਉਨ੍ਹਾਂ ਨੂੰ ਦੱਸਿਆ ਗਿਆ ਕਿ ਵਿਜੇ ਦੀ ਛੱਤ ਤੋਂ ਡਿੱਗਣ ਨਾਲ ਮੌਤ ਹੋ ਗਈ ਹੈ। ਸੂਚਨਾ ਮਿਲਣ 'ਤੇ ਜਦੋਂ ਪਰਿਵਾਰ ਮੌਕੇ 'ਤੇ ਪਹੁੰਚਿਆ, ਤਾਂ ਵਿਜੇ ਦੀ ਲਾਸ਼ ਦੁਕਾਨ ਦੇ ਪਿਛਲੇ ਪਾਸੇ ਪਈ ਮਿਲੀ। ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕ ਚਾਰ ਭੈਣਾਂ ਦਾ ਇਕਲੌਤਾ ਭਰਾ ਸੀ। ਵਿਜੇ ਦੀ ਮੌਤ ਨਾਲ ਪਰਿਵਾਰ ਸਦਮੇ ਵਿਚ ਹੈ। ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੋ ਗਿਆ। ਪਰਿਵਾਰ ਦਾ ਦੋਸ਼ ਹੈ ਕਿ ਵਿਜੇ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਨੇ ਵਿਨੀਤ ਅਤੇ ਦਿਲਬਾਗ ਨਾਮ ਦੇ ਦੋ ਨੌਜਵਾਨਾਂ 'ਤੇ ਪੁਰਾਣੀ ਰੰਜਿਸ਼ ਕਾਰਨ ਉਸਦੀ ਹੱਤਿਆ ਕਰਨ ਦਾ ਦੋਸ਼ ਲਗਾਇਆ ਹੈ। ਮ੍ਰਿਤਕ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਵੀ ਮਿਲੇ ਹਨ। ਤੋਸ਼ਾਮ ਪੁਲਸ ਸਟੇਸ਼ਨ ਦੇ ਐਸਐਚਓ ਮਹਾਬੀਰ ਸਿੰਘ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਸ਼ਰੀਫ਼ਪੁਰਾ ਕਤਲ ਕਾਂਡ: ਕੁਨਾਲ ਦੇ ਕਾਤਲਾਂ ਨੂੰ ਪੁਲਸ ਨੇ ਦਬੋਚਿਆ, ਵਾਰਦਾਤ 'ਚ ਵਰਤੀ ਸਕੂਟਰੀ ਵੀ ਬਰਾਮਦ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 24 ਮਈ। ਥਾਣਾ ਏ-ਡਵੀਜ਼ਨ ਦੇ ਸ਼ਰੀਫ਼ਪੁਰਾ ਖੇਤਰ ਵਿਚ ਹੋਏ ਇਕ ਚਰਚਿਤ ਕਤਲ ਦੇ ਮਾਮਲੇ ਨੂੰ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਮਹਿਜ਼ 24 ਘੰਟਿਆਂ ਦੇ ਅੰਦਰ ਸੁਲਝਾ ਲਿਆ ਹੈ। ਪੁਲਸ ਨੇ ਮੁੱਖ ਮੁਲਜ਼ਮ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਾਣੀ ਬਾਜ਼ਾਰ ਸ਼ਰੀਫ਼ਪੁਰਾ ਦੇ ਰਹਿਣ ਵਾਲੇ ਵੰਸ਼, ਤਹਿਸੀਲਪੁਰਾ ਨਿਵਾਸੀ ਰੋਹਨ ਕਪੂਰ ਉਰਫ਼ ਗੋਲੂ, ਰਾਣੀ ਬਾਜ਼ਾਰ ਸ਼ਰੀਫ਼ਪੁਰਾ ਦੀ ਰਹਿਣ ਵਾਲੀ ਸੋਨੀਆ ਅਤੇ ਇਕ ਨਾਬਾਲਗ ਵਜੋਂ ਹੋਈ ਹੈ। ਪੁਲਸ ਨੇ ਵਾਰਦਾਤ ਵਿਚ ਵਰਤੀ ਗਈ ਐਕਟਿਵਾ ਸਕੂਟਰੀ ਵੀ ਬਰਾਮਦ ਕਰ ਲਈ ਹੈ। ਪੁਲਸ ਮੁਤਾਬਕ ਇਹ ਮਾਮਲਾ ਮਜੀਠਾ ਰੋਡ ਇਲਾਕੇ ਦੇ ਰਹਿਣ ਵਾਲੇ ਕੁਨਾਲ ਉਰਫ਼ ਲੋਟਸ ਦੇ ਕਤਲ ਨਾਲ ਸਬੰਧਤ ਹੈ। ਮੁੱਢਲੀ ਜਾਂਚ ਮੁਤਾਬਕ 13 ਮਈ ਦੀ ਰਾਤ ਕੁਨਾਲ ਆਪਣੇ ਦੋਸਤਾਂ ਨਾਲ ਰਾਣੀ ਬਾਜ਼ਾਰ ਸ਼ਰੀਫ਼ਪੁਰਾ ਇਲਾਕੇ ਵਿਚ ਗਿਆ ਸੀ, ਜਿੱਥੇ ਉਸ ਦੀ ਵੰਸ਼ ਅਤੇ ਉਸ ਦੇ ਸਾਥੀਆਂ ਨਾਲ ਕਿਸੇ ਗੱਲ ਨੂੰ ਲੈ ਕੇ ਤਕਰਾਰ ਹੋ ਗਈ। ਇਹ ਤਕਰਾਰ ਬਾਅਦ ਵਿਚ ਹਿੰਸਕ ਝਗੜੇ ਵਿਚ ਬਦਲ ਗਈ, ਜਿਸ ਦੌਰਾਨ ਕੁਨਾਲ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ, ਜਿਸ ਕਾਰਨ ਉਸ



ਦੀ ਮੌਤ ਹੋ ਗਈ। ਮ੍ਰਿਤਕ ਦੇ ਪਿਤਾ ਪਵਨ ਕੁਮਾਰ ਉਰਫ਼ ਪੰਮਾ ਦੀ ਸ਼ਿਕਾਇਤ 'ਤੇ ਥਾਣਾ ਏ-ਡਵੀਜ਼ਨ ਦੀ ਪੁਲਸ ਨੇ ਕੇਸ ਦਰਜ ਕੀਤਾ ਸੀ। ਪੁਲਸ ਕਮਿਸ਼ਨਰ ਭੁੱਲਰ ਨੇ ਦੱਸਿਆ ਕਿ ਕੇਸ ਦਰਜ ਹੁੰਦੇ ਹੀ ਪੁਲਸ ਟੀਮਾਂ ਨੇ ਮਨੁੱਖੀ ਖ਼ੁਫ਼ੀਆ ਜਾਣਕਾਰੀ ਅਤੇ ਤਕਨੀਕੀ ਜਾਂਚ ਦੇ ਆਧਾਰ 'ਤੇ ਤੇਜ਼ੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਸੀ। ਲਗਾਤਾਰ ਛਾਪੇਮਾਰੀ ਅਤੇ ਡੂੰਘੀ ਜਾਂਚ ਤੋਂ ਬਾਅਦ ਸਾਰੇ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਗਿਆ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਫੜਿਆ ਗਿਆ ਮੁਲਜ਼ਮ ਰੋਹਨ ਕਪੂਰ ਉਰਫ਼ ਗੋਲੂ ਇਕ ਆਦਤਨ ਅਪਰਾਧੀ ਹੈ, ਜਿਸ ਖ਼?ਲਾਫ਼ ਕਮਿਸ਼ਨਰੇਟ ਪੁਲਸ ਦੇ ਵੱਖ-ਵੱਖ ਥਾਣਿਆਂ ਵਿਚ ਖੋਹ ਅਤੇ ਸਨੈਚਿੰਗ ਦੇ 6 ਮਾਮਲੇ ਪਹਿਲਾਂ ਤੋਂ ਦਰਜ ਹਨ। ਪੁਲਸ ਵੱਲੋਂ ਮਾਮਲੇ ਦੀ ਜਾਂਚ ਹਾਲੇ ਜਾਰੀ ਹੈ ਅਤੇ ਪੁਲਸ ਰਿਮਾਂਡ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਬਾਲੀਵੁੱਡ ਦੇ ਦਿੱਗਜ ਅਦਾਕਾਰ ਨੇ ਕਾਰ ਛੱਡ ਟਰੇਨ 'ਚ ਕੀਤਾ ਸਫ਼ਰ

**ਕੌਮੀ ਪਤ੍ਰਿਕਾ**

ਐਂਟਰਟੇਨਮੈਂਟ ਡੈਸਕ 24 ਮਈ। ਦੇਸ਼ ਭਰ ਵਿੱਚ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਊਰਜਾ ਸੰਕਟ ਦੇ ਵਿਚਕਾਰ, ਬਾਲੀਵੁੱਡ ਦੇ ਦਿੱਗਜ ਅਦਾਕਾਰ ਅਨੁਪਮ ਖੇਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 'ਤੇਲ ਬਚਾਓ' ਅਪੀਲ ਦਾ ਪੂਰਾ ਸਮਰਥਨ ਕੀਤਾ ਹੈ। ਦੇਸ਼ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ, ਅਨੁਪਮ ਖੇਰ ਨੇ ਜੈਪੁਰ ਤੋਂ ਨਵੀਂ ਦਿੱਲੀ ਜਾਣ ਲਈ ਆਪਣੀ ਨਿੱਜੀ ਕਾਰ ਦੀ ਵਰਤੋਂ ਕਰਨ ਦੀ ਬਜਾਏ ਟ?ਰੇਨ ਰਾਹੀਂ ਸਫ਼ਰ ਕਰਨ ਦਾ ਫੈਸਲਾ ਕੀਤਾ। ਅਨੁਪਮ ਖੇਰ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਟ?ਰੇਨ ਸਫ਼ਰ ਦੀ ਇੱਕ ਵੀਡੀਓ ਸਾਂਝੀ ਕਰਦਿਆਂ ਲਿਖਿਆ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੇਸ਼ ਲਈ ਵਿੱਢੀ ਮੁਹਿੰਮ ਵਿੱਚ ਮੇਰਾ



ਇੱਕ ਛੋਟਾ ਜਿਹਾ ਯਤਨ! ਜੈ ਹਿੰਦ! ਵੀਡੀਓ 'ਚ ਅਨੁਪਮ ਖੇਰ ਨੇ ਦੇਸ਼ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ, ਨਮਸਕਾਰ ਦੋਸਤੋ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸਾਨੂੰ ਸਾਰਿਆਂ ਨੂੰ ਪੈਟਰੋਲ ਅਤੇ ਡੀਜ਼ਲ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਜਿੱਥੇ ਸੰਭਵ ਹੋ ਸਕੇ, ਸਾਨੂੰ ਪਬਲਿਕ ਟ?ਰਾਂਸਪੋਰਟ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਲੋਕਾਂ ਨੂੰ 'ਕਾਰਪੂਲਿੰਗ' (ਇੱਕੋ ਗੱਡੀ ਵਿੱਚ ਸਾਂਝਾ ਸਫ਼ਰ) ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਛੋਟੇ ਸਫ਼ਰ ਲਈ ਆਪਣੀਆਂ ਕਾਰਾਂ ਬਾਹਰ ਕੱਢਣ ਤੋਂ ਬਚਣਾ ਚਾਹੀਦਾ ਹੈ। ਜੇਕਰ ਅਸੀਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਇਹ ਛੋਟੀਆਂ-ਛੋਟੀਆਂ ਤਬਦੀਲੀਆਂ ਕਰਾਂਗੇ, ਤਾਂ ਦੇਸ਼ ਲਈ ਵੱਡਾ ਯੋਗਦਾਨ ਪਾ ਸਕਾਂਗੇ। ਅਨੁਪਮ ਖੇਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਦੀ ਇਸੇ ਸੋਚ ਨੂੰ ਮਨ ਵਿੱਚ ਰੱਖ ਕੇ ਉਹ ਜੈਪੁਰ ਤੋਂ ਦਿੱਲੀ ਦਾ ਸਫ਼ਰ 'ਵੰਦੇ ਭਾਰਤ' ਟ?ਰੇਨ ਰਾਹੀਂ ਕਰ ਰਹੇ ਹਨ। ਅਦਾਕਾਰ ਨੇ ਵੀਡੀਓ ਵਿੱਚ ਅੱਗੇ ਕਿਹਾ ਕਿ ਟ?ਰੇਨ ਵਿੱਚ ਸਫ਼ਰ ਕਰਨਾ ਕੋਈ ਬਹੁਤ ਵੱਡੀ ਕੁਰਬਾਨੀ ਨਹੀਂ ਹੈ, ਪਰ ਜੇਕਰ ਅਸੀਂ ਸਾਰੇ ਮਿਲ ਕੇ ਅਜਿਹੇ ਛੋਟੇ-ਛੋਟੇ ਯਤਨ ਸ਼ੁਰੂ ਕਰ ਦੇਈਏ, ਤਾਂ ਇਸ ਦਾ ਦੇਸ਼ 'ਤੇ ਬਹੁਤ ਵੱਡਾ ਅਤੇ ਸਕਾਰਾਤਮਕ ਅਸਰ ਦਿਖੇਗਾ। ਅੱਜ ਦੇ ਦੌਰ ਵਿੱਚ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦਾ ਮਤਲਬ ਸਿਰਫ਼ ਗੱਲਾਂ ਕਰਨਾ ਨਹੀਂ, ਸਗੋਂ ਆਪਣੀਆਂ ਆਦਤਾਂ ਵਿੱਚ ਬਦਲਾਅ ਲਿਆਉਣਾ ਹੈ। ਵੀਡੀਓ ਦੇ ਅੰਤ 'ਚ ਉਨ੍ਹਾਂ ਕਿਹਾ, ਮੈਨੂੰ ਲੱਗਦਾ ਹੈ ਕਿ ਦੇਸ਼ ਦੀ ਸੇਵਾ ਸਿਰਫ਼ ਸਰਹੱਦ ਤੱਕ ਹੀ ਸੀਮਤ ਨਹੀਂ ਹੁੰਦੀ। ਕਈ ਵਾਰ ਇਹ ਸਾਡੀ ਰੋਜ਼ਾਨਾ ਜ਼ਿੰਦਗੀ ਦੇ ਛੋਟੇ-ਛੋਟੇ ਫਰਜ਼ਾਂ ਵਿੱਚ ਵੀ ਦੇਖਣ ਨੂੰ ਮਿਲਦੀ ਹੈ। ਇਸ ਲਈ ਆਓ, ਦੇਸ਼ ਹਿੱਤ ਵਿੱਚ ਜਿੰਨਾ ਹੋ ਸਕੇ ਆਪਣਾ ਯੋਗਦਾਨ ਪਾਈਏ।

## ਜ਼ਮੀਨ ਠੇਕੇ 'ਤੇ ਦੇਣ ਤੋਂ ਮਨਾ ਕਰਨ 'ਤੇ ਹਥਿਆਰਾਂ ਨਾਲ ਲੈਸ ਹੋ ਕੇ ਕੀਤਾ ਹਮਲਾ

ਲੁਧਿਆਣਾ 24 ਮਈ। ਲੁਧਿਆਣਾ ਦੇ ਪਿੰਡ ਦਾਦ ਵਿਚ ਜ਼ਮੀਨ ਠੇਕੇ 'ਤੇ ਦੇਣ ਤੋਂ ਮਨਾ ਕਰਨ 'ਤੇ ਕੁਝ ਲੋਕਾਂ ਨੇ ਹਥਿਆਰਾਂ ਨਾਲ ਲੈਸ ਹੋ ਕੇ ਹਮਲਾ ਕਰ ਦਿੱਤਾ, ਜਿਸ ਵਿਚ ਤਿੰਨ ਲੋਕ ਜ਼ਖਮੀ ਹੋ ਗਏ। ਜ਼ਖਮੀਆਂ ਦੀ ਪਛਾਣ ਲਖਵੀਰ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਅਨਮੋਲ ਸਿੰਘ ਤੇ ਅਰਸ਼ ਸਿੰਘ ਵਜੋਂ ਹੋਈ ਹੈ। ਪੁਲਸ ਨੇ ਲਖਬੀਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਹਰਿਮੰਦਰ ਸਿੰਘ, ਬਲਦੇਵ ਸਿੰਘ, ਸਾਬਕਾ ਸਰਪੰਚ ਅਮਰਜੀਤ ਸਿੰਘ, ਚਰਨਜੀਤ ਸਿੰਘ, ਸੁਖਵਿੰਦਰ ਸਿੰਘ ਉਰਫ਼ ਸੁੱਖੀ, ਗੁਰਵਿੰਦਰ ਸਿੰਘ, ਤਜਿੰਦਰ ਸਿੰਘ ਉਰਫ਼ ਤੇਜੀ, ਬਲਦੇਵ ਸਿੰਘ ਦੇ ਭਤੀਜੇ ਇੰਦਰ ਸਿੰਘ, ਜੱਗੂ, ਪਵਨ, ਜੁਪਿੰਦਰ ਸਿੰਘ ਅਤੇ 10 ਅਣਪਛਾਤੇ ਵਿਅਕਤੀਆਂ ਖ਼?ਲਾਫ ਮਾਮਲਾ ਦਰਜ ਕਰ ਲਿਆ ਹੈ। ਲਖਵਿੰਦਰ ਸਿੰਘ ਅਨੁਸਾਰ, ਉਹ ਪਿਛਲੇ 4 ਸਾਲਾਂ ਤੋਂ ਉਕਤ ਲੋਕਾਂ ਨੂੰ ਆਪਣੀ ਜ਼ਮੀਨ ਠੇਕੇ 'ਤੇ ਦੇ ਰਿਹਾ ਸੀ, ਪਰ ਸਾਲ 2024 ਵਿਚ ਉਨ੍ਹਾਂ ਨੇ ਪੈਸੇ ਨਹੀਂ ਦਿੱਤੇ, ਜਿਸ ਕਾਰਨ ਉਸ ਨੇ ਉਨ੍ਹਾਂ ਨੂੰ ਜ਼ਮੀਨ ਦੇਣੀ ਬੰਦ ਕਰ ਦਿੱਤੀ। ਇਸ ਗੱਲ ਦੀ ਰੰਜਿਸ਼ ਰੱਖਦਿਆਂ, ਜਦੋਂ 3 ਮਈ ਨੂੰ ਲਖਵਿੰਦਰ ਸਿੰਘ ਅਤੇ ਉਸ ਦੇ ਪੁੱਤਰ ਆਪਣੇ ਖੇਤਾਂ ਵਿਚ ਬਣੀ ਜਠੇਰਿਆਂ ਦੀ ਜਗ?ਹਾ 'ਤੇ ਸੇਵਾ ਕਰ ਰਹੇ ਸਨ, ਤਾਂ ਮੁਲਜ਼ਮਾਂ ਨੇ ਉੱਥੇ ਆ ਕੇ ਉਨ੍ਹਾਂ ਨਾਲ ਗਾਲੀ-ਗਲੋਚ ਕੀਤੀ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲਾ ਕਰਨ ਤੋਂ ਬਾਅਦ ਮੁਲਜ਼ਮ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਫ਼ਰਾਰ ਹੋ ਗਏ।

## ਤੇਜ਼ ਰਫ਼ਤਾਰ ਥਾਰ ਦੀ ਟੱਕਰ ਨਾਲ ਨੌਜਵਾਨ ਦੀ ਮੌਤ

ਫਰੀਦਕੋਟ 24 ਮਈ। ਥਾਣਾ ਸਦਰ ਫਰੀਦਕੋਟ ਪੁਲਸ ਨੇ ਸੜਕ ਹਾਦਸੇ ਦੌਰਾਨ ਇਕ ਨੌਜਵਾਨ ਦੀ ਮੌਤ ਹੋਣ ਦੇ ਮਾਮਲੇ 'ਚ ਅਣਪਛਾਤੇ ਥਾਰ ਜੀਪ ਚਾਲਕ ਖ਼?ਲਾਫ ਮੁਕੱਦਮਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਗੋਬਿੰਦ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਨਵੀਂ ਪਿੱਪਲੀ, ਜ਼ਿਲਾ ਫਰੀਦਕੋਟ ਨੇ ਦੱਸਿਆ ਕਿ 15 ਮਈ ਦੀ ਰਾਤ ਕਰੀਬ 9:30 ਵਜੇ ਉਹ ਆਪਣੇ ਘਰ ਅੱਗੇ ਖੜ੍ਹਾ ਸੀ। ਇਸ ਦੌਰਾਨ ਉਸ ਦਾ ਭਤੀਜਾ ਸੁਖਵੰਤ ਸਿੰਘ ਉਰਫ਼ ਰਾਜਾ ਪੁੱਤਰ ਜੰਗੀਰ ਸਿੰਘ ਵਾਸੀ ਨਵੀਂ ਪਿੱਪਲੀ ਵੀ ਸੜਕ ਕਿਨਾਰੇ ਖੜ੍ਹਾ ਸੀ। ਸ਼ਿਕਾਇਤਕਰਤਾ ਮੁਤਾਬਕ ਇਸੇ ਦੌਰਾਨ ਫਰੀਦਕੋਟ ਵੱਲੋਂ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਆ ਰਹੀ ਇਕ ਥਾਰ ਜੀਪ ਦੇ ਅਣਪਛਾਤੇ ਚਾਲਕ ਨੇ ਸੁਖਵੰਤ ਸਿੰਘ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਹਾਦਸੇ 'ਚ ਸੁਖਵੰਤ ਸਿੰਘ ਦੇ ਸਿਰ 'ਚ ਗੰਭੀਰ ਸੱਟਾਂ ਲੱਗੀਆਂ, ਜਿਸ ਕਾਰਨ ਉਸ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਫਰੀਦਕੋਟ ਵਿਖੇ ਦਾਖ਼ਲ ਕਰਵਾਇਆ ਗਿਆ

# ਵਰਕ ਪਰਮਿਟ ਵੀਜ਼ਾ ਦੇ ਨਾਂ 'ਤੇ 3.50 ਲੱਖ ਦੀ ਠੱਗੀ

ਲੁਧਿਆਣਾ 24 ਮਈ। ਵਿਦੇਸ਼ ਭੇਜਣ ਦੇ ਨਾਂ 'ਤੇ ਧੋਖਾਧੜੀ ਦਾ ਇਕ ਹੋਰ ਮਾਮਲਾ ਸਾਹਮਣੇ ਆਇਆ ਹੈ। ਥਾਣਾ ਕੂਮ ਕਲਾਂ ਪੁਲਸ ਨੇ ਲਗਜ਼ਮਬਰਗ ਦਾ ਵਰਕ ਪਰਮਿਟ ਵੀਜ਼ਾ ਲਗਵਾਉਣ ਦੇ ਨਾਂ 'ਤੇ 3.50 ਲੱਖ ਰੁਪਏ ਦੀ ਠੱਗੀ ਮਾਰਨ ਅਤੇ ਜਾਨ ਤੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਵਿਚ ਦੋ ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਰਿਸ਼ਭ ਠਾਕੁਰ ਨਿਵਾਸੀ ਮਾਰਵਲ ਮੈਸ ਮਾਰਗ ਗਰੁੱਪ, ਐੱਸ.ਸੀ.ਐੱਫ-65, ਟਾਪ ਫਲੋਰ, ਫੇਸ-5, ਮੋਹਾਲੀ ਵਜੋਂ ਹੋਈ ਹੈ। ਪੁਲਸ ਕੂਮ ਕਲਾਂ ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮਾਂ ਖਿਲਾਫ ਧੋਖਾਧੜੀ, ਜਾਅਲਸਾਜ਼ੀ ਅਤੇ ਧਮਕੀ ਦੇਣ ਦੀਆਂ ਧਾਰਾਵਾਂ ਦੇ ਤਹਿਤ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਸ਼ਿਕਾਇਤ ਵਿਚ ਤਰਲੋਚਨ ਕੌਰ, ਮਾਲਕ ਮੈਸ ਸੌਰਿੰਗ ਗਲੋਬਲ ਇਮੀਗ੍ਰੇਸ਼ਨ ਕੰਸਲਟੈਂਟ, ਕਟਾਣੀ ਕਲਾਂ ਨੇ ਦੱਸਿਆ ਕਿ ਉਨ੍ਹਾਂ ਦਾ ਇਮੀਗ੍ਰੇਸ਼ਨ ਦਾ ਦਫਤਰ ਕਟਾਣੀ ਕਲਾਂ ਲੁਧਿਆਣਾ ਵਿਚ ਸਥਿਤ ਹੈ। ਸ਼ਿਕਾਇਤਕਰਤਾ ਮੁਤਾਬਕ ਉਨ੍ਹਾਂ ਨੇ ਆਪਣੇ ਤਿੰਨ ਗਾਹਕਾਂ ਦੇ ਲਗਜ਼ਮਬਰਗ ਦੇ ਵਰਕ ਪਰਮਿਟ ਵੀਜ਼ਾ ਲਗਵਾਉਣ ਲਈ ਮੁਲਜ਼ਮਾਂ ਨੂੰ 3 ਲੱਖ 50 ਹਜ਼ਾਰ ਰੁਪਏ ਨਕਦ ਦਿੱਤੇ ਸਨ। ਤਰਲੋਚਨ ਕੌਰ ਨੇ ਦੋਸ਼ ਲਾਇਆ ਕਿ ਮੁਲਜ਼ਮਾਂ ਨੇ 18 ਅਕਤੂਬਰ 2024 ਨੂੰ ਉਨ੍ਹਾਂ ਦੇ ਵ?ਹਟਸਐਪ ਨੰਬਰ 'ਤੇ ਤਿੰਨੋ ਵਿਅਕਤੀਆਂ ਦੇ ਕਥਿਤ ਵਰਕ ਪਰਮਿਟ ਵੀਜ਼ਾ ਭੇਜ ਦਿੱਤੇ। ਜਾਂਚ ਦੌਰਾਨ ਪਤਾ ਲੱਗਾ ਕਿ ਭੇਜੇ ਸਾਰੇ ਵੀਜ਼ਾ ਦਸਤਾਵੇਜ਼ ਫਰਜ਼ੀ ਸਨ। ਜਦੋਂ ਉਨ੍ਹਾਂ ਨੇ ਮੁਲਜ਼ਮਾਂ ਨਾਲ ਇਸ ਸਬੰਧੀ ਗੱਲ ਕੀਤੀ ਤਾਂ ਉਨ੍ਹਾਂ ਨੇ ਪੈਸੇ ਵਾਪਸ ਕਰਨ ਦੀ ਬਜਾਏ ਜਾਨ ਤੋਂ ਮਾਰਨ ਦੀਆਂ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I hitherto known as GOUTAM SINGH S/O MANOHAR LAL R/O HOUSE NUMBER-485, WARD NUMBER-33, NEAR MATA HAR KAUR SCHOOL, CHOWK MAJITHIA, MOGA, PO-MOGA, DISTT-MOGA, PUNJAB-142001 have changed my name and shall hereafter be known as GOUTAM.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਗਿੱਲ ਕਲਾਂ, ਬਠਿੰਡਾ ਭਾਰਤ ਸਰਕਾਰ ਵੱਲੋਂ ਭਾਈਚਾਰਕ ਸਾਂਝ 'ਤੇ ਅਧਾਰਿਤ ਜਲ ਪ੍ਰਬੰਧਨ ਲਈ ਮਾਡਲ ਪਿੰਡ ਵਜੋਂ ਉਭਰਿਆ: ਡੀ.ਸੀ.

**➢ ਬਠਿੰਡਾ ਦੇ ਗਿੱਲ ਕਲਾਂ ਨੂੰ ਟਿਕਾਊ ਟੈਪ ਜਾਲ ਪ੍ਰਬੰਧਨ ਲਈ ਕੌਮੀ ਪੱਧਰ 'ਤੇ ਮਿਲੀ ਸ਼ਲਾਘਾ ➢ ਜਨ ਭਾਗੀਦਾਰੀ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਗਿੱਲ ਕਲਾਂ ਵਿੱਚ 100 ਫੀਸਦੀ ਟੈਪ ਵਾਟਰ ਕਵਰੇਜ ਹਾਸਲ**

**ਚੰਡੀਗੜ੍ਹ/ ਬਠਿੰਡਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਮਪੁਰਾ ਬਲਾਕ ਦਾ ਪਿੰਡ ਗਿੱਲ ਕਲਾਂ ਭਾਈਚਾਰਕ ਸਾਂਝ 'ਤੇ ਅਧਾਰਿਤ ਜਲ ਪ੍ਰਬੰਧਨ ਦਾ ਇਕ ਸ਼ਾਨਦਾਰ ਮਾਡਲ ਬਣ ਕੇ ਉਭਰਿਆ ਹੈ, ਜਿੱਥੇ ਜਨ ਭਾਗੀਦਾਰੀ ਅਤੇ ਸਾਂਝੀ ਜ਼ਿੰਮੇਵਾਰੀ ਨੇ ਹਰ ਘਰ ਤੱਕ ਟੈਪ ਵਾਟਰ ਸਪਲਾਈ ਪਹੁੰਚਾਇਆ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪਿੰਡ ਦੇ ਜਲ ਪ੍ਰਬੰਧਨ ਯਤਨਾਂ ਨੂੰ ਅੱਜ ਜਲ ਜੀਵਨ ਮਿਸ਼ਨ ਤਹਿਤ ਹੋਈ 'ਸੁਜਲ ਗ੍ਰਾਮ ਸੰਵਾਦ' ਦੀ ਵਰਚੁਅਲ ਕਾਨਫਰੰਸ ਦੌਰਾਨ ਸ਼ਲਾਘਾ ਮਿਲੀ। ਇਸ ਨਾਲ ਬਠਿੰਡਾ ਜ਼ਿਲ੍ਹੇ ਨੂੰ ਪ੍ਰਭਾਵਸ਼ਾਲੀ ਭਾਗੀਦਾਰੀ ਅਤੇ ਟਿਕਾਊ ਜਲ ਸਪਲਾਈ ਪ੍ਰਬੰਧਨ ਲਈ ਕੌਮੀ ਪੱਧਰ 'ਤੇ ਮਾਨਤਾ ਪ੍ਰਾਪਤ ਹੋਈ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਿੱਲ ਕਲਾਂ ਨੇ ਇਹ ਸਾਬਤ ਕੀਤਾ ਹੈ ਕਿ ਜਾਗਰੂਕਤਾ ਅਤੇ ਲੋਕਾਂ ਦਾ ਭਰੋਸਾ ਪਿੰਡਾਂ ਦੀ ਜਲ ਸਪਲਾਈ ਪ੍ਰਣਾਲੀ ਵਿੱਚ ਕਿਵੇਂ ਬਦਲਾਅ ਲਿਆ ਸਕਦੇ ਹਨ। ਨਹਿਰੀ ਪਾਣੀ 'ਤੇ ਆਧਾਰਿਤ ਪਿੰਡ ਦੀ ਜਲ ਸਪਲਾਈ ਸਕੀਮ ਨੂੰ ਸਾਲ 2020 ਵਿੱਚ 2.96 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਸੀ। ਇਸ ਤੋਂ ਬਾਅਦ ਸਾਲ 2021-22 ਦੌਰਾਨ ਇਸ ਦੀ ਮਜ਼ਬੂਤੀ ਲਈ ਹੋਰ ਕੰਮ ਵੀ ਮੁਕੰਮਲ ਕੀਤੇ ਗਏ। ਬਾਅਦ ਵਿੱਚ ਸਤੰਬਰ 2022 ਵਿੱਚ ਇਸ ਸਕੀਮ ਨੂੰ ਸਥਾਨਕ ਪ੍ਰਬੰਧਨ ਅਤੇ ਸੰਚਾਲਨ ਲਈ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀ ਦੇ ਹਵਾਲੇ ਕਰ ਦਿੱਤਾ ਗਿਆ।



ਉਨ੍ਹਾਂ ਦੱਸਿਆ ਕਿ ਪਿੰਡ ਦੇ ਸਾਰੇ 784 ਘਰਾਂ ਵਿੱਚ ਹੁਣ ਟੈਪ ਵਾਟਰ ਕੁਨੈਕਸ਼ਨ ਉਪਲਬਧ ਹਨ। ਸ਼ੁਰੂ ਵਿੱਚ ਕਈ ਪਿੰਡ ਵਾਸੀ ਸਪਲਾਈ ਦੇ ਪਾਣੀ ਦੀ ਵਰਤੋਂ ਕਰਨ ਤੋਂ ਹਿਚਕਿਚਾਉਂਦੇ ਸਨ ਅਤੇ ਸਬਮਰਸੀਬਲ ਪੰਪ ਦੇ ਪਾਣੀ ਨੂੰ ਤਰਜੀਹ ਦਿੰਦੇ ਸਨ। ਹਾਲਾਂਕਿ ਨਿਯਮਿਤ ਜਾਗਰੂਕਤਾ ਮੁਹਿੰਮਾਂ, ਘਰ-ਘਰ ਸੰਪਰਕ ਅਤੇ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਫੀਲਡ ਟੈਸਟਿੰਗ ਕਿੱਟਾਂ ਰਾਹੀਂ ਕੀਤੀ ਗਈ ਪਾਣੀ ਦੀ ਗੁਣਵੱਤਾ ਜਾਂਚ ਨਾਲ ਲੋਕਾਂ ਦਾ ਭਰੋਸਾ ਵਧਿਆ। ਪਾਰਦਰਸ਼ੀ ਜਾਂਚ ਪ੍ਰਕਿਰਿਆ ਅਤੇ ਚੰਗੇ ਨਤੀਜਿਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਵਾਸੀਆਂ ਨੇ ਆਪਣੀ ਮਰਜ਼ੀ ਨਾਲ ਘਰੇਲੂ ਪਾਣੀ ਕੁਨੈਕਸ਼ਨਾਂ ਲਈ ਅਰਜ਼ੀਆਂ ਦਿੱਤੀਆਂ, ਜਿਸ ਨਾਲ 100 ਫੀਸਦੀ ਕਵਰੇਜ ਹਾਸਲ ਹੋਈ।

ਡੀਸੀ ਰਾਜੇਸ਼ ਧੀਮਾਨ ਨੇ ਅੱਗੇ ਦੱਸਿਆ ਕਿ ਪਿੰਡ ਵਿੱਚ ਹੁਣ ਰੋਜ਼ਾਨਾ ਚਾਰ ਘੰਟੇ ਪੀਣ ਯੋਗ ਪਾਣੀ ਦੀ ਸਪਲਾਈ ਕੀਤੀ ਜਾ ਰਹੀ ਹੈ ਅਤੇ ਪੂਰੇ ਸੰਚਾਲਨ ਦਾ ਪ੍ਰਬੰਧ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀ ਵੱਲੋਂ ਕੁਸ਼ਲਤਾਪੂਰਵਕ ਕੀਤਾ ਜਾ ਰਿਹਾ ਹੈ। ਕਮੇਟੀ ਨੇ ਸਿਸਟਮ ਦੇ ਸੁਚਾਰੂ ਢੰਗ ਨਾਲ ਚਲਾਉਣ ਲਈ ਅਤੇ ਨਿਯਮਿਤ ਰੱਖ-ਰਖਾਅ ਲਈ ਇਕ ਨਿੱਜੀ ਪੰਪ ਆਪਰੇਟਰ ਨੂੰ ਨਿਯੁਕਤ ਕੀਤਾ ਹੈ। ਸਾਲਾਨਾ ਸੰਚਾਲਨ ਖਰਚੇ ਪੂਰੇ ਕਰਨ ਤੋਂ ਬਾਅਦ ਕਮੇਟੀ ਨੂੰ ਹਰ ਸਾਲ ਕਰੀਬ 2 ਲੱਖ ਰੁਪਏ ਦੀ ਆਮਦਨ ਹੋ ਰਹੀ ਹੈ ਅਤੇ ਪਾਣੀ ਸਪਲਾਈ ਸੰਚਾਲਨ ਤੋਂ ਕਰੀਬ 6 ਲੱਖ ਰੁਪਏ ਦੀ ਬਚਤ ਇਕੱਠੀ ਹੋ ਚੁੱਕੀ ਹੈ। ਉਨ੍ਹਾਂ ਪਿੰਡ ਦੀ ਪੰਚਾਇਤ, ਪਾਣੀ ਸਬੰਧੀ ਕਮੇਟੀ ਦੇ ਮੈਂਬਰਾਂ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਸਕੀਮ ਨੂੰ ਲੰਬੇ ਸਮੇਂ ਤੱਕ ਟਿਕਾਊ ਬਣਾਉਣ ਲਈ ਸਾਂਝੇ ਉਪਰਾਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਲਗਾਤਾਰ ਜਾਗਰੂਕਤਾ ਕੈਂਪ, ਪਿੰਡ ਵਾਸੀਆਂ ਦੀਆਂ ਮੀਟਿੰਗਾਂ ਅਤੇ ਪਾਣੀ ਜਾਂਚ ਗਤੀਵਿਧੀਆਂ ਲੋਕ ਭਾਗੀਦਾਰੀ ਅਤੇ ਜਵਾਬਦੇਹੀ ਨੂੰ ਕਾਇਮ ਰੱਖਣ ਵਿੱਚ ਮਦਦਗਾਰ ਸਾਬਤ ਹੋ ਰਹੀਆਂ ਹਨ, ਜਿਸ ਨਾਲ ਗਿੱਲ ਕਲਾਂ ਕਮਿਊਨਿਟੀ ਪ੍ਰਬੰਧਿਤ ਜਲ ਸਪਲਾਈ ਪ੍ਰਣਾਲੀਆਂ ਲਈ ਇਕ ਮਾਡਲ ਪਿੰਡ ਬਣ ਗਿਆ ਹੈ।

## ਕੰਢੀ ਖੇਤਰ 'ਚ 20 ਕਰੋੜ ਦੀ ਲਾਗਤ ਨਾਲ ਬਣਨਗੇ ਤਿੰਨ ਪੁੱਲ : ਡਾ. ਰਾਜ ਕੁਮਾਰ ਚੱਬੇਵਾਲ



**ਹੁਸ਼ਿਆਰਪੁਰ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਕੰਢੀ ਖੇਤਰ ਵਿਚ ਬਿਹਤਰ ਆਵਾਜਾਈ ਅਤੇ ਲੋਕਾਂ ਨੂੰ ਵੱਡੀ ਸੁਵਿਧਾ ਦਿੰਦੇ ਹੋਏ ਤਿੰਨ ਵੱਡੇ ਪੁੱਲਾਂ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਲਈ ਪੰਜਾਬ ਦੇ ਸੀ.ਐਮ. ਭਗਵੰਤ ਮਾਨ ਵਲੋਂ 20 ਕਰੋੜ ਰੁਪਏ ਦੇ ਫੰਡ ਜਾਰੀ ਕਰ ਦਿੱਤੇ ਗਏ ਹਨ।

ਪਿੰਡ ਡਾਡਾ ਵਿਚ ਹੋਏ ਵਿਸ਼ਾਲ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਤਿੰਨ ਬ੍ਰਿਜ ਬੱਡਲਾ ਚੋਅ, ਮਾਂਝੀ ਚੋਅ ਅਤੇ ਭੰਗੀ ਚੋਅ 'ਤੇ ਬਣਨਗੇ ਜਿਨ੍ਹਾਂ ਦਾ ਨਿਰਮਾਣ ਕਾਰਜ ਕੁਝ ਹੀ ਦਿਨਾਂ ਵਿਚ ਸ਼ੁਰੂ ਹੋਣ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪੁੱਲ ਕੰਢੀ ਖੇਤਰ ਦੇ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਣਗੇ, ਕਿਉਂਕਿ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਚੱਲੀ ਆ ਰਹੀ ਕਿ ਉਨ੍ਹਾਂ ਨੂੰ ਇਹ ਸੁਵਿਧਾ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਦ ਉਹ ਵਿਧਾਇਕ ਸਨ, ਉਸ ਸਮੇਂ ਤੋਂ ਇਨ੍ਹਾਂ ਪੁੱਲਾਂ ਦੀ ਮੰਗ ਚਲੀ ਆ ਰਹੀ ਸੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਕੰਮ ਨੂੰ ਅੰਤਿਮ ਰੂਪ ਦਿੰਦੇ ਹੋਏ ਸਾਰੀਆਂ ਸ਼ਰਤਾਂ ਪੂਰੀਆਂ ਕਰ ਲਈਆਂ ਹਨ।

ਕੰਢੀ ਖੇਤਰ ਵਿਚ ਮਾਨਸੂਨ ਅਤੇ ਬਾਰਸ਼ ਦੇ ਦਿਨਾਂ ਵਿਚ ਇਨ੍ਹਾਂ ਪੁੱਲਾਂ ਦੀ ਕਮੀ ਹੋਣ ਕਾਰਨ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਗੱਲ ਕਰਦੇ ਹੋਏ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਨ੍ਹਾਂ ਪੁੱਲਾਂ ਦਾ ਨਿਰਮਾਣ ਹੋਣ ਉਪਰੰਤ ਲੋਕਾਂ ਨੂੰ ਹਰ ਸਾਲ ਪੇਸ਼ ਆਉਂਦੀਆਂ ਸਮੱਸਿਆਵਾਂ ਨੂੰ ਪੂਰਨ ਤੌਰ 'ਤੇ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਬੱਡਲਾ ਚੋਅ 'ਤੇ 6.46 ਕਰੋੜ ਦੀ ਲਾਗਤ ਨਾਲ, ਮਾਂਝੀ ਚੋਅ 'ਤੇ 5.93 ਕਰੋੜ ਦੀ ਲਾਗਤ ਨਾਲ, ਭੰਗੀ ਚੋਅ 'ਤੇ 8.11 ਕਰੋੜ ਰੁਪਏ ਦੀ ਲਾਗਤ ਨਾਲ ਪੁੱਲਾਂ ਦਾ ਨਿਰਮਾਣ ਹੋਵੇਗਾ। ਉਨ੍ਹਾਂ ਕਿਹਾ ਕਿ ਕੰਢੀ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਸੜਕਾਂ ਦਾ ਨਵੀਨੀਕਰਨ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ ਜਿਸ ਤਹਿਤ ਜ਼ਿਆਦਾਤਰ ਸੜਕਾਂ 18 ਫੁੱਟ ਚੌੜਾਈ ਵਾਲੀਆਂ ਬਣਾਈਆਂ ਜਾ ਰਹੀਆਂ ਤਾਂ ਜੋ ਲੋਕਾਂ ਨੂੰ ਆਉਣ ਜਾਣ ਵਿਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਹਰ ਵਰਗ ਦੇ ਹਿੱਤ ਵਿਚ ਕੰਮ ਕੀਤਾ ਹੈ ਚਾਹੇ ਉਦਯੋਗਿਕ, ਕਿਸਾਨੀ, ਬਿਜਲੀ ਖੇਤਰ, ਸਮਾਜਿਕ ਸੁਰੱਖਿਆ, ਸਿੱਖਿਆ, ਸਿਹਤ ਜਾਂ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਹੋਵੇ। ਇਸ ਮੌਕੇ ਡਾ. ਜਤਿੰਦਰ ਕੁਮਾਰ, ਸਰਪੰਚ ਸੁਰਿੰਦਰ ਸਿੰਘ, ਕਸ਼ਮੀਰੀ ਲਾਲ ਅਤੇ ਹੋਰ ਪਤਵੰਤੇ ਲੋਕ ਮੌਜੂਦ ਸਨ।

# ਮੋਦੀ, ਸ਼ਾਹ ਅਤੇ ਆਰ ਐੱਸ ਐੱਸ ਗ਼ੱਦਾਰ: ਰਾਹੁਲ ਗਾਂਧੀ

**ਚੋਣਵੇਂ ਸਨਅਤਕਾਰਾਂ ਨੂੰ ਦੇਸ਼ ਦੇ ਹਿੱਤ ਵੇਚਣ ਦੇ ਦੋਸ਼; ਭਵਿੱਖ ਵਿੱਚ ਵੱਡੇ ਆਰਥਿਕ ਸੰਕਟ ਤੇ ਮਹਿੰਗਾਈ ਵਧਣ ਦੀ ਚਿਤਾਵਨੀ**

**ਰਾਏਬਰੇਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਆਰ ਐੱਸ ਐੱਸ ਨੂੰ ਗ਼ੱਦਾਰ ਦੱਸਦਿਆਂ ਉਨ੍ਹਾਂ 'ਤੇ ਦੇਸ਼ ਦੇ ਸੰਵਿਧਾਨ 'ਤੇ ਲਗਾਤਾਰ ਹਮਲੇ ਕਰਨ ਅਤੇ ਚੋਣਵੇਂ ਸਨਅਤਕਾਰਾਂ ਨੂੰ ਦੇਸ਼ ਦੇ ਹਿੱਤ ਵੇਚਣ ਦੇ ਦੋਸ਼ ਲਾਏ ਹਨ। ਆਪਣੇ ਸੰਸਦੀ ਖੇਤਰ ਰਾਏਬਰੇਲੀ ਦੇ ਦੌਰੇ ਦੌਰਾਨ ਕ੍ਰਾਂਤੀਕਾਰੀ ਵੀਰਾ ਪਾਸੀ ਦੀ ਯਾਦ ਵਿੱਚ ਕਰਵਾਈ ਗਈ 'ਬਹੁਜਨ ਸਵਾਭਿਮਾਨ ਸਭਾ' ਨੂੰ ਸੰਬੋਧਨ ਕਰਦਿਆਂ ਕਾਂਗਰਸ ਆਗੂ ਨੇ ਲੋਕਾਂ ਨੂੰ ਦੇਸ਼ ਦੇ ਹਿੱਤਾਂ ਅਤੇ ਸੰਵਿਧਾਨ ਦੀ ਰਾਖੀ ਲਈ ਲੜਨ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਇਰਾਨ ਵਿਚਾਲੇ ਚੱਲ ਰਹੀ ਜੰਗ ਕਾਰਨ ਆਉਣ ਵਾਲੇ ਮਹੀਨਿਆਂ ਵਿੱਚ ਦੇਸ਼ ਨੂੰ ਵੱਡੇ ਆਰਥਿਕ ਸੰਕਟ ਅਤੇ ਭਾਰੀ ਮਹਿੰਗਾਈ ਦਾ ਸਾਹਮਣਾ ਕਰਨਾ ਪਵੇਗਾ। ਤੇਲ ਦੀ ਸਪਲਾਈ ਪ੍ਰਭਾਵਿਤ ਹੋਣ ਨਾਲ ਪੈਟਰੋਲ, ਡੀਜ਼ਲ, ਰਸੋਈ ਗੈਸ ਅਤੇ ਅਨਾਜ ਦੀਆਂ ਕੀਮਤਾਂ ਰਿਕਾਰਡ ਪੱਧਰ 'ਤੇ ਪਹੁੰਚ ਜਾਣਗੀਆਂ। ਜਨਤਾ ਮਹਿੰਗਾਈ ਦੀ ਮਾਰ ਝੱਲੇਗੀ, ਪਰ ਵੱਡੇ ਕਾਰਪੋਰੇਟ ਘਰਾਣਿਆਂ 'ਤੇ ਇਸ ਦਾ ਕੋਈ ਅਸਰ ਨਹੀਂ ਪਵੇਗਾ।

ਉਨ੍ਹਾਂ ਕੇਂਦਰ ਸਰਕਾਰ 'ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਜਨਤਕ ਖੇਤਰ, ਰਾਖਵੇਂਕਰਨ ਅਤੇ ਆਜ਼ਾਦ ਨਿਆਂਪਾਲਿਕਾ ਦੇ ਅਧਿਕਾਰ ਖ਼ਤਮ ਕੀਤੇ ਜਾ ਰਹੇ ਹਨ। ਪ੍ਰੈੱਸ ਦੀ ਆਜ਼ਾਦੀ ਪੂਰੀ ਤਰ੍ਹਾਂ ਖ਼ਤਮ ਕਰ ਦਿੱਤੀ ਗਈ ਹੈ ਅਤੇ ਦੇਸ਼ ਦੀ ਅਰਥ ਵਿਵਸਥਾ ਵੱਡੇ



ਸਨਅਤਕਾਰਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਸਰਕਾਰੀ ਯੂਨੀਵਰਸਿਟੀਆਂ ਵਿੱਚ ਆਰ ਐੱਸ ਐੱਸ ਦੇ ਅਜਿਹੇ ਵਾਈਸ ਚਾਂਸਲਰ ਨਿਯੁਕਤ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਵਿਗਿਆਨ, ਇਤਿਹਾਸ ਜਾਂ ਭੂਗੋਲ ਦਾ ਕੋਈ ਗਿਆਨ ਨਹੀਂ ਹੈ। ਇਸੇ ਤਰ੍ਹਾਂ ਵੋਟਰ ਸੂਚੀਆਂ ਦੀ ਵਿਆਪਕ ਸੋਧ ਦੇ ਨਾਂ 'ਤੇ ਕਰੋੜਾਂ ਵੋਟਰਾਂ ਦੇ ਨਾਂ ਸੂਚੀਆਂ 'ਚੋਂ ਕੱਟ ਕੇ ਲੋਕਤੰਤਰ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ।

ਨਵੀਂ ਦਿੱਲੀ: ਭਾਜਪਾ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਖ਼ਿਲਾਫ਼ ਦਿੱਤੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਭਾਸ਼ਾ ਉਨ੍ਹਾਂ ਦੀ ਅਰਾਜਕ ਮਾਨਸਿਕਤਾ ਅਤੇ ਚੋਣ ਹਾਰਾਂ ਦੀ ਨਿਰਾਸ਼ਾ ਦਰਸਾਉਂਦੀ ਹੈ। ਰਾਹੁਲ ਗਾਂਧੀ ਨੂੰ ਇਸ ਬਿਆਨ ਲਈ ਮੁਆਫ਼ੀ ਮੰਗਣੀ ਚਾਹੀਦੀ ਹੈ। ਪਾਰਟੀ ਦੇ ਬੁਲਾਰੇ ਪ੍ਰਦੀਪ ਭੰਡਾਰੀ ਨੇ ਵੀ ਰਾਹੁਲ 'ਤੇ ਦੇਸ਼ ਵਿਰੋਧੀ ਤਾਕਤਾਂ ਦੇ ਏਜੰਡੇ 'ਤੇ ਕੰਮ ਕਰਨ ਦਾ ਦੋਸ਼ ਲਾਇਆ।

## ਸਵੈ-ਗਣਨਾ ਵਿੱਚ ਕੁੱਲ 8239 ਐਂਟਰੀਆਂ ਨਾਲ ਫਾਜਿਲਕਾ ਨੇ ਪੰਜਾਬ ਵਿੱਚ ਪ੍ਰਾਪਤ ਕੀਤਾ ਦੂਜਾ ਸਥਾਨ

**ਫਾਜ਼ਿਲਕਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਜੀਟਲ ਜਨਗਣਨਾ-2027 ਦੇ ਤਹਿਤ ਹੋਈ ਸਵੈ-ਗਣਨਾ ਵਿੱਚ ਫਾਜਿਲਕਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ। ਸਵੈ-ਗਣਨਾ ਵਿੱਚ ਫਾਜਿਲਕਾ ਦੀ ਹੱਦ ਅੰਦਰ ਕੁੱਲ 8239 ਲੋਕਾਂ ਨੇ ਉਨ੍ਹਾਂ ਨਾਲ ਸਬੰਧਤ ਜਾਣਕਾਰੀ ਅਤੇ 33 ਸਵਾਲਾਂ ਦੇ ਜਵਾਬ ਦੀਆਂ ਐਂਟਰੀਆਂ ਨਾਲ ਫਾਜਿਲਕਾ ਜਿਲ੍ਹੇ ਨੂੰ ਪੰਜਾਬ ਵਿੱਚੋਂ ਦੂਜਾ ਸਥਾਨ ਹਾਸਲ ਕਰਵਾਇਆ ਹੈ। ਜ਼ਿਲ੍ਹਾ ਲੁਧਿਆਣਾ ਪਹਿਲੇ ਤੇ ਸਾਹਿਬਜਾਦਾ ਅਜੀਤ ਸਿੰਘ ਨਗਰ ਤੀਜੇ ਸਥਾਨ ਤੇ ਰਿਹਾ ਹੈ। ਡਿਪਟੀ ਕਮਿਸ਼ਨਰ ਫਾਜਿਲਕਾ-ਕਮ-ਪ੍ਰਿੰਸੀਪਲ ਜਨਗਣਨਾ ਅਧਿਕਾਰੀ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਇਸ ਪ੍ਰਾਪਤੀ ਲਈ ਸ਼ਹਿਰ ਵਾਸੀਆਂ ਨੂੰ ਵਧਾਈ ਦੇਣ ਦੇ ਨਾਲ ਨਾਲ ਉਨ੍ਹਾਂ ਦਾ ਧੰਨਵਾਦ ਵੀ ਕੀਤਾ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਫਾਜ਼ਿਲਕਾ ਵੱਲੋ ਦਫ਼ਤਰ ਵਿਖੇ ਜਨਗਣਨਾ ਚਾਰਜ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਡਿਜੀਟਲ ਜਨਗਣਨਾ-2027 (ਘਰ ਸੂਚੀਕਰਨ ਅਤੇ ਰਿਹਾਇਸ਼ੀ ਜਨਗਣਨਾ) ਦੇ ਪਹਿਲੇ ਪੜਾਅ ਤਹਿਤ ਚੱਲ ਰਹੇ ਫੀਲਡ ਸਰਵੇਖਣ ਨੂੰ ਤੇਜ਼ ਅਤੇ ਸੁਚਾਰੂ ਬਣਾਉਣ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਗਏ। ਘਰ-ਘਰ ਸਰਵੇਖਣ ਦਾ ਕੰਮ 15 ਮਈ ਨੂੰ ਸ਼ੁਰੂ ਹੋਇਆ ਸੀ ਅਤੇ ਇਹ 13 ਜੂਨ ਤੱਕ ਜਾਰੀ ਰਹੇਗਾ। ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗਿਣਤੀਕਾਰਾਂ ਨਾਲ ਸਹਿਯੋਗ ਕਰਨ ਅਤੇ ਉਨ੍ਹਾਂ ਨੂੰ ਸਹੀ ਜਾਣਕਾਰੀ ਪ੍ਰਦਾਨ ਕਰਨ ਕਿਉਂਕਿ ਇਹ ਡੈਟਾ ਸਰਕਾਰ ਨੂੰ ਵਸਨੀਕਾਂ ਲਈ ਨੀਤੀਆਂ ਅਤੇ ਭਲਾਈ ਯੋਜਨਾਵਾਂ ਬਣਾਉਣ ਵਿੱਚ ਮਦਦ ਕਰੇਗਾ। ਗਿਣਤੀਕਾਰ ਫੀਲਡ ਸਰਵੇਖਣ ਦੌਰਾਨ ਰਾਜ ਸਰਕਾਰ ਦੁਆਰਾ ਸੂਚੀਬੱਧ 33 ਸਵਾਲ ਪੁੱਛਣਗੇ। ਜੇਕਰ ਨਿਵਾਸੀਆਂ ਨੇ ਸਵੈ-ਗਣਨਾ ਰਾਹੀਂ ਆਪਣੇ ਰਿਹਾਇਸ਼ੀ ਵੇਰਵੇ ਜਮ੍ਹਾਂ ਕਰਵਾਏ ਹਨ, ਤਾਂ ਉਨ੍ਹਾਂ ਨੂੰ ਸਿਰਫ਼ ਫੀਲਡ ਸਰਵੇਖਣ ਦੌਰਾਨ ਆਪਣੀ ਜਾਇਦਾਦ ਦਾ ਦੌਰਾ ਕਰਨ ਵੇਲੇ ਗਿਣਤੀਕਾਰ ਨਾਲ ਐਸਈ-ਆਈਡੀ ਸਾਂਝਾ ਕਰਨਾ ਪਵੇਗਾ। ਗਿਣਤੀਕਾਰਾਂ ਦੁਆਰਾ ਕੋਈ ਦਸਤਾਵੇਜ਼ ਜਾਂ ਓਟੀਪੀ ਨਹੀਂ ਮੰਗਿਆ ਜਾਵੇਗਾ।

## ਵੋਟ ਪਾਉਣ ਲਈ ਵੋਟਰ ਕਾਰਡ ਤੋਂ ਇਲਾਵਾ ਹੋਰ ਦਸਤਾਵੇਜ਼ ਵੀ ਹੋਣਗੇ ਮਾਨਤਾ ਪ੍ਰਾਪਤ

**ਬਟਾਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) -ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਗੁਰਦਾਸਪੁਰ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਨਗਰ ਨਿਗਮ ਬਟਾਲਾ ਤੇ ਨਗਰ ਕੌਂਸਲ ਧਾਰੀਵਾਲ, ਫਤਿਹਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਲਈ ਵੋਟਾਂ ਮਿਤੀ 26 ਮਈ, ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈ ਰਹੀਆਂ ਹਨ।

ਉਹਨਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੋਟਰ ਕੋਲ ਵੋਟ ਪਾਉਣ ਸਮੇਂ ਆਪਣੀ ਸ਼ਨਾਖਤ ਲਈ ਐਪਿਕ (ਵੋਟਰ ਸ਼ਨਾਖ਼ਤੀ ਕਾਰਡ) ਮੌਜੂਦ ਨਹੀਂ ਹੈ, ਤਾਂ ਉਹ ਵੋਟਰ ਕਿਸੇ ਹੋਰ ਦਸਤਾਵੇਜ਼ (ਡਾਕੂਮੈਂਟ) ਜਿਵੇਂ ਕਿ-ਪਾਸਪੋਰਟ, ਪੈਨਸ਼ਨ ਕਾਰਡ, ਯੂ.ਡੀ.ਆਈ.ਡੀ. ਕਾਰਡ, ਬੈਂਕ/ਡਾਕਖਾਨਾ ਪਾਸਬੁੱਕ, ਮਨਰੇਗਾ ਕਾਰਡ, ਡਰਾਈਵਿੰਗ ਲਾਇਸੰਸ, ਸਰਵਿਸ ਆਈ.ਡੀ. ਕਾਰਡ, ਆਫ਼ੀਸ਼ੀਅਲ ਆਈ.ਡੀ. ਕਾਰਡ, ਆਧਾਰ ਕਾਰਡ, ਪੈਨ ਕਾਰਡ, ਹੈਲਥ ਇਨਸ਼ੋਰੈਂਸ ਸਮਾਰਟ ਕਾਰਡ ਆਦਿ ਸਬੰਧਤ ਅਧਿਕਾਰੀ ਨੂੰ ਦਿਖਾ ਕੇ ਆਪਣੀ ਵੋਟ ਪਾ ਸਕਦਾ ਹੈ।

## ਨੌਸ਼ਹਿਰਾ ਪੰਨੂਆਂ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ




**ਤਰਨਤਾਰਨ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸਨਰ ਤਰਨ ਤਾਰਨ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਰਹਿਨੁਮਾਈ ਅਤੇ ਬਲਾਕ ਖੇਤੀਬਾੜੀ ਅਫਸਰ ਨੌਸ਼ਹਿਰਾ ਪਨੂੰਆਂ ਡਾ. ਮਲਵਿੰਦਰ ਸਿੰਘ ਦੀ ਅਗਵਾਈ ਵਿੱਚ ਬਲਾਕ ਨੌਸ਼ਹਿਰਾ ਪੰਨੂਆਂ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮੰਤਵ ਕਣਕ ਦੇ ਨਾੜ ਨੂੰ ਨਾ ਸਾੜਨ ਅਤੇ ਝੋਨੇ ਦੀ ਪਨੀਰੀ ਨੂੰ ਬੀਜਣ ਦਾ ਢੰਗ ਅਤੇ ਝੋਨੇ ਦੀ ਫ਼ਸਲ ਦੀਆਂ ਬਿਮਾਰੀਆਂ ਸਬੰਧੀ ਜਾਣਕਾਰੀ ਸੀ। ਫਾਰਮ ਸਲਾਹਕਾਰ ਕੇਂਦਰ ਤੋ ਆਏ ਡਾ. ਪਰਮਿੰਦਰ ਸਿੰਘ ਨੇ ਝੋਨੇ ਅਤੇ ਬਾਸਮਤੀ ਦੀਆਂ ਕਿਸਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਝੋਨੇ ਅਤੇ ਬਾਸਮਤੀ ਵਿੱਚ ਨਦੀਨਾਂ ਦੀ ਰੋਕਥਾਮ, ਬਿਮਾਰੀਆਂ ਅਤੇ ਕੀੜੇ-ਮਕੌੜਿਆਂ ਦੇ ਹਮਲਿਆਂ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ।

ਸੁਖਵਿੰਦਰ ਸਿੰਘ ਏ.ਈ.ਓ ਨੇ ਕਿਸਾਨਾਂ ਨੂੰ ਪੀ.ਐਮ ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਫਾਰਮਰ ਐਡਵਾਈਜਰੀ ਕੈਂਪ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਮਨਦੀਪ ਸਿੰਘ ਪੰਨੂ ਏ.ਈ.ਓ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਤੇ ਸਾਉਣੀ ਮੱਕੀ ਦੀ ਬਿਜਾਈ ਸਬੰਧੀ ਜਾਣਕਾਰੀ ਦਿੱਤੀ। ਬਲਜਿੰਦਰ ਸਿੰਘ ਬਾਠ ਏ.ਈ.ਓ ਨੇ ਕਿਸਾਨਾਂ ਨੂੰ ਮਿੱਟੀ ਪਰਖ ਬਾਰੇ ਸੰਖੇਪ ਜਾਣਕਾਰੀ ਦਿੱਤੀ।ਸਟੇਜ ਸੈਕਟਰੀ ਦੀ ਭੂਮਿਕਾ ਸੁਖਵਿੰਦਰ ਸਿੰਘ ਏ,ਈ,ਓ ਨੇ ਨਿਭਾਈ। ਅੰਤ ਵਿੱਚ ਮਲਵਿੰਦਰ ਸਿੰਘ ਬਲਾਕ ਅਫ਼ਸਰ ਨੇ ਕਿਸਾਨਾਂ ਨੂੰ ਨਾੜ ਅਤੇ ਪਰਾਲੀ ਨੂੰ ਅੱਗ ਲਗਾਉਣ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਦੱਸਿਆ ਅਤੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਭਾਗ ਤੋ ਅਜੇਪਾਲ ਸਿੰਘ ਏ.ਟੀ.ਐਮ, ਸੁਖਮਨ ਸਿੰਘ ਫੀਲਡ ਵਰਕਰ ਅਤੇ ਪਿੰਡ ਲਾਲਪੁਰ ਤੇ ਹੋਰ ਪਿੰਡਾਂ ਦੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਤਕਨੀਕੀ ਕਾਲਜਾਂ 'ਚ ਸਿੱਖਿਆ ਹਾਸਲ ਕਰਨ ਲਈ ਆਨਲਾਈਨ ਰਜਿਸਟ੍ਰੇਸ਼ਨ ਦਾ ਕੰਮ ਸ਼ੁਰੂ : ਡਿਪਟੀ ਕਮਿਸ਼ਨਰ

**ਤਰਨਤਾਰਨ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਰਾਜ ਦੇ ਵੱਖ-ਵੱਖ ਤਕਨੀਕੀ ਕਾਲਜਾਂ ਵਿੱਚ ਸਾਲ 2026-27 ਦੌਰਾਨ ਤਕਨੀਕੀ ਸਿੱਖਿਆ ਹਾਸਲ ਕਰਨ ਲਈ ਆਨਲਾਈਨ ਰਜਿਸਟਰੇਸ਼ਨ ਦਾ ਕੰਮ ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ, ਚੰਡੀਗੜ੍ਹ ਵੱਲੋਂ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਚਾਹਵਾਨ ਵਿਦਿਆਰਥੀਆਂ ਲਈ ਇਕ ਹੈਲਪ ਡੈਸਕ ਸਰਕਾਰੀ ਬਹੁਤਕਨੀਕੀ ਕਾਲਜ ਭਿੱਖੀਵਿੰਡ ਵਿਖੇ ਸਥਾਪਿਤ ਕੀਤਾ ਗਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਹੈਲਪ ਡੈਸਕ 'ਤੇ ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀ, ਆਪਣੀ ਆਨਲਾਈਨ ਰਜਿਸਟ੍ਰੇਸ਼ਨ ਫੀਸ ਜਮ੍ਹਾ ਕਰਵਾ ਕੇ ਬਿਨਾਂ ਕਿਸੇ ਹੋਰ ਵਾਧੂ ਚਾਰਜ ਦੇ ਕੇ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀ ਇੰਜੀਨੀਅਰਿੰਗ ਡਿਪਲੋਮੇ ਦੇ ਪਹਿਲੇ ਸਾਲ ਵਿੱਚ ਦਾਖ਼ਲਾ ਲੈ ਸਕਦੇ ਹਨ, ਜਦਕਿ ਦੋ ਸਾਲਾ ਆਈ.ਟੀ.ਆਈ ਜਾਂ ਸਾਇੰਸ ਜਾਂ ਵੋਕੇਸ਼ਨਲ ਵਿਸ਼ਿਆਂ ਨਾਲ ਬਾਰ੍ਹਵੀਂ ਪਾਸ ਵਿਦਿਆਰਥੀ ਡਾਇਰੈਕਟ ਦੂਜੇ ਸਾਲ ਵਿੱਚ ਦਾਖ਼ਲਾ ਲੈ ਸਕਦੇ ਹਨ । ਦਾਖ਼ਲਾ ਲੈਣ ਲਈ ਚਾਹਵਾਨ ਵਿਦਿਆਰਥੀਆਂ ਨੂੰ ਆਨਲਾਈਨ ਰਜਿਸਟਰੇਸ਼ਨ ਵਿੱਚ ਮਦਦ ਕਰਨ ਲਈ ਹਰੇਕ ਕੰਮਕਾਜ਼ ਵਾਲੇ ਦਿਨ ਸਟਾਫ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ। ਉਪਰੋਕਤ ਰਜਿਸਟ੍ਰੇਸ਼ਨ ਲਈ ਟਾਈਪਿੰਗ, ਫੋਟੋਕਾਪੀ, ਹਸਤਾਖ਼ਰ ਅਤੇ ਸਰਟੀਫਿਕੇਟ ਸਕੈਨਿੰਗ ਆਦਿ ਲਈ ਕੋਈ ਵੀ ਫੀਸ ਇਸ ਕਾਲਜ ਵੱਲੋਂ ਨਹੀਂ ਲਈ ਜਾਵੇਗੀ।

ਸੰਸਥਾ ਦੇ ਪ੍ਰਿੰਸੀਪਲ ਰਜੇਸ਼ ਕੁਮਾਰ ਧੁੰਨਾਂ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਪੰਜਾਬ ਭਰ ਵਿੱਚ ਚੱਲ ਰਹੇ ਵੱਖ-ਵੱਖ ਤਕਨੀਕੀ ਕੋਰਸਾਂ ਦੀ ਜਾਣਕਾਰੀ ਦੇਣ ਹਿੱਤ ਇੱਕ ਗਾਈਡੈਂਸ ਸੈੱਲ ਮੈਡਮ ਰਜਵੰਤ ਕੌਰ (99142-63363) ਦੀ ਨਿਗਰਾਨੀ ਹੇਠ ਸਥਾਪਿਤ ਕੀਤਾ ਗਿਆ ਹੈ ।ਇਸ ਗਾਈਡੈਂਸ ਸੈੱਲ ਤੋਂ ਕਾਲਜ ਵਿੱਚ ਚੱਲ ਰਹੇ ਵੱਖ-ਵੱਖ ਇੰਜੀਨੀਅਰਿੰਗ ਡਿਪਲੋਮਾ ਕੋਰਸਾਂ ਦੀਆਂ ਫੀਸਾਂ ਸਬੰਧੀ ਜਾਣਕਾਰੀ ਮੁਫ਼ਤ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਬਹੁ-ਤਕਨੀਕੀ ਕਾਲਜ ਭਿੱਖੀਵਿੰਡ, ਆਸ ਪਾਸ ਅਤੇ ਬਾਰਡਰ ਨਾਲ ਲੱਗਦੇ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਤਕਨੀਕੀ ਹੁਨਰ ਨੂੰ ਉਜਾਗਰ ਕਰਨ ਲਈ 1996 ਤੋਂ ਬਹੁਮੁੱਲਾ ਯੋਗਦਾਨ ਪਾ ਰਿਹਾ ਹੈ। ਇਸ ਕਾਲਜ ਵਿੱਚ ਚੱਲ ਰਹੇ ਡਿਪਲੋਮਾ ਕੋਰਸ ਮਕੈਨੀਕਲ ਇੰਜੀਨੀਅਰਿੰਗ, ਇਲੈਕਟ੍ਰੀਕਲ ਇੰਜੀਨੀਅਰਿੰਗ, ਕੰਪਿਊਟਰ ਸਾਇੰਸ ਇੰਜੀਨੀਅਰਿੰਗ, ਇਲੈਕਟ੍ਰੋਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਦੇ ਤਿੰਨ ਸਾਲਾ ਡਿਪਲੋਮਾ ਕੋਰਸਾਂ ਵਿੱਚ ਵਿਦਿਆਰਥੀ ਦਾਖ਼ਲਾ ਲੈ ਕੇ ਆਪਣਾ ਭਵਿੱਖ ਰੋਸ਼ਨ ਕਰ ਸਕਦੇ ਹਨ।

ਗਾਈਡੈਂਸ ਸੈੱਲ ਦੇ ਇੰਚਾਰਜ ਮੈਡਮ ਰਜਵੰਤ ਕੌਰ ਨੇ ਦੱਸਿਆ ਕਿ ਪੰਜਾਬ/ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ ,ਪਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫੀਸ ਵਿੱਚ ਵਿਸ਼ੇਸ਼ ਛੋਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਡਿਪਲੋਮਾ ਪਾਸ ਵਿਦਿਆਰਥੀਆਂ ਦੀ 100 ਫੀਸਦੀ ਪਲੇਸਮੈਂਟ ਕਰਵਾਈ ਜਾਂਦੀ ਹੈ।

## ਬਟਾਲਾ ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਸਟਾਫ਼ ਨੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਬਾਰੇ ਦਿੱਤੀ ਜਾਣਕਾਰੀ



**ਬਟਾਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਮਹਿਤਾਬ ਸਿੰਘ, ਐਸ.ਐਸ.ਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸਰਕਾਰੀ ਮਿਡਲ ਸਕੂਲ, ਗਾਂਧੀ ਕੈਂਪ ਵਿਖੇ ਰੋਡ ਸੇਫਟੀ ਸੈਮੀਨਾਰ ਲਗਾਇਆ ਗਿਆ।

ਇਸ ਦੌਰਾਨ ਵਿਦਿਆਰਥੀਆਂ ਨੂੰ ਟ੍ਰੈਫਿਕ ਚਿੰਨ੍ਹਾਂ, ਹੈਲਮੇਟ ਅਤੇ ਸੀਟ ਬੈਲਟ ਦੀ ਮਹੱਤਤਾ ਅਤੇ ਸੜਕੀ ਹਾਦਸਿਆਂ ਤੋਂ ਬਚਣ ਲਈ ਜ਼ਿੰਮੇਵਾਰੀ ਭਰੇ ਵਿਵਹਾਰ ਬਾਰੇ ਜਾਗਰੂਕ ਕੀਤਾ ਗਿਆ।

ਜਾਗਰੂਕਤਾ ਸੈਮੀਨਾਰ ਵਿਚ ਵਿਦਿਆਰਥੀਆਂ ਨੂੰ ਨਾਬਾਲਗ ਬੱਚਿਆਂ ਨੂੰ ਗੱਡੀ ਚਲਾਉਣ ਵਿਰੁੱਧ ਨਵੇਂ ਕਾਨੂੰਨ ਅਤੇ ਸੜਕ ਸੁਰੱਖਿਆ ਨਿਯਮਾਂ ਬਾਰੇ ਜਾਣਕਾਰੀ ਦਿੱਤੀ।

ਪੁਲਿਸ ਦੇ ਟਰੈਫਿਕ ਐਜੂਕੇਸ਼ਨ ਸੈੱਲ ਦੇ ਅਧਿਕਾਰੀਆਂ ਵਲੋਂ ਦੱਸਿਆ ਗਿਆ ਕਿ ਉਨ੍ਹਾਂ ਵਲੋਂ ਵੱਖ ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਰੋਡ ਲਾਈਨ ਤੇ ਰੋਡ ਸਾਈਨ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਅਤੇ ਹੈਲਮਟ, ਸ਼ੀਟ ਬੈਲਟ ਲਗਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ।

ਜਾਗਰੂਕਤਾ ਸੈਮੀਨਾਰ ਵਿਚ ਵਿਦਿਆਰਥੀਆਂ ਨੂੰ ਘੱਟ ਉਮਰ ਵਿੱਚ ਡਰਾਈਵਿੰਗ ਕਰਨ ਉਪਰੰਤ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਅਤੇ ਫ਼ਰਿਸ਼ਤੇ ਸਕੀਮ ਬਾਰੇ ਜਾਗਰੂਕ ਕੀਤਾ ਗਿਆ ।

ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਪੌਦਿਆਂ ਦੀ ਸਾਂਭ-ਸੰਭਾਲ ਬਾਰੇ ਪ੍ਰੇਰਿਤ ਕੀਤਾ ਗਿਆ।

## ਕੈਰੀਅਰ ਮਾਰਗਦਰਸ਼ਨ ਨਾਲ ਵਿਦਿਆਰਥੀਆਂ ਨੂੰ ਮਿਲੀ ਨਵੀਂ ਉਡਾਣ-ਸਕੂਲ ਆਫ ਐਮੀਨੈਂਸ ਗੁਰਦਾਸਪੁਰ ਅਤੇ ਵੇਦ ਕੌਰ ਆਰਿਆ ਗਰਲਜ਼ ਸਕੂਲ ਵਿੱਚ ਵਿਸ਼ੇਸ਼ ਸੈਸ਼ਨ



**ਗੁਰਦਾਸਪੁਰ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐੱਸ.ਸੀ.ਈ.ਆਰ.ਟੀ ਪੰਜਾਬ ਦੀ ਸਹਾਇਕ ਡਾਇਰੈਕਟਰ ਸ਼੍ਰੀਮਤੀ ਸ਼ਰੂਤੀ ਸ਼ੁਕਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀਮਤੀ ਪਰਮਜੀਤ ਕੌਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਸਕੂਲ ਆਫ ਐਮੀਨੈਂਸ ਗੁਰਦਾਸਪੁਰ ਅਤੇ ਵੇਦ ਕੌਰ ਆਰਿਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦਾ ਵਿਸ਼ੇਸ਼ ਵਿਦਿਅਕ ਦੌਰਾ ਕੀਤਾ ਗਿਆ।

ਇਸ ਮੌਕੇ ਵਿਦਿਆਰਥੀਆਂ ਨੂੰ ਕਰੀਅਰ ਨਿਰਮਾਣ, ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਰੋਜ਼ਗਾਰਮੁਖੀ ਮੌਕਿਆਂ ਸਬੰਧੀ ਮਹੱਤਵਪੂਰਨ ਅਤੇ ਪ੍ਰੇਰਣਾਦਾਇਕ ਜਾਣਕਾਰੀ ਪ੍ਰਦਾਨ ਕੀਤੀ ਗਈ।

ਕਾਰਜਕ੍ਰਮ ਦੌਰਾਨ ਸਕੂਲ ਆਫ ਐਮੀਨੈਂਸ ਗੁਰਦਾਸਪੁਰ ਦੇ ਪ੍ਰਿੰਸੀਪਲ ਸ਼੍ਰੀ ਅਨਿਲ ਭੱਲਾ, ਵੇਦ ਕੌਰ ਆਰਿਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਮਤਾ ਡੋਗਰਾ, ਗਾਈਡੈਂਸ ਕੌਂਸਲਰ ਸ਼ੈਲਜਾ ਅਤੇ ਰੰਜੂ ਬਾਲਾ ਨੇ ਵਿਦਿਆਰਥੀਆਂ ਨੂੰ ਅਜਿਹੇ ਮਾਰਗਦਰਸ਼ਨ ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਆਪਣੇ ਸੰਬੋਧਨ ਦੌਰਾਨ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਵਿਦਿਆਰਥੀਆਂ ਨੂੰ ਬਾਰ੍ਹਵੀਂ ਤੋਂ ਬਾਅਦ ਉਪਲੱਬਧ ਵੱਖ-ਵੱਖ ਕਰੀਅਰ ਵਿਕਲਪਾਂ, ਪ੍ਰਤੀਯੋਗੀ ਪ੍ਰੀਖਿਆਵਾਂ, ਸਕਿੱਲ ਡਿਵੈਲਪਮੈਂਟ ਪ੍ਰੋਗਰਾਮਾਂ ਅਤੇ ਕਿੱਤਾਮੁਖੀ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਦੇ ਮੁਕਾਬਲੇਭਰੇ ਯੁੱਗ ਵਿੱਚ ਸਹੀ ਸਮੇਂ 'ਤੇ ਮਿਲਿਆ ਸਹੀ ਮਾਰਗਦਰਸ਼ਨ ਵਿਦਿਆਰਥੀਆਂ ਦੇ ਜੀਵਨ ਨੂੰ ਨਵੀਂ ਦਿਸ਼ਾ ਦਿੰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਟੀਚੇ ਨਿਰਧਾਰਤ ਕਰਕੇ ਨਿਰੰਤਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਐਨ.ਡੀ.ਏ., ਸੀ.ਡੀ.ਐੱਸ., ਸੀ.ਯੂ.ਈ.ਟੀ., ਬੈਂਕਿੰਗ, ਰੇਲਵੇ, ਪੈਰਾਮੈਡੀਕਲ, ਆਈ.ਟੀ.ਆਈ., ਪਾਲੀਟੈਕਨਿਕ ਅਤੇ ਹੋਰ ਰੋਜ਼ਗਾਰਮੁਖੀ ਕੋਰਸਾਂ ਬਾਰੇ ਵੀ ਜਾਗਰੂਕ ਕੀਤਾ। ਇਸ ਦੌਰਾਨ ਵਿਦਿਆਰਥੀਆਂ ਨੇ ਆਪਣੇ ਕਰੀਅਰ ਅਤੇ ਭਵਿੱਖ ਨਾਲ ਸਬੰਧਤ ਕਈ ਪ੍ਰਸ਼ਨ ਪੁੱਛੇ, ਜਿਨ੍ਹਾਂ ਦੇ ਉਨ੍ਹਾਂ ਵੱਲੋਂ ਸੌਖੇ, ਵਿਹਾਰਕ ਅਤੇ ਪ੍ਰੇਰਣਾਦਾਇਕ ਢੰਗ ਨਾਲ ਜਵਾਬ ਦਿੱਤੇ ਗਏ।

ਦੌਰੇ ਦੌਰਾਨ ਸਕੂਲਾਂ ਵਿੱਚ ਸਥਾਪਿਤ ਗਾਈਡੈਂਸ ਕਾਰਨਰ ਦਾ ਵੀ ਨਿਰੀਖਣ ਕੀਤਾ ਗਿਆ। ਸ਼੍ਰੀ ਮੁਕੇਸ਼ ਵਰਮਾ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਸੁਝਾਅ ਦਿੱਤਾ ਕਿ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਇਸ ਵਿੱਚ ਪ੍ਰਤੀਯੋਗੀ ਪ੍ਰੀਖਿਆਵਾਂ, ਸਕਿੱਲ ਕੋਰਸਾਂ ਅਤੇ ਰੋਜ਼ਗਾਰ ਸਬੰਧੀ ਨਵੀਨਤਮ ਜਾਣਕਾਰੀ ਅਤੇ ਅਧਿਐਨ ਸਮੱਗਰੀ ਨੂੰ ਨਿਯਮਿਤ ਤੌਰ 'ਤੇ ਅਪਡੇਟ ਕੀਤਾ ਜਾਵੇ। ਇਸ ਮੌਕੇ ਸਕੂਲ ਪ੍ਰਬੰਧਨ ਵੱਲੋਂ ਮੁਕੇਸ਼ ਵਰਮਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

## ਜ਼ਿਲ੍ਹਾ ਬਠਿੰਡਾ ਦਾ ਪੈਟਰੋਲ ਅਤੇ ਡੀਜ਼ਲ ਦਾ ਸਟਾਕ ਲੋੜ ਅਨੁਸਾਰ ਉਪਲਬੱਧ : ਡਿਪਟੀ ਕਮਿਸ਼ਨਰ

**ਬਠਿੰਡਾ,24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਬਠਿੰਡਾ ਵਿੱਚ ਸਮੂਹ ਪੈਟਰੋਲ ਪੰਪਾਂ ਕੋਲ ਲੋੜ ਅਨੁਸਾਰ ਪੈਟਰੋਲ ਅਤੇ ਡੀਜ਼ਲ ਦਾ ਸਟਾਕ ਉਪਲਬੱਧ ਹੈ। ਨਾਲ ਹੀ ਸਾਰੀਆਂ ਗੈਸ ਏਜੰਸੀਆਂ ਕੋਲ ਵੀ ਲੋੜ ਮੁਤਾਬਕ ਘਰੇਲੂ ਗੈਸ ਦਾ ਸਟਾਕ ਵੀ ਮੌਜੂਦ ਹੈ । ਇਹ ਜਾਣਕਾਰੀ ਦਿੰਦਿਆਂ ਸ਼੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਬਠਿੰਡਾ ਨੇ ਕਿਹਾ ਪਿਛਲੇ ਕੁੱਝ ਦਿਨਾਂ ਤੋਂ ਜ਼ਿਲ੍ਹਾ ਵਾਸੀ ਘਬਰਾਹਟ 'ਚ ਪੈਟਰੋਲ, ਡੀਜ਼ਲ ਆਦਿ ਦੀ ਵਰਤੋਂ ਕਰ ਰਹੇ ਹਨ, ਜਿਸ ਨਾਲ ਇਨ੍ਹਾਂ ਦੀ ਮੰਗ ਕਾਫੀ ਵੱਧ ਗਈ ਹੈ । ਜਿਸ ਸਬੰਧੀ ਕੰਪਨੀਆਂ ਵੱਲੋ ਲੋੜ ਅਨੁਸਾਰ ਬਣਦੀ ਸਪਲਾਈ ਪੈਟਰੋਲ ਪੰਪਾਂ ਨੂੰ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਘਰੈਲੂ ਗੈਸ ਸਬੰਧੀ ਵੀ ਜ਼ਿਲ੍ਹੇ ਵਿੱਚ ਕੋਈ ਦਿੱਕਤ ਨਹੀ ਹੈ। ਗੈਸ ਦੀ ਕਾਲਾਬਾਜ਼ਾਰੀ/ਜਮ੍ਹਾਖੋਰੀ ਕਰਨ ਵਾਲੀਆਂ ਗੈਸ ਏਜੰਸੀਆਂ 'ਤੇ ਜਿਲ੍ਹਾ ਪ੍ਰਸ਼ਾਸ਼ਨ ਅਤੇ ਕੰਪਨੀਆਂ ਵੱਲੋ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਗਿਆ ਕਿ ਸੰਗਤ ਮੰਡੀ ਵਿਖੇ ਸਥਿਤ ਇਕ ਗੈਸ ਏਜੰਸੀ ਨੂੰ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਵੱਲੋ ਬੇਨਿਯਮੀਆਂ ਪਾਈਆਂ ਜਾਣ ਕਾਰਣ ਮੁਅੱਤਲ ਕਰ ਦਿੱਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਲੋੜ ਅਨੁਸਾਰ ਹੀ ਡੀਜ਼ਲ ਅਤੇ ਪੈਟਰੋਲ ਦੀ ਖਰੀਦਦਾਰੀ ਕੀਤੀ ਜਾਵੇ। ਪੈਟਰੋਲ ਡੀਜ਼ਲ ਵਿਸਫੋਟਕ ਹੋਣ ਕਾਰਣ ਇਹਨਾਂ ਨੂੰ ਘਰਾਂ ਜਾਂ ਦੁਕਾਨਾਂ ਵਿੱਚ ਭੰਡਾਰ ਨਾ ਕੀਤਾ ਜਾਵੇ ਅਤੇ ਕਿਸੇ ਅਣਅਧਿਕਾਰਿਤ ਖੁੱਲ੍ਹੇ/ਲੂਜ਼ ਕੰਨਟੈਨਰ ਵਿੱਚ ਪੈਟਰੋਲ/ਡੀਜ਼ਲ ਨਾ ਪਵਾਇਆ ਜਾਵੇ। ਜ਼ਿਲ੍ਹੇ ਅੰਦਰ ਘਰੈਲੂ ਗੈਸ/ਪੈਟਰੋਲ/ਡੀਜ਼ਲ ਲੋੜ ਅਨੁਸਾਰ ਉਪਲਬੱਧ ਹੈ। ਇਸ ਲਈ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ ਹੈ।

## ਚਲਾਨ ਨਿਰਧਾਰਤ ਸਮੇਂ ਅੰਦਰ ਭੁਗਤਾਨ ਕਰਨ ਵਾਹਨ ਮਾਲਕ: ਰਿਜਨਲ ਟਰਾਂਸਪੋਰਟ ਅਫ਼ਸਰ,ਫਾਜਿਲਕਾ

**ਫਾਜ਼ਿਲਕਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਟੇਟ ਟਰਾਂਸਪੋਰਟ ਕਮਿਸ਼ਨਰ ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਰਿਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਫਾਜਿਲਕਾ, ਗੁਰਪ੍ਰੀਤ ਸਿੰਘ ਥਿੰਦ (ਪੀ ਸੀ.ਐੱਸ.) ਨੇ ਵਾਹਨ ਮਾਲਕਾਂ ਨੂੰ ਸਖ਼ਤ ਹਦਾਇਤ ਕੀਤੀ ਹੈ ਕਿ ਜਿਨ੍ਹਾਂ ਦੇ ਵਾਹਨਾਂ ਦੇ ਚਲਾਨ ਦੀ ਰਕਮ ਬਕਾਇਆ ਹੈ, ਉਹ ਉਸ ਦਾ ਤੁਰੰਤ ਭੁਗਤਾਨ ਕਰਨ। ਨਿਰਧਾਰਤ ਸਮੇਂ ਅੰਦਰ ਚਲਾਨ ਨਾ ਭਰਨ ਦੀ ਸੂਰਤ ਵਿੱਚ ਮੋਟਰ ਵਹੀਕਲ ਐਕਟ ਤਹਿਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਜਿਸ ਲਈ ਵਾਹਨ ਮਾਲਕ ਖ਼ੁਦ ਜ਼ਿੰਮੇਵਾਰ ਹੋਣਗੇ।ਵਾਹਨ ਪੋਰਟਲ ਤੇ ਬੰਦ ਹੋਣਗੇ ਸਾਰੇ ਕੰਮ-ਆਰ.ਟੀ.ਓ. ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਵਾਹਨ ਚਲਾਨ ਦੀ ਬਕਾਇਆਂ ਰਕਮ ਦਾ ਭੁਗਤਾਨ ਨਹੀਂ ਕੀਤਾ ਜਾਂਦਾ, ਉਦੋਂ ਤੱਕ ਵਾਹਨ ਪੋਰਟਲ ਤੇ ਉਸ ਗੱਡੀ ਨਾਲ ਸਬੰਧਤ ਕੋਈ ਵੀ ਕੰਮ ਨਹੀਂ ਹੋ ਸਕੇਗਾ।

# ਕਾਂਗਰਸ ਵੱਲੋਂ ਤੇਲ ਕੀਮਤਾਂ ਦੇ ਮੁੱਦੇ ’ਤੇ ਪ੍ਰਦਰਸ਼ਨ




**ਸ਼ਾਹਬਾਦ ਮਾਰਕੰਡਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲਾ ਕਾਂਗਰਸ ਕਮੇਟੀ ਨੇ ਕੁਰੂਕਸ਼ੇਤਰ ਵਿੱਚ ਭਾਜਪਾ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕੀਤਾ। ਵੱਡੀ ਗਿਣਤੀ ਕਾਂਗਰਸ ਕਾਰਕੁਨ ਜ਼ਿਲ੍ਹਾ ਪੰਚਾਇਤ ਭਵਨ ਵਿੱਚ ਇੱਕਠੇ ਹੋਏ। ਜ਼ਿਲ੍ਹਾ ਕਾਂਗਰਸ ਪ੍ਰਧਾਨ ਮੇਵਾ ਸਿੰਘ ਨੇ ਵਿਰੋਧ ਪ੍ਰਦਰਸ਼ਨ ਦੀ ਅਗਵਾਈ ਕੀਤੀ। ਕਾਂਗਰਸੀ ਵਰਕਰਾਂ ਨੇ ਭਾਜਪਾ ਸਰਕਾਰ ਖ਼ਿਲਾਫ਼ ਨਆਰੇਬਾਜ਼ੀ ਕੀਤੀ। ਉਨ੍ਹਾਂ ਵਧਦੀ ਮੰਹਿਗਾਈ, ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਦੇ ਨਾਲ-ਨਾਲ ਨੀਟ ਪ੍ਰੀਖਿਆ ਰੱਦ ਕਰਨ ’ਤੇ ਭਾਜਪਾ ਨੂੰ ਨਿਸ਼ਾਨਾ ਬਣਾਇਆ। ਕਾਂਗਰਸੀਆਂ ਨੇ ਪੰਚਾਇਤ ਭਵਨ ਤੋਂ ਲੈ ਕੇ ਮਿਨੀ ਸਕਤਰੇਤ ਤਕ ਪੈਦਲ ਮਾਰਚ ਕੀਤਾ ਅਤੇ ਮਿਨੀ ਸਕਤਰੇਤ ਵਿੱਚ ਰਸ਼ਟਰਪਤੀ ਦੇ ਨਾਂ ਮੰਗ ਪੱਤਰ ਸੌਂਪਿਆ। ਇਸ ਵਿਚ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਮੰਗ ਕੀਤੀ ਗਈ।

ਜ਼ਿਲ੍ਹਾ ਪ੍ਰਧਾਨ ਮੇਵਾ ਸਿੰਘ ਨੇ ਭਾਜਪਾ ’ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਭਾਜਪਾ ਸਰਕਾਰ ਹਰ ਮੋਰਚੇ ’ਤੇ ਅਸਫਲ ਸਾਬਤ ਹੋਈ ਹੈ। ਲਗਾਤਾਰ ਵਧ ਰਹੀ ਮੰਹਿਗਾਈ ਨੇ ਲੋਕਾਂ ਦਾ ਲੱਕ ਤੋੜ ਦਿੱਤਾ ਹੈ। ਪੈਟਰੋਲ, ਡੀਜ਼ਲ ਅਤੇ ਗੈਸ ਸਿਲੰਡਰਾਂ ਦੀਆਂ ਕੀਮਤਾਂ ਅਸਮਾਨ ਛੂਹ ਰਹੀਆਂ ਹਨ। ਇਸ ਦਾ ਸਭ ਤੋਂ ਵੱਧ ਅਸਰ ਗ਼ਰੀਬ ਅਤੇ ਮੱਧ ਵਰਗ ’ਤੇ ਪੈ ਰਿਹਾ ਹੈ। ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਨਹੀਂ ਹੈ ਨੀਟ ਪ੍ਰੀਖਿਆ ਨਾਲ ਜੁੜੇ ਵਿਵਾਦ ਨੇ ਵਿਦਿਆਰਥੀਆਂ ਅਤੇ ਮਾਪਿਆਂ ਦਾ ਭਰੋਸਾ ਤੋੜ ਦਿੱਤਾ ਹੈ। ਥਾਨੇਸਰ ਦੇ ਵਿਧਾਇਕ ਅਸ਼ੋਕ ਅਰੋੜਾ ਨੇ ਕਿਹਾ ਕਿ ਭਾਜਪਾ ਸਰਕਾਰ ਸਿਰਫ਼ ਦਾਅਵੇ ਕਰਦੀ ਹੈ ਪਰ ਜ਼ਮੀਨੀ ਪੱਧਰ ’ਤੇ ਲੋਕ ਦੁਖੀ ਹਨ। ਕਿਸਾਨਾਂ, ਮਜ਼ਦੂਰਾਂ, ਕਾਰੋਬਾਰੀਆਂ ਅਤੇ ਨੌਜਵਾਨਾਂ ਦੀਆਂ ਸਮੱਸਿਆਵਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਭਾਜਪਾ ਨੇ ਸਿਰਫ਼ ਚਾਰ ਦਿਨਾਂ ਵਿੱਚ ਹੀ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕਰ ਦਿੱਤਾ ਹੈ। ਸ੍ਰੀ ਅਰੋੜਾ ਨੇ ਕਿਹਾ ਕਿ ਭਾਜਪਾ ਦੇ ਕਾਰਜਕਾਲ ਦੌਰਾਨ ਪ੍ਰਾਪਰਟੀ ਡੀਲਰ ਵਧ-ਫੁੱਲ ਰਹੇ ਹਨ ਕਿਉਂਕਿ ਸੀਨੀਅਰ ਭਾਜਪਾ ਆਗੂ ਇਸ ਕਾਰੋਬਾਰ ਵਿੱਚ ਸ਼ਾਮਲ ਹਨ। ਕਾਂਗਰਸ ਲੋਕਾਂ ਦੀ ਆਵਾਜ਼ ਬਣ ਕੇ ਸੜਕਾਂ ’ਤੇ ਉਤਰ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਲੋਕ ਭਾਜਪਾ ਨੂੰ ਢੁਕਵਾਂ ਜਵਾਬ ਦੇਣਗੇ।

ਸ਼ਾਹਬਾਦ ਦੇ ਵਿਧਾਇਕ ਰਾਮ ਕਰਣ ਕਾਲਾ ਨੇ ਕਿਹਾ ਕਿ ਸੂਬੇ ਤੇ ਦੇਸ਼ ਵਿਚ ਲਗਾਤਾਰ ਮਹਿੰਗਾਈ ਵਧ ਰਹੀ ਹੈ ਪਰ ਸਰਕਾਰ ਲੋਕਾਂ ਨੂੰ ਰਾਹਤ ਦੇਣ ਦੀ ਬਜਾਇ ਸਿਰਫ਼ ਪ੍ਰਚਾਰ ਵਿਚ ਲੱਗੀ ਹੋਈ ਹੈ। ਪਿਹੋਵਾ ਦੇ ਵਿਧਾਇਕ ਮਨਦੀਪ ਚੱਠਾ ਨੇ ਕਿਹਾ ਕਿ ਅੱਜ ਨੌਜਵਾਨ ਬੇਰੁਜ਼ਗਾਰ ਤੇ ਪੇਪਰ ਲੀਕ ਵਰਗੀਆਂ ਘਟਨਾਵਾਂ ਤੋਂ ਪ੍ਰੇਸ਼ਾਨ ਹਨ। ਸਾਬਕਾ ਸੰਸਦ ਮੈਂਬਰ ਕੈਲਾਸ਼ੋ ਸੈਣੀ ਨੇ ਵੀ ਭਾਜਪਾ ਸਰਕਾਰ ਨੂੰ ਹਰ ਮੋਰਚੇ ’ਤੇ ਅਸਫਲ ਕਰਾਰ ਦਿੱਤਾ।

# ਮਲਬੇ ਹੇਠ ਦੱਬਣ ਕਾਰਨ ਮਜ਼ਦੂਰ ਦੀ ਮੌਤ, ਦੋ ਗੰਭੀਰ ਜ਼ਖ਼ਮੀ

**ਸਿਰਸਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੋਂ ਦੇ ਪਿੰਡ ਗੁਡੀਆਖੇੜਾ ’ਚ ਮਕਾਨ ਨੂੰ ਜੈੱਕ ਨਾਲ ਉੱਚਾ ਚੁੱਕਦੇ ਸਮੇਂ ਮਕਾਨ ਢਹਿ ਗਿਆ, ਜਿਸ ਦੇ ਮਲਬੇ ਹੇਠ ਤਿੰਨ ਮਜ਼ਦੂਰ ਆ ਗਏ। ਫਾਇਰ ਬ੍ਰਿਗੇਡ ਤੇ ਪੁਲੀਸ ਨੇ ਮਲਬੇ ਹੇਠੋਂ ਕੱਢ ਕੇ ਮਨੋਜ ਕੁਮਾਰ, ਵਿੱਕੀ ਤੇ ਸਿਧਾਰਥ ਨੂੰ ਹਸਪਤਾਲ ਪਹੁੰਚਾਇਆ ਗਿਆ, ਜਿਥੇ ਡਾਕਟਰਾਂ ਨੇ ਮਨੋਜ ਨੂੰ ਮ੍ਰਿਤਕ ਐਲਾਨ ਦਿੱਤਾ। ਜਾਣਕਾਰੀ ਅਨੁਸਾਰ ਪਿੰਡ ਗੁਡੀਆਖੇੜਾ ਵਾਸੀ ਆਤਮਾ ਰਾਮ ਦਾ ਮਕਾਨ ਖੇਤ ਵਿੱਚ ਬਣਿਆ ਹੋਇਆ ਸੀ। ਸੇਮ ਕਾਰਨ ਉਸ ਨੇ ਆਪਣੇ ਮਕਾਨ ਨੂੰ ਉੱਚਾ ਕਰਨ ਦਾ ਠੇਕੇਦਾਰ ਨੂੰ ਠੇਕਾ ਦਿੱਤਾ ਸੀ। ਦੱਸਿਆ ਗਿਆ ਹੈ ਕਿ ਕੱਲ੍ਹ ਦੇਰ ਸ਼ਾਮ ਠੇਕੇਦਾਰ ਨੇ ਮਕਾਨ ਨੂੰ ਜੈੱਕ ਨਾਲ ਉੱਚਾ ਚੁੱਕਣ ਲਈ ਮਜ਼ਦੂਰ ਲਾਏ ਸਨ, ਜਦੋਂ ਮਜ਼ਦੂਰ ਜੈੱਕ ਨਾਲ ਮਕਾਨ ਨੂੰ ਉੱਚਾ ਚੁੱਕ ਰਹੇ ਸਨ ਤਾਂ ਅਚਾਨਕ ਮਕਾਨ ਦੀ ਕੰਧ ਡਿੱਗ ਗਈ ਜਿਸ ਹੇਠ ਕੰਮ ਕਰ ਰਹੇ ਮਜ਼ਦੂਰ ਦੱਬ ਗਏ।

# ਹੌਸਲੇ ਕੀ ਉਡਾਣ’ ਦੀ ਸ਼ੁਰੂਆਤ ਕੀਤੀ

**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਰਕਾਰ ਵੱਲੋਂ ਦਿੱਲੀ ਪ੍ਰਤਿਭਾ ਖੋਜ ਯੋਜਨਾ ‘ਹੌਸਲੇ ਕੀ ਉਡਾਣ 2026-27’ ਦੀ ਅੱਜ ਸ਼ੁਰੂਆਤ ਕੀਤੀ ਗਈ ਹੈ। ਇਸ ਮੁਕਾਬਲੇ ਦਾ ਟੀਚਾ ਦਿੱਲੀ ਦੇ ਨੌਜਵਾਨਾਂ ਦੇ ਛੁਪੇ ਹੁਨਰਾਂ ਦੀ ਪਛਾਣ ਕਰਨਾ, ਉਨ੍ਹਾਂ ਨੂੰ ਨਿਖਾਰਨਾ ਅਤੇ ਅੱਗੇ ਵਧਾਉਣਾ ਹੈ।

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਭਾਸ਼ਾ ਸੱਭਿਆਚਾਰ ਮੰਤਰੀ ਕਪਿਲ ਮਿਸ਼ਰਾ ਨੇ ਇਸ ਖੋਜ ਮੁਕਾਬਲੇ ਦਾ ਲੋਗੋ ਦਿੱਲੀ ਵਿੱਚ ਜਾਰੀ ਕੀਤਾ। ਉਨ੍ਹਾਂ ਦੱਸਿਆ ਕਿ ਇਹ ਸਾਰੇ 70 ਵਿਧਾਨ ਸਭਾ ਹਲਕਿਆਂ ਤੋਂ ਸ਼ੁਰੂ ਹੋਵੇਗਾ।

ਮੁੱਖ ਮੰਤਰੀ ਰੇਖਾ ਗੁਪਤਾ ਨੇ ਦੱਸਿਆ ਕਿ ਇਸ ਮੁਹਿੰਮ ਵਿੱਚ 25,000 ਤੋਂ ਨੌਜਵਾਨਾਂ ਦੀ ਭਾਗੀਦਾਰੀ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਪ੍ਰਤਿਭਾਵਾਂ ਨੂੰ ਗਾਇਕੀ, ਨ੍ਰਿਤ, ਥੀਏਟਰ, ਲਲਿਤ ਕਲਾ, ਡਿਜੀਟਲ ਕਲਾ, ਸਾਜ਼-ਸੰਗੀਤ ਅਤੇ ਸੰਗੀਤ ਰਚਨਾ ਵਰਗੇ ਖੇਤਰਾਂ ਵਿੱਚ ਇੱਕ ਪਲੇਟਫਾਰਮ ਮਿਲੇਗਾ।

ਉਨ੍ਹਾਂ ਕਿਹਾ ਕਿ ਦਿੱਲੀ ਸਰਕਾਰ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ ਤਾਂ ਜੋ ਦਿੱਲੀ ਦੇ ਨੌਜਵਾਨ ਆਪਣੀ ਸਮਰੱਥਾ, ਰਚਨਾਤਮਕਤਾ ਅਤੇ ਸਖ਼ਤ ਮਿਹਨਤ ਰਾਹੀਂ ਨਵੀਂ ਪਛਾਣ ਬਣਾ ਸਕਣ।

ਇਸ ਮੌਕੇ ਮੰਤਰੀ ਕਪਿਲ ਮਿਸ਼ਰਾ ਨੇ ਕਿਹਾ ਕਿ ਨੌਜਵਾਨਾਂ ਦੀ ਤਾਕਤ ਨੂੰ ਰਚਨਾਤਮਕ ਕਾਰਜ ਵੱਲ ਲਾਉਣ ਲਈ ਅਜਿਹੇ ਮੰਚ ਦੇ ਕੇ ਨਵੀਆਂ ਪ੍ਰਤਿਭਾਵਾਂ ਨੂੰ ਉਭਰਨ ਦਾ ਮੌਕਾ ਮਿਲੇਗਾ। ਇਸ ਮੌਕੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਦਿੱਲੀ ਵਿੱਚ ਤਾਪਮਾਨ 46 ਡਿਗਰੀ ਤੋਂ ਪਾਰ



**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ-ਐੱਨ ਸੀ ਆਰ ਵਿੱਚ ਬੁੱਧਵਾਰ ਨੂੰ ਵੀ ਭਿਆਨਕ ਗਰਮੀ ਜਾਰੀ ਰਹੀ। ਸ਼ਹਿਰ ਦੇ ਕਈ ਹਿੱਸਿਆਂ ਵਿੱਚ ਤਾਪਮਾਨ 46 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ। ਭਾਰਤ ਮੌਸਮ ਵਿਭਾਗ (ਆਈ ਐੱਮ ਡੀ) ਨੇ ਚਿਤਾਵਨੀ ਦਿੱਤੀ ਹੈ ਕਿ ਅਗਲੇ ਕੁਝ ਦਿਨਾਂ ਵਿੱਚ ਗਰਮੀ ਜਾਰੀ ਰਹਿਣ ਦੀ ਸੰਭਾਵਨਾ ਹੈ। ਆਈ ਐੱਮ ਡੀ ਨੇ ਕਿਹਾ ਕਿ ਦਿੱਲੀ-ਐੱਨ ਸੀ ਆਰ ਦੇ ਕਈ ਹਿੱਸਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 3 ਤੋਂ 6 ਡਿਗਰੀ ਸੈਲਸੀਅਸ ਵੱਧ ਚੱਲ ਰਿਹਾ ਹੈ।

ਰਿਜ ਖੇਤਰ ਅੱਜ ਰਾਜਧਾਨੀ ਵਿੱਚ ਸਭ ਤੋਂ ਗਰਮ ਸੀ ਜਿੱਥੇ ਵੱਧ ਤੋਂ ਵੱਧ ਤਾਪਮਾਨ 46.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਤੋਂ ਬਾਅਦ ਅਯਾਨਗਰ 45.5 ਡਿਗਰੀ ਸੈਲਸੀਅਸ ’ਤੇ ਹੈ ਜਦੋਂਕਿ ਲੋਧੀ ਰੋਡ ’ਤੇ 45.2 ਡਿਗਰੀ ਸੈਲਸੀਅਸ ਦਰਜ ਕੀਤਾ ਹੈ। ਇਹ ਤਾਪਮਾਨ ਸਾਲ ਦੇ ਇਸ ਸਮੇਂ ਲਈ ਆਮ ਨਾਲੋਂ ਲਗਪਗ 6 ਡਿਗਰੀ ਵੱਧ ਹੈ। ਸਫਦਰਜੰਗ ਅਤੇ ਪਾਲਮ ਵੀ 45.1 ਡਿਗਰੀ ਸੈਲਸੀਅਸ ਨੂੰ ਛੂਹ ਗਏ ਹਨ।

ਰਾਤ ਭਰ ਘੱਟੋ-ਘੱਟ ਤਾਪਮਾਨ 26 ਤੋਂ 28 ਡਿਗਰੀ ਸੈਲਸੀਅਸ ਦੇ ਵਿਚਕਾਰ ਰਿਹਾ। ਇਸ ਨਾਲ ਥੋੜ੍ਹੀ ਰਾਹਤ ਮਿਲੀ। ਅਧਿਕਾਰੀਆਂ ਨੇ ਕਿਹਾ ਕਿ ਦਿੱਲੀ-ਐੱਨ ਸੀ ਆਰ ਦੇ ਕਈ ਹਿੱਸਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 3 ਤੋਂ 6 ਡਿਗਰੀ ਸੈਲਸੀਅਸ ਵੱਧ ਚੱਲ ਰਿਹਾ ਹੈ। ਮੌਸਮ ਵਿਭਾਗ ਨੇ ਦਿੱਲੀ ਵਿੱਚ ਗਰਮੀ ਲਈ ਸੰਤਰੀ ਚਿਤਾਵਨੀ ਜਾਰੀ ਕੀਤੀ ਹੈ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਉੱਤਰੀ ਭਾਰਤ ਵਿੱਚ ਕਿਸੇ ਵੀ ਸਰਗਰਮ ਪੱਛਮੀ ਗੜਬੜੀ ਜਾਂ ਬਾਰਸ਼ ਨਾ ਹੋਣ ਕਾਰਨ ਰਾਜਸਥਾਨ ਅਤੇ ਆਸ-ਪਾਸ ਦੇ ਖੇਤਰਾਂ ਤੋਂ ਗਰਮ ਅਤੇ ਖੁਸ਼ਕ ਹਵਾਵਾਂ ਦਿੱਲੀ-ਐੱਨ ਸੀ ਆਰ ਵੱਲ ਵਗ ਰਹੀਆਂ ਹਨ ਜਿਸ ਨਾਲ ਤਾਪਮਾਨ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਤੇਜ਼ ਗਰਮੀ ਨੇ ਰਾਜਧਾਨੀ ਵਿੱਚ ਬਿਜਲੀ ਦੀ ਖ਼ਪਤ ਵਿੱਚ ਵੀ ਵਾਧਾ ਕੀਤਾ ਹੈ। ਇਸ ਸੀਜ਼ਨ ਵਿੱਚ ਦਿੱਲੀ ਦੀ ਬਿਜਲੀ ਦੀ ਮੰਗ ਪਹਿਲਾਂ ਹੀ 7,700 ਮੈਗਾਵਾਟ ਨੂੰ ਪਾਰ ਕਰ ਗਈ ਹੈ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਗਰਮੀ ਜਾਰੀ ਰਹੀ ਤਾਂ ਮੰਗ ਹੋਰ ਵਧ ਸਕਦੀ ਹੈ।

ਅਧਿਕਾਰੀਆਂ ਨੇ ਲੋਕਾਂ ਨੂੰ ਦੁਪਹਿਰ ਦੇ ਸਿਖਰਲੇ ਘੰਟਿਆਂ ਦੌਰਾਨ ਬਾਹਰ ਨਿਕਲਣ ਤੋਂ ਬਚਣ, ਪਾਣੀ ਪੀਂਦੇ ਰਹਿਣ, ਹਲਕੇ ਕੱਪੜੇ ਪਾਉਣ ਦੀ ਸਲਾਹ ਦਿੱਤੀ ਹੈ। ਬਜ਼ੁਰਗਾਂ, ਬੱਚਿਆਂ ਅਤੇ ਮਰੀਜ਼ਾਂ ਦੀ ਦੇਖ-ਭਾਲ ਕਰਨ ਦੀ ਅਪੀਲ ਕੀਤੀ ਗਈ ਹੈ।

# ਪੰਜਾਬ ਸਰਕਾਰ ਵੱਲੋਂ ਹੋਰ ਕਰਜ਼ਾ ਲੈਣਾ ਚਿੰਤਾ ਦਾ ਵਿਸ਼ਾ: ਸਾਹਨੀ

**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਪੰਜਾਬ ਸਰਕਾਰ ਵੱਲੋਂ ਅੱਜ ਇੱਕ ਵਾਰ ਫਿਰ ਲਗਪਗ 2,500 ਕਰੋੜ ਰੁਪਏ ਦਾ ਕਰਜ਼ਾ ਲੈਣ ’ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਕੁੱਲ ਕਰਜ਼ਾ 5 ਲੱਖ ਕਰੋੜ ਰੁਪਏ ਤੋਂ ਵੱਧ ਹੋ ਗਿਆ ਹੈ। ਸ੍ਰੀ ਸਾਹਨੀ ਨੇ ਕਿਹਾ ਕਿ ਲਗਾਤਾਰ ਕਰਜ਼ਾ ਲੈਣ ਦੇ ਬਾਵਜੂਦ ਲਗਪਗ 7 ਲੱਖ ਸਰਕਾਰੀ ਕਰਮਚਾਰੀ ਅਤੇ ਪੈਨਸ਼ਨਰ ਹੁਣ ਵੀ ਕਰੀਬ 15,000 ਕਰੋੜ ਰੁਪਏ ਦੇ ਬਰਾਬਰ ਮਹਿੰਗਾਈ ਭੱਤਾ (ਡੀ ਏ) ਦੀ ਉਡੀਕ ਕਰ ਰਹੇ ਹਨ, ਹਾਲਾਂਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਇਸ ਸਬੰਧ ਵਿੱਚ ਸਪੱਸ਼ਟ ਤੌਰ ’ਤੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ 136 ਸਹਾਇਤਾ ਪ੍ਰਾਪਤ ਕਾਲਜਾਂ ਨੂੰ ਜਿਨ੍ਹਾਂ ਵਿੱਚ ਕਈ ਸਦੀ ਪੁਰਾਣੇ ਹਨ, ਨੂੰ ਜਨਵਰੀ 2026 ਤੋਂ ਹੁਣ ਤੱਕ ਗ੍ਰਾਂਟ-ਇਨ-ਏਡ ਜਾਰੀ ਨਹੀਂ ਕੀਤੀ ਗਈ ਹੈ। ਇਸ ਕਾਰਨ ਹਜ਼ਾਰਾਂ ਅਧਿਆਪਕਾਂ ਅਤੇ ਗ਼ੈਰ-ਅਧਿਆਪਕ ਮੁਲਾਜ਼ਮਾਂ ਨੂੰ ਕਈ ਮਹੀਨਿਆਂ ਤੋਂ ਤਨਖ਼ਾਹ ਨਹੀਂ ਮਿਲੀ। ਡਾ. ਸਾਹਨੀ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਇੰਨਾ ਕਰਜ਼ਾ ਲੈਣ ਦੇ ਬਾਵਜੂਦ ਲੱਖਾਂ ਕਰਮਚਾਰੀਆਂ, ਪੈਨਸ਼ਨਰ, ਅਧਿਆਪਕਾਂ ਸਣੇ ਸਹਾਇਤਾ ਪ੍ਰਾਪਤ ਸੰਸਥਾਵਾਂ ਹਾਲੇ ਵੀ ਬਕਾਇਆਂ ਦੀ ਉਡੀਕ ਕਰ ਰਹੀਆਂ ਹਨ। ਪੰਜਾਬ ਸਰਕਾਰ ਨੂੰ ਲੋਕਾਂ ਪ੍ਰਤੀ ਆਪਣੇ ਵਾਅਦਿਆਂ ਨੂੰ ਪੂਰਾ ਕਰਦਿਆਂ ਤਨਖ਼ਾਹਾਂ, ਡੀ ਏ ਅਤੇ ਗ੍ਰਾਂਟ-ਇਨ-ਏਡ ਜਾਰੀ ਰੱਖਣੀਆਂ ਚਾਹੀਦੀਆਂ ਹਨ।

# ਲਘੂ ਉਦਯੋਗ ਭਾਰਤੀ ਨੇ ਸਥਾਪਨਾ ਦਿਵਸ ਮਨਾਇਆ



**ਫ਼ਰੀਦਾਬਾਦ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲਘੂ ਉਦਯੋਗ ਭਾਰਤੀ ਫਰੀਦਾਬਾਦ ਨੇ ਸਥਾਪਨਾ ਦਿਵਸ ਅਤੇ ਦੂਜੀ ਕਾਰਜਕਾਰੀ ਮੀਟਿੰਗ ਸੈਕਟਰ 21 ਸੀ ਵਿੱਚ ਕੀਤੀ। ਇਸ ਸਮਾਗਮ ਵਿੱਚ ਉਦਯੋਗ ਦੇ ਕਈ ਉੱਦਮੀਆਂ ਅਤੇ ਅਧਿਕਾਰੀਆਂ ਨੇ ਹਿੱਸਾ ਲਿਆ। ਸਮਾਗਮ ਦੌਰਾਨ 30 ਨਵੇਂ ਮੈਂਬਰ ਸ਼ਾਮਲ ਹੋਏ, ਜਿਸ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੀ। ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ, ਫਰੀਦਾਬਾਦ ਦੇ ਖੇਤਰੀ ਅਧਿਕਾਰੀ ਸੰਦੀਪ ਸਿੰਘ ਅਤੇ ਬੱਲਭਗੜ੍ਹ ਦੇ ਖੇਤਰੀ ਅਧਿਕਾਰੀ ਹਰੀਸ਼ ਕੁਮਾਰ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਉਦਯੋਗ ਅਤੇ ਵਾਤਾਵਰਨ ਵਿਚਕਾਰ ਸੰਤੁਲਨ ਬਣਾਈ ਰੱਖਣ ਦੀ ਲੋੜ ’ਤੇ ਜ਼ੋਰ ਦਿੰਦੇ ਹੋਏ, ਦੋਵਾਂ ਅਧਿਕਾਰੀਆਂ ਨੇ ਜ਼ੋਰ ਦਿੱਤਾ ਕਿ ਵਾਤਾਵਰਨ ਸੁਰੱਖਿਆ ਨਾ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਹੈ, ਸਗੋਂ ਸਮਾਜ ਅਤੇ ਉਦਯੋਗ ਦੀ ਸਾਂਝੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼ ਅਤੇ ਸੁਰੱਖਿਅਤ ਵਾਤਾਵਰਨ ਯਕੀਨੀ ਬਣਾਉਣ ਲਈ ਸਾਰੇ ਉਦਯੋਗਾਂ ਨੂੰ ਪ੍ਰਦੂਸ਼ਣ ਕੰਟਰੋਲ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ।

ਮੁੱਖ ਮਹਿਮਾਨ ਸੰਦੀਪ ਸਿੰਘ ਨੇ ਕਿਹਾ ਕਿ ਅੱਜ ਉਦਯੋਗਿਕ ਵਿਕਾਸ ਦੇ ਨਾਲ-ਨਾਲ ਵਾਤਾਵਰਨ ਸੁਰੱਖਿਆ ਦੀ ਜ਼ਰੂਰਤ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਵਧ ਗਈ ਹੈ। ਉਦਯੋਗ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਪਰ ਵਿਕਾਸ ਕੁਦਰਤ ਦੇ ਅਨੁਕੂਲ ਹੋਣਾ ਚਾਹੀਦਾ ਹੈ। ਉਨ੍ਹਾਂ ਉੱਦਮੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰਦੂਸ਼ਣ ਕੰਟਰੋਲ ਬੋਰਡ ਦੁਆਰਾ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨ ਅਤੇ ਵਾਤਾਵਰਨ ਅਨੁਕੂਲ ਤਕਨਾਲੋਜੀਆਂ ਨੂੰ ਅਪਣਾਉਣ।

ਹਰੀਸ਼ ਕੁਮਾਰ ਨੇ ਕਿਹਾ ਕਿ ਉਦਯੋਗ ਅਤੇ ਵਾਤਾਵਰਨ ਇੱਕ-ਦੂਜੇ ਦੇ ਵਿਰੋਧੀ ਨਹੀਂ ਸਗੋਂ ਪੂਰਕ ਹਨ। ਜੇ ਉਦਯੋਗ ਵਾਤਾਵਰਨ ਮਾਪਦੰਡਾਂ ਦੀ ਸਹੀ ਢੰਗ ਨਾਲ ਪਾਲਣਾ ਕਰਦੇ ਹਨ ਤਾਂ ਵਿਕਾਸ ਅਤੇ ਸਫ਼ਾਈ ਦੋਵੇਂ ਇਕੱਠੇ ਰਹਿ ਸਕਦੇ ਹਨ। ਉਨ੍ਹਾਂ ਕਿਹਾ ਕਿ ਬੋਰਡ ਦਾ ਉਦੇਸ਼ ਉਦਯੋਗਾਂ ਨੂੰ ਪ੍ਰੇਸ਼ਾਨ ਕਰਨਾ ਨਹੀਂ ਹੈ, ਸਗੋਂ ਨਿਯਮਾਂ ਪ੍ਰਤੀ ਜਾਗਰੂਕਤਾ ਪੈਦਾ ਕਰ ਕੇ ਬਿਹਤਰ ਵਾਤਾਵਰਨ ਬਣਾਉਣਾ ਹੈ। ਉਨ੍ਹਾਂ ਉੱਦਮੀਆਂ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਤੁਰੰਤ ਹੱਲ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਫ਼ਰੀਦਾਬਾਦ ਪਲਵਲ ਦੇ ਇੰਚਾਰਜ ਰਵੀ ਭੂਸ਼ਣ ਖੱਤਰੀ, ਗੁਰੂਗ੍ਰਾਮ ਅਤੇ ਮਾਨੇਸਰ ਦੇ ਇੰਚਾਰਜ ਰਾਕੇਸ਼ ਗੁਪਤਾ, ਜਨਰਲ ਸਕੱਤਰ ਸੁਨੀਲ ਯਾਦਵ, ਪੱਪੂਜੀਤ ਸਿੰਘ ਸਰਨਾ, ਸੰਸਥਾਪਕ ਮੈਂਬਰ ਸੰਜੇ ਅਰੋੜਾ ਅਤੇ ਕਾਰਜਕਾਰੀ ਮੈਂਬਰ ਮੌਜੂਦ ਸਨ।

# ਹਰਿਆਣਾ ਵਿੱਚ ਕਿਰਤ ਖੇਤਰ ਦੀ ਡਿਜੀਟਲ ਕ੍ਰਾਂਤੀ ਦੀ ਸ਼ੁਰੂਆਤ, ‘ਸ਼੍ਰਮਮਿੱਤਰ’ ਐਪ ਦਾ ਸ਼ੁਭਾਰੰਭ : ਅਨਿਲ ਵਿੱਜ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਕਿਰਤ ਮੰਤਰੀ ਸ਼੍ਰੀ ਅਨਿਲ ਵਿੱਜ ਨੇ ਅੱਜ ਰਾਜ ਦੇ ਕਿਰਤੀਆਂ ਅਤੇ ਕਿਰਤ-ਰੁਜ਼ਗਾਰਦਾਤਾਵਾਂ ਨੂੰ ਆਧੁਨਿਕ ਡਿਜੀਟਲ ਸਹੂਲਤਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਪਹਿਲ ਕਰਦੇ ਹੋਏ ਸ਼੍ਰਮਮਿੱਤਰ ਐਪ ਦਾ ਸ਼ੁਭਾਰੰਭ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਹ ਐਪ ਡਿਜੀਟਲ ਕ੍ਰਾਂਤੀ ਦੇ ਤਹਿਤ ਵਿਕਸਿਤ ਕੀਤਾ ਗਿਆ ਇੱਕ ਅਤਿ-ਆਧੁਨਿਕ ਪਲੇਟਫਾਰਮ ਹੈ, ਜੋ ਕਿਰਤੀਆਂ ਅਤੇ ਰੁਜ਼ਗਾਰਦਾਤਾਵਾਂ ਵਿਚਕਾਰ ਸਿੱਧਾ, ਪਾਰਦਰਸ਼ੀ ਅਤੇ ਤੇਜ਼ ਸੰਪਰਕ ਸਥਾਪਿਤ ਕਰੇਗਾ। ਇਹ ਐਪ ਹਿੰਦੀ, ਅੰਗਰੇਜ਼ੀ ਅਤੇ ਪੰਜਾਬੀ - ਤਿੰਨ ਭਾਸ਼ਾਵਾਂ ਵਿੱਚ ਚਲਾਇਆ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਕਿਰਤੀ ਅਤੇ ਰੁਜ਼ਗਾਰਦਾਤਾ ਆਸਾਨੀ ਨਾਲ ਇਸ ਦਾ ਲਾਭ ਉਠਾ ਸਕਣ।

ਸ਼੍ਰੀ ਵਿੱਜ ਨੇ ਕਿਹਾ ਕਿ ਸ਼੍ਰਮਮਿੱਤਰ ਐਪ ਰੋਜ਼ਾਨਾ ਰੁਜ਼ਗਾਰ ਉਪਲਬਧ ਕਰਵਾਉਣ ਲਈ ਇੱਕ ਤਰ੍ਹਾਂ ਨਾਲ ਇਲੈਕਟ੍ਰਾਨਿਕ ਐਂਪਲਾਇਮੈਂਟ ਐਕਸਚੇਂਜ ਵਜੋਂ ਕੰਮ ਕਰੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਰਵਾਇਤੀ ਲੇਬਰ ਚੌਂਕ ਵਿਵਸਥਾ ਹੌਲੀ-ਹੌਲੀ ਖ਼ਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਹੁਣ ਕਿਰਤੀਆਂ ਨੂੰ ਕੰਮ ਦੀ ਭਾਲ ਵਿੱਚ ਘੰਟਿਆਂ ਬੱਧੀ ਲੇਬਰ ਚੌਂਕ ’ਤੇ ਖੜ੍ਹੇ ਰਹਿਣ ਦੀ ਲੋੜ ਨਹੀਂ ਹੋਵੇਗੀ, ਬਲਕਿ ?? ਘਰ ਬੈਠੇ ਆਪਣੇ ਮੋਬਾਈਲ ਫ਼ੋਨ ਰਾਹੀਂ ਰੁਜ਼ਗਾਰ ਦੇ ਮੌਕਿਆਂ ਦੀ ਜਾਣਕਾਰੀ ਪ੍ਰਾਪਤ ਕਰ ਸਕਣਗੇ। ਜ਼ਿਕਰਯੋਗ ਹੈ ਕਿ ਕਿਰਤੀਆਂ ਅਤੇ ਰੁਜ਼ਗਾਰਦਾਤਾਵਾਂ ਨੂੰ ਆਧੁਨਿਕ ਡਿਜੀਟਲ ਸਹੂਲਤ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਹਰਿਆਣਾ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ (ਭਵਨ ਅਤੇ ਹੋਰ ਨਿਰਮਾਣ ਕਰਮਕਾਰ ਕਲਿਆਣ ਬੋਰਡ) ਵੱਲੋ ੌ ਸ਼੍ਰਮਮਿੱਤਰ ਨਾਮਕ ਇਸ ਮੋਬਾਈਲ ਐਪਲੀਕੇਸ਼ਨ ਨੂੰ ਵਿਕਸਿਤ ਕੀਤਾ ਗਿਆ ਹੈ।

ਕਿਰਤ ਮੰਤਰੀ ਸ਼੍ਰੀ ਅਨਿਲ ਵਿੱਜ ਨੇ ਦੱਸਿਆ ਕਿ ਇਸ ਐਪ ਨੂੰ ਵਿਸ਼ੇਸ਼ ਤੌਰ ’ਤੇ ਲੇਬਰ ਚੌਂਕ ’ਤੇ ਖੜ੍ਹੇ ਕਿਰਤੀਆਂ ਨੂੰ ਡਿਜੀਟਲ ਸਹੂਲਤ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤਾ ਗਿਆ ਹੈ। ਐਪ ਵਿੱਚ ਕਿਰਤੀ ਆਪਣੀ ਕਾਰਜ-ਕੁਸ਼ਲਤਾ, ਤਜਰਬੇ ਅਤੇ ਮਾਹਰਤਾ ਦੀ ਵਿਸਤ੍ਰਿਤ ਜਾਣਕਾਰੀ ਦਰਜ ਕਰ ਸਕਣਗੇ, ਜਿਸ ਵਿੱਚ ਰਾਜਮਿਸਤਰੀ, ਤਰਖਾਣ (ਬੜ੍ਹਈ), ਇਲੈਕਟ੍ਰੀਸ਼ੀਅਨ, ਪਲੰਬਰ, ਮਾਲੀ, ਪੇਂਟਰ, ਵੈਲਡਰ ਸਮੇਤ ਵੱਖ-ਵੱਖ ਟ੍ਰੇਡਾਂ ਨਾਲ ਜੁੜੇ ਕਾਰਜ ਸ਼ਾਮਲ ਹਨ। ਇਸ ਤੋਂ ਇਲਾਵਾ ਨਾਈ, ਮੋਚੀ ਅਤੇ ਹੋਰ ਸਵੈ-ਰੁਜ਼ਗਾਰ ਨਾਲ ਜੁੜੇ ਕਾਰਜਾਂ ਦੀ ਰਜਿਸਟ੍ਰੇਸ਼ਨ ਵੀ ਇਸ ਪਲੇਟਫਾਰਮ ’ਤੇ ਕੀਤੀ ਜਾ ਸਕੇਗੀ।

ਉਨ੍ਹਾਂ ਨੇ ਦੱਸਿਆ ਕਿ ਜਿਨ੍ਹਾਂ ਕਿਰਤ-ਰੁਜ਼ਗਾਰਦਾਤਾਵਾਂ ਨੂੰ ਕਿਸੇ ਕੰਮ ਲਈ ਕਿਰਤੀਆਂ ਦੀ ਲੋੜ ਹੋਵੇਗੀ, ?? ਵੀ ਆਪਣੀ ਲੋੜ ਅਨੁਸਾਰ ਕੰਮ ਦਾ ਵੇਰਵਾ ਐਪ ’ਤੇ ਦਰਜ ਕਰ ਸਕਣਗੇ। ਇਸ ਦੇ ਮਾਧਿਅਮ ਰਾਹੀਂ ਰੁਜ਼ਗਾਰਦਾਤਾ ਆਪਣੀ ਲੋੜ ਅਨੁਸਾਰ ਕੁਸ਼ਲ ਅਤੇ ਅਕੁਸ਼ਲ ਕਿਰਤੀਆਂ ਨੂੰ ਆਸਾਨੀ ਅਤੇ ਤੇਜ਼ੀ ਨਾਲ ਲੱਭ ਸਕਣਗੇ। ਕਿਰਤੀ ਅਤੇ ਰੁਜ਼ਗਾਰਦਾਤਾ ਦੋਵੇਂ ਇਸ ਐਪ ਰਾਹੀਂ ਸਿੱਧੇ ਆਪਸ ਵਿੱਚ ਗੱਲਬਾਤ ਵੀ ਕਰ ਸਕਣਗੇ। ਐਪ ਵਿੱਚ ਕੰਮ ਦੀ ਰਾਸ਼ੀ, ਕੰਮ ਦੀ ਮਿਆਦ, ਕਿਰਤੀ ਦੇ ਤਜਰਬੇ ਅਤੇ ਹੋਰ ਲੋੜੀਂਦੀਆਂ ਸ਼ਰਤਾਂ ’ਤੇ ਚਰਚਾ ਕਰਨ ਦੀ ਸਹੂਲਤ ਵੀ ਉਪਲਬਧ ਕਰਵਾਈ ਗਈ ਹੈ।

ਸ਼੍ਰੀ ਵਿੱਜ ਨੇ ਕਿਹਾ ਕਿ ਹੁਣ ਕਿਰਤੀ ਆਪਣੇ ਘਰ ਬੈਠੇ ਹੀ ਇਹ ਦੇਖ ਸਕਣਗੇ ਕਿ ਕਿਸ ਖੇਤਰ ਵਿੱਚ ਕਿਸ ਤਰ੍ਹਾਂ ਦਾ ਕੰਮ ਉਪਲਬਧ ਹੈ ਅਤੇ ਉਨ੍ਹਾਂ ਨੂੰ ਰੁਜ਼ਗਾਰ ਲਈ ਚੌਂਕ ’ਤੇ ਜਾ ਕੇ ਖੜ੍ਹੇ ਹੋਣ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਕਿਹਾ ਕਿ ਸ਼੍ਰਮਮਿੱਤਰ ਐਪ ਡਿਜੀਟਲ ਤਕਨੀਕ ਰਾਹੀਂ ਕਿਰਤੀਆਂ ਦੇ ਸਨਮਾਨ, ਸਹੂਲਤ ਅਤੇ ਰੁਜ਼ਗਾਰ ਸੁਰੱਖਿਆ ਨੂੰ ਯਕੀਨੀ ਬਣਾਏਗਾ ਅਤੇ ਕਿਰਤੀਆਂ ਨੂੰ ਇੱਕ ਸੰਗਠਿਤ ਅਤੇ ਸੁਰੱਖਿਅਤ ਕਾਰਜ ਵਿਵਸਥਾ ਨਾਲ ਜੋੜੇਗਾ।

ਉਨ੍ਹਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਰਤਮਾਨ ਵਿੱਚ ਕਿਰਤ ਵਿਭਾਗ ਵਿੱਚ ਰਜਿਸਟਰਡ ਲਗਭਗ 75 ਹਜ਼ਾਰ ਕਿਰਤੀਆਂ ਦਾ ਡਾਟਾ ਇਸ ਐਪ ’ਤੇ ਅਪਲੋਡ ਕੀਤਾ ਜਾ ਚੁੱਕਾ ਹੈ। ਇਸ ਦੇ ਨਾਲ ਹੀ ਕਿਰਤ ਵਿਭਾਗ ਦੇ ਕਰਮਚਾਰੀ ਵੱਖ-ਵੱਖ ਲੇਬਰ ਚੌਂਕਾਂ ’ਤੇ ਜਾ ਕੇ ਕਿਰਤੀਆਂ ਦੇ ਮੋਬਾਈਲ ਫ਼ੋਨਾਂ ਵਿੱਚ ਇਹ ਐਪ ਇੰਸਟਾਲ ਕਰਵਾਉਣ ਵਿੱਚ ਸਹਿਯੋਗ ਵੀ ਕਰਨਗੇ, ਤਾਂ ਜੋ ਵੱਧ ਤੋਂ ਵੱਧ ਕਿਰਤੀ ਇਸ ਡਿਜੀਟਲ ਪਲੇਟਫਾਰਮ ਨਾਲ ਜੁੜ ਸਕਣ।

ਕਿਰਤ ਮੰਤਰੀ ਸ਼੍ਰੀ ਅਨਿਲ ਵਿੱਜ ਨੇ ਦੱਸਿਆ ਕਿ ਸ਼੍ਰਮਮਿੱਤਰ ਐਪ ਐਂਡਰਾਇਡ ਅਤੇ ਐਪਲ ਦੋਵਾਂ ਪਲੇਟਫਾਰਮਾਂ ’ਤੇ ਉਪਲਬਧ ਰਹੇਗਾ ਅਤੇ ਇਸ ਦੀ ਵਰਤੋਂ ਪੂਰੇ ਹਰਿਆਣਾ ਦੇ ਕਿਰਤੀ ਅਤੇ ਕਿਰਤ-ਰੁਜ਼ਗਾਰਦਾਤਾ ਕਰ ਸਕਣਗੇ। ਉਨ੍ਹਾਂ ਕਿਹਾ ਕਿ ਇਹ ਐਪ ਪੂਰੀ ਤਰ੍ਹਾਂ ਮੁਫ਼ਤ ਹੋਵੇਗਾ ਅਤੇ ਇਸ ਨੂੰ ਕਿਰਤੀਆਂ ਅਤੇ ਰੁਜ਼ਗਾਰਦਾਤਾਵਾਂ ਦੀ ਸਹੂਲਤ ਅਤੇ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਸਿਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸ਼੍ਰਮਮਿੱਤਰ ਐਪ ਕੇਵਲ ਇੱਕ ਮੋਬਾਈਲ ਐਪਲੀਕੇਸ਼ਨ ਨਹੀਂ, ਬਲਕਿ ਕਿਰਤ ਖੇਤਰ ਵਿੱਚ ਡਿਜੀਟਲ ਪਰਿਵਰਤਨ ਦੀ ਇੱਕ ਨਵੀਂ ਕ੍ਰਾਂਤੀ ਹੈ। ਇਹ ਐਪ ਜੀਓ-ਮੈਪਿੰਗ ਤਕਨੀਕ ਨਾਲ ਚੱਲੇਗਾ, ਜਿਸ ਦੇ ਮਾਧਿਅਮ ਰਾਹੀਂ ਕਿਰਤੀਆਂ ਅਤੇ ਰੁਜ਼ਗਾਰਦਾਤਾਵਾਂ ਨੂੰ ਇੱਕ-ਦੂਜੇ ਦੀ ਦੂਰੀ, ਲੋਕੇਸ਼ਨ ਅਤੇ ਆਉਣ-ਜਾਣ ਦੇ ਸਮੇਂ ਦੀ ਲਾਈਵ ਜਾਣਕਾਰੀ ਵੀ ਮਿਲਦੀ ਰਹੇਗੀ। ਇਸ ਨਾਲ ਸਮੇਂ ਦੀ ਬਚਤ ਹੋਵੇਗੀ ਅਤੇ ਕਾਰਜ ਪ੍ਰਕਿਰਿਆ ਵਧੇਰੇ ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਸੁਗਮ ਬਣੇਗੀ।ਸ਼੍ਰੀ ਵਿੱਜ ਨੇ ਦੱਸਿਆ ਕਿ ਵਰਤਮਾਨ ਵਿੱਚ ਕਿਰਤ ਵਿਭਾਗ ਕੋਲ ਰਾਜ ਦੇ ਸਾਰੇ ਲੇਬਰ ਚੌਂਕਾਂ ਦਾ ਵਿਸਤ੍ਰਿਤ ਡਾਟਾ ਉਪਲਬਧ ਹੈ ਅਤੇ ਪ੍ਰਦੇਸ਼ ਵਿੱਚ ਲਗਭਗ 135 ਲੇਬਰ ਚੌਂਕ ਚੱਲ ਰਹੇ ਹਨ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਸ਼੍ਰਮਮਿੱਤਰ ਐਪ ਦੀ ਵਿਆਪਕ ਵਰਤੋਂ ਨਾਲ ਆਉਣ ਵਾਲੇ ਸਮੇਂ ਵਿੱਚ ਰਵਾਇਤੀ ਲੇਬਰ ਚੌਂਕ ਵਿਵਸਥਾ ਆਪਣੇ ਆਪ ਖ਼ਤਮ ਹੁੰਦੀ ਜਾਵੇਗੀ ਅਤੇ ਕਿਰਤ ਖੇਤਰ ਪੂਰੀ ਤਰ੍ਹਾਂ ਡਿਜੀਟਲ, ਸੰਗਠਿਤ ਅਤੇ ਸੁਵਿਵਸਥਿਤ ਰੂਪ ਵਿੱਚ ਤਬਦੀਲ ਹੋ ਜਾਵੇਗਾ।

# ਨੀਟ ਪ੍ਰੀਖਿਆ ਰੱਦ ਕਰਨਾ ਨੌਜਵਾਨਾਂ ਨਾਲ ਧੋਖਾ: ਚੌਟਾਲਾ



**ਸਿਰਸਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਨਾਇਕ ਜਨਤਾ ਪਾਰਟੀ ਦੇ ਯੂਥ ਵਿੰਗ ਦੇ ਸੂਬਾ ਪ੍ਰਧਾਨ ਦਿਗਵਿਜੈ ਸਿੰਘ ਚੌਟਾਲਾ ਨੇ ਕਿਹਾ ਕਿ ਨੀਟ ਪ੍ਰੀਖਿਆ ਲੀਕ ਹੋਣਾ ਅਤੇ ਇਸ ਤੋਂ ਬਾਅਦ ਰੱਦ ਹੋਣਾ ਦੇਸ਼ ਦੇ ਲੱਖਾਂ ਨੌਜਵਾਨਾਂ ਨਾਲ ਧੋਖਾ ਹੈ। ਇੱਥੇ ਅੱਜ ਬਰਨਾਲਾ ਰੋਡ ’ਤੇ ਸਥਿਤ ਚੌਟਾਲਾ ਹਾਊਸ ’ਚ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਐੱਚ ਪੀ ਐੱਸ ਸੀ ਵੀ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰ ਰਿਹਾ ਹੈ। ਜਿਨ੍ਹਾਂ ਨੌਕਰੀਆਂ ਦਾ ਇਸ਼ਤਿਹਾਰ ਦਿੱਤਾ ਜਾ ਰਿਹਾ ਹੈ, ਉਨ੍ਹਾਂ ਵਿੱਚ ਜ਼ਿਆਦਾਤਰ ਬਾਹਰੀ ਸੂਬਿਆਂ ਦੇ ਉਮੀਦਵਾਰ ਨਿਯੁਕਤ ਕੀਤੇ ਜਾ ਰਹੇ ਹਨ।

ਸ੍ਰੀ ਚੌਟਾਲਾ ਨੇ ਕਿਹਾ ਕਿ ਉਮੀਦਵਾਰਾਂ ਨੇ 20 ਮਈ ਨੂੰ ਪੰਚਕੂਲਾ ਵਿੱਚ ਮੁਜ਼ਾਹਰਾ ਕਰਨ ਦਾ ਫ਼ੈਸਲਾ ਕੀਤਾ ਹੈ ਜਿਸ ਵਿੱਚ ਉਹ ਹਿੱਸਾ ਲੈਣਗੇ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਸਵਾਲ ਕਰਦੇ ਹੋਏ ਉਨ੍ਹਾਂ ਕਿਹਾ ਕਿ ਜੇ ਉਹ ਪੰਜਾਬ ਵਿੱਚ ਸੱਤਾ ਵਿੱਚ ਆਉਂਦੇ ਹਨ ਤਾਂ ਕੀ ਹਰਿਆਣਾ ਦੇ ਲੋਕਾਂ ਨੂੰ ਐੱਸ ਵਾਈ ਐੱਲ ਦੇ ਪਾਣੀ ਦੀ ਸਹੀ ਹਿੱਸੇ ਦੀ ਗਾਰੰਟੀ ਦੇਣਗੇ। ਉਨ੍ਹਾਂ ਵਿਦਿਆਰਥੀ ਯੂਨੀਅਨ ਚੋਣਾਂ ਦਾ ਮੁੱਦਾ ਹੱਲ ਹੋਣ ਤੱਕ ਸੰਘਰਸ਼ ਕਰਦੇ ਰਹਿਣ ਦਾ ਐਲਾਨ ਕੀਤਾ।

ਯਮੁਨਾਨਗਰ ਵਿੱਚ ਜਬਰ-ਜਨਾਹ ਦੀ ਘਟਨਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਫੇਲ੍ਹ ਹੋ ਚੁੱਕੀ ਹੈ। ਤੇਲ ਦੇ ਭਾਅ ’ਚ ਵਾਧੇ ਬਾਰੇ ਉਨ੍ਹਾਂ ਕਿਹਾ ਕਿ ਲੋਕਾਂ ਦਾ ਧਿਆਨ ਭਟਕਾਉਣ ਲਈ ਕੁਝ ਭਾਜਪਾ ਆਗੂ ਬੱਸਾਂ ਤੇ ਮੈਟਰੋ ’ਚ ਸਫ਼ਰ ਦਾ ਦਿਖਾਵਾ ਕਰ ਰਹੇ ਹਨ। ਇਸ ਮੌਕੇ ਜੇ ਜੇ ਪੀ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਵਰਮਾ, ਅਮਰ ਸਿੰਘ ਜਿਆਣੀ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਸਿੰਘ ਅਤੇ ਕੁਲਦੀਪ ਆਦਿ ਮੌਜੂਦ ਸਨ।

# ਹਰਿਆਣਾ ਵਿੱਚ 25 ਮਈ ਤੋਂ ਸਕੂਲਾਂ ’ਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਰਕਾਰ ਨੇ ਸੂਬੇ ਵਿੱਚ ਲਗਾਤਾਰ ਵਧ ਰਹੀ ਗਰਮੀ ਨੂੰ ਦੇਖਦਿਆਂ ਸਕੂਲਾਂ ਵਿੱਚ 25 ਮਈ ਤੋਂ ਗਰਮੀ ਦੀਆਂ ਛੁੱਟੀਆਂ ਕਰਨ ਦਾ ਫ਼ੈਸਲਾ ਕੀਤਾ ਹੈ। ਇਹ ਫ਼ੈਸਲਾ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਦੀ ਅਗਵਾਈ ਹੇਠ ਹੋਈ ਸਿੱਖਿਆ ਵਿਭਾਗ ਦੀ ਮੀਟਿੰਗ ਵਿੱਚ ਲਿਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਸਕੂਲਾਂ ਵਿੱਚ 25 ਮਈ ਤੋਂ 30 ਜੂਨ ਤੱਕ ਗਰਮੀ ਦੀਆਂ ਛੁੱਟੀਆਂ ਹੋਣਗੀਆਂ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਸਕੂਲਾਂ ਵਿੱਚ ਕੋਈ ਵੀ ਅਧਿਆਪਕ ਕਲਾਸਰੂਮ ਦੇ ਅੰਦਰ ਮੋਬਾਈਲ ਫ਼ੋਨ ਦੀ ਵਰਤੋਂ ਨਹੀਂ ਕਰੇਗਾ। ਇਸ ਤੋਂ ਇਲਾਵਾ ਵੀ ਹਰਿਆਣਾ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਸੁਧਾਰ ਲਿਆਉਣ ਲਈ ਕਈ ਹੋਰ ਅਹਿਮ ਫ਼ੈਸਲੇ ਲਏ ਗਏ ਹਨ।

ਜ਼ਿਕਰਯੋਗ ਹੈ ਕਿ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਸਮੇਤ ਉੱਤਰ ਭਾਰਤ ਵਿੱਚ ਪਿਛਲੇ ਇੱਕ ਹਫ਼ਤੇ ਤੋਂ ਗਰਮੀ ਦਾ ਕਹਿਰ ਜਾਰੀ ਹੈ। ਅੱਜ ਵੀ ਹਰਿਆਣਾ ਅਤੇ ਪੰਜਾਬ ਵਿੱਚ ਤਾਪਮਾਨ 45 ਡਿਗਰੀ ਸੈਲਸੀਅਸ ਤੋਂ ਪਾਰ ਟੱਪ ਗਿਆ ਹੈ।

ਮੌਸਮ ਵਿਗਿਆਨੀਆਂ ਨੇ 25 ਮਈ ਤੱਕ ਉੱਤਰ ਭਾਰਤ ਵਿੱਚ ਅਤਿ ਦੀ ਗਰਮੀ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਇਸੇ ਕਾਰਨ ਮੌਸਮ ਵਿਭਾਗ ਵੱਲੋਂ 20 ਤੋਂ 25 ਮਈ ਤੱਕ ਦੋਵਾਂ ਸੂਬਿਆਂ ਵਿੱਚ ‘ਔਰੈਂਜ ਅਲਰਟ’ ਜਾਰੀ ਕਰ ਦਿੱਤਾ ਗਿਆ ਹੈ।

# ਸ਼ੁੱਧ ਅਤੇ ਸਹੀ ਵੋਟਰ ਸੂਚੀ ਤਿਆਰ ਕਰਵਾਉਣ ਵਿੱਚ ਬੀ.ਐਲ.ਓ. ਅਤੇ ਬੀ.ਐਲ.ਏ. ਹੁੰਦੇ ਹਨ ਇੱਕ ਅਤਿ ਮਹੱਤਵਪੂਰਨ ਕੜੀ : ਏ ਸ਼੍ਰੀਨਿਵਾਸ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਮੁੱਖ ਚੋਣ ਅਫ਼ਸਰ ਏ ਸ਼੍ਰੀਨਿਵਾਸ ਨੇ ਰਾਜ ਦੇ ਸਾਰੇ ਰਾਸ਼ਟਰੀ ਮਾਨਤਾ ਪ੍ਰਾਪਤ ਅਤੇ ਰਾਜ ਪੱਧਰੀ ਮਾਨਤਾ ਪ੍ਰਾਪਤ ਰਾਜਨੀਤਿਕ ਦਲਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀਆਂ-ਆਪਣੀਆਂ ਪਾਰਟੀਆਂ ਲਈ ਬੂਥ ਲੈਵਲ ਏਜੰਟ 1 ਅਤੇ 2 ਦੀ ਨਿਯੁਕਤੀ ਆਉਣ ਵਾਲੇ ਹਫ਼ਤੇ ਦੇ ਅੰਦਰ-ਅੰਦਰ ਕਰਕੇ ਮੁੱਖ ਚੋਣ ਅਫ਼ਸਰ ਦੇ ਦਫ਼ਤਰ ਨੂੰ ਸੂਚਿਤ ਕਰਨ, ਕਿਉਂਕਿ ਵੋਟਰ ਸੂਚੀਆਂ ਦੇ ਵਿਸ਼ੇਸ਼ ਗਹਿਨ ਪੁਨਰ ਨਿਰੀਖਣ ਦਾ ਕੰਮ 15 ਜੂਨ ਤੋਂ ਸ਼ੁਰੂ ਕੀਤਾ ਜਾ ਰਹੀ ਹੈ। ਇਸ ਦੌਰਾਨ ਬੂਥ ਲੈਵਲ ਅਫ਼ਸਰ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨਗੇ। ਸ਼ੁੱਧ ਅਤੇ ਸਹੀ ਵੋਟਰ ਸੂਚੀ ਤਿਆਰ ਕਰਵਾਉਣ ਵਿੱਚ ਬੀ.ਐਲ.ਓ. ਅਤੇ ਬੀ.ਐਲ.ਏ. ਇੱਕ ਅਤਿ ਮਹੱਤਵਪੂਰਨ ਕੜੀ ਹਨ।ਏ ਸ਼੍ਰੀਨਿਵਾਸ ਅੱਜ ਇੱਥੇ ਆਪਣੇ ਦਫ਼ਤਰ ਵਿੱਚ ਰਾਜਨੀਤਿਕ ਦਲਾਂ ਲਈ ਵਿਸ਼ੇਸ਼ ਗਹਿਨ ਪੁਨਰ ਨਿਰੀਖਣ ਪ੍ਰਕਿਰਿਆ 2026 ਨੂੰ ਲੈ ਕੇ ਉਨ੍ਹਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰ ਰਹੇ ਸਨ। ਮੀਟਿੰਗ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਵੀਰੇਂਦਰ ਗਰਗ, ਭਾਰਤੀ ਰਾਸ਼ਟਰੀ ਕਾਂਗਰਸ ਵੱਲੋਂ ਰਣਧੀਰ ਸਿੰਘ ਰਾਣਾ ਅਤੇ ਬਹੁਜਨ ਸਮਾਜ ਪਾਰਟੀ ਵੱਲੋਂ ਪਵਨ ਕੌਸ਼ਲ, ਸੀ.ਪੀ.ਆਈ. (ਐਮ) ਵੱਲੋਂ ਆਰ.ਐਸ. ਸਾਥੀ, ਆਮ ਆਦਮੀ ਪਾਰਟੀ ਵੱਲੋਂ ਐਡਵੋਕੇਟ ਵਿਨਸ ਮਲਿਕ ਅਤੇ ਜਨਨਾਇਕ ਜਨਤਾ ਪਾਰਟੀ ਵੱਲੋਂ ਰਣਧੀਰ ਸਿੰਘ ਝਾਝੜੀਆ ਨੇ ਭਾਗ ਲਿਆ।ਉਨ੍ਹਾਂ ਨੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰਾਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਵਿਸ਼ੇਸ਼ ਗਹਿਨ ਸੋਧ ਕਾਰਜਾਂ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਅਪੀਲ ਕੀਤੀ ਕਿ ਗੁਰੂਗ੍ਰਾਮ, ਫਰੀਦਾਬਾਦ, ਪੰਚਕੂਲਾ ਅਤੇ ਸੋਨੀਪਤ ਵਰਗੇ ਸ਼ਹਿਰਾਂ ਵਿੱਚ ਬਹੁ-ਮੰਜ਼ਿਲਾਂ ਰਿਹਾਇਸ਼ੀ ਸੁਸਾਇਟੀਆਂ ਵੱਡੀ ਗਿਣਤੀ ਵਿੱਚ ਹਨ ਅਤੇ ਬੀ.ਐਲ.ਓ. ਨੂੰ ਕਈ ਵਾਰ ਇਨ੍ਹਾਂ ਸੁਸਾਇਟੀਆਂ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਂਦਾ, ਇਸ ਲਈ ਉਹ ਆਰ.ਡਬਲਯੂ.ਏ. ਦੇ ਅਹੁਦੇਦਾਰਾਂ ਨੂੰ ਨਿਰਦੇਸ਼ ਦੇਣ ਕਿ ਵਿਸ਼ੇਸ਼ ਗਹਿਨ ਸੋਧ ਕਾਰਜਾਂ ਦੀ ਜਾਣਕਾਰੀ ਲੈਣ ਲਈ ਬੀ.ਐੱਲ.ਓ. ਅਤੇ ਬੀ.ਐੱਲ.ਏ. ਆਉਣਗੇ ਅਤੇ ਉਨ੍ਹਾਂ ਨੂੰ ਜਾਣਕਾਰੀ ਇਕੱਠੀ ਕਰਨ ਦੀ ਇਜਾਜ਼ਤ ਦਿੱਤੀ ਜਾਵੇ।

ਮੁੱਖ ਚੋਣ ਅਫ਼ਸਰ ਨੇ ਦੱਸਿਆ ਕਿ 12 ਮਈ 2026 ਤੱਕ ਹਰਿਆਣਾ ਵਿੱਚ ਕੁੱਲ ਵੋਟਰਾਂ ਦੀ ਗਿਣਤੀ 2 ਕਰੋੜ 6 ਲੱਖ 63 ਹਜ਼ਾਰ 155 ਦਰਜ ਕੀਤੀ ਗਈ ਹੈ। ਵਿਸ਼ੇਸ਼ ਡੂੰਘੇ ਸੋਧ ਕਾਰਜ ਲਈ ਸੂਬੇ ਭਰ ਵਿੱਚ 20 ਹਜ਼ਾਰ 629 ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓ.) ਦੀ ਨਿਯੁਕਤੀ ਕੀਤੀ ਗਈ ਹੈ, ਜੋ 15 ਜੂਨ ਤੋਂ 14 ਜੁਲਾਈ 2026 ਤੱਕ ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਇਕੱਠੀ ਕਰਨਗੇ। ਹੁਣ ਤੱਕ ਵੱਖ-ਵੱਖ ਰਾਜਨੀਤਿਕ ਦਲਾਂ ਵੱਲੋਂ ਕੇਵਲ 12 ਹਜ਼ਾਰ 917 ਬੂਥ ਲੈਵਲ ਏਜੰਟ ਹੀ ਨਿਯੁਕਤ ਕੀਤੇ ਗਏ ਹਨ, ਇਸ ਲਈ ਵਾਧੂ ਬੀ.ਐੱਲ.ਏ. ਦੀਆਂ ਨਿਯੁਕਤੀਆਂ ਜ਼ਰੂਰੀ ਹਨ।

# ਹੁਣ ਰੋਹਤਕ ਤੋਂ ਸ਼ਿਮਲਾ ਦਾ ਸਫ਼ਰ ਸਿੱਧਾ ਤੇ ਸੁਖਾਲਾ; ਮਹਿਜ਼ 581 ਰੁਪਏ ਲੱਗੇਗਾ ਕਿਰਾਇਆ

**ਰੋਹਤਕ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਅਤੇ ਆਮ ਲੋਕਾਂ ਨੂੰ ਕਿਫਾਇਤੀ ਜਨਤਕ ਟ੍ਰਾਂਸਪੋਰਟ ਦੀ ਸਹੂਲਤ ਦੇਣ ਲਈ ਹਰਿਆਣਾ ਰੋਡਵੇਜ਼ (ਰੋਹਤਕ ਡਿਪੂ) ਵੱਲੋਂ ਇੱਕ ਅਹਿਮ ਪਹਿਲਕਦਮੀ ਕੀਤੀ ਗਈ ਹੈ। ਵਿਭਾਗ ਨੇ ਅੱਜ 19 ਮਈ ਤੋਂ ਰੋਹਤਕ ਅਤੇ ਹਿਮਾਚਲ ਪ੍ਰਦੇਸ਼ ਦੀ ਰਾਜਧਾਨੀ ਸ਼ਿਮਲਾ ਵਿਚਕਾਰ ਸਿੱਧੀ ਰੋਜ਼ਾਨਾ ਬੱਸ ਸੇਵਾ ਸ਼ੁਰੂ ਕਰ ਦਿੱਤੀ ਹੈ। ਇਸ ਜਨ-ਹਿੱਤ ਦੇ ਫੈਸਲੇ ਨਾਲ ਰੋਹਤਕ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਦੇ ਹਜ਼ਾਰਾਂ ਮੁਸਾਫ਼ਰਾਂ ਨੂੰ ਵੱਡੀ ਰਾਹਤ ਮਿਲੇਗੀ, ਜਿਨ੍ਹਾਂ ਨੂੰ ਪਹਿਲਾਂ ਸ਼ਿਮਲਾ ਜਾਣ ਲਈ ਬੱਸਾਂ ਬਦਲਣੀਆਂ ਪੈਂਦੀਆਂ ਸਨ।

ਤੈਅ ਕੀਤੇ ਗਏ ਸਮੇਂ ਦੀ ਸਾਰਣੀ ਅਨੁਸਾਰ, ਹਰਿਆਣਾ ਰੋਡਵੇਜ਼ ਦੀ ਇਹ ਸਿੱਧੀ ਬੱਸ ਰੋਜ਼ਾਨਾ ਸਵੇਰੇ 10:05 ਵਜੇ ਰੋਹਤਕ ਬੱਸ ਅੱਡੇ ਤੋਂ ਰਵਾਨਾ ਹੋਵੇਗੀ ਅਤੇ ਚੰਡੀਗੜ੍ਹ ਤੇ ਕਾਲਕਾ ਦੇ ਰਸਤੇ ਹੁੰਦੇ ਹੋਏ ਸ਼ਿਮਲਾ ਪਹੁੰਚੇਗੀ।

ਇਸੇ ਤਰ੍ਹਾਂ ਸ਼ਿਮਲਾ ਤੋਂ ਰੋਹਤਕ ਲਈ ਵਾਪਸੀ ਦੀ ਸੇਵਾ ਅਗਲੀ ਸਵੇਰ 7:00 ਵਜੇ ਸ਼ੁਰੂ ਹੋਵੇਗੀ। ਰੋਹਤਕ ਤੋਂ ਸ਼ਿਮਲਾ ਤੱਕ ਦਾ ਇਹ ਸਫ਼ਰ ਕਰੀਬ 373 ਕਿਲੋਮੀਟਰ ਦਾ ਹੋਵੇਗਾ ਅਤੇ ਵਿਭਾਗ ਵੱਲੋਂ ਪ੍ਰਤੀ ਸਵਾਰੀ ਕਿਰਾਇਆ ਮਹਿਜ਼ 581 ਰੁਪਏ ਨਿਰਧਾਰਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਸਚਿਨ ਗੁਪਤਾ ਨੇ ਦੱਸਿਆ ਕਿ ਇਸ ਸਿੱਧੀ ਬੱਸ ਸੇਵਾ ਦੀ ਸ਼ੁਰੂਆਤ ਜਨਤਕ ਟਰਾਂਸਪੋਰਟ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨ ਅਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਯਤਨਾਂ ਦਾ ਹਿੱਸਾ ਹੈ। ਉਨ੍ਹਾਂ ਕਿਹਾ, ਇਸ ਰੂਟ ’ਤੇ ਸਿੱਧੀ ਬੱਸ ਚੱਲਣ ਨਾਲ ਸੈਲਾਨੀਆਂ, ਵਿਦਿਆਰਥੀਆਂ, ਸਰਕਾਰੀ ਮੁਲਾਜ਼ਮਾਂ ਅਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ।

ਡੀਸੀ ਸਚਿਨ ਗੁਪਤਾ ਨੇ ਅੱਗੇ ਕਿਹਾ ਕਿ ਇਹ ਸੇਵਾ ਸੈਰ-ਸਪਾਟੇ, ਸਿੱਖਿਆ, ਰੁਜ਼ਗਾਰ, ਸਰਕਾਰੀ ਕੰਮਕਾਜ ਅਤੇ ਪਰਿਵਾਰਕ ਮਿਲਣੀਆਂ ਲਈ ਆਉਣ-ਜਾਣ ਵਾਲੇ ਹਰ ਵਰਗ ਦੇ ਮੁਸਾਫ਼ਰਾਂ ਲਈ ਮੀਲ ਦਾ ਪੱਥਰ ਸਾਬਤ ਹੋਵੇਗੀ।

ਉਨ੍ਹਾਂ ਭਰੋਸਾ ਦਿੱਤਾ ਕਿ ਹਰਿਆਣਾ ਰੋਡਵੇਜ਼ ਵੱਲੋਂ ਆਮ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਭਵਿੱਖ ਵਿੱਚ ਵੀ ਅਜਿਹੇ ਕਦਮ ਚੁੱਕੇ ਜਾਂਦੇ ਰਹਿਣਗੇ। ਰੋਡਵੇਜ਼ ਦੇ ਇਸ ਫੈਸਲੇ ਨਾਲ ਰੋਹਤਕ ਅਤੇ ਗੁਆਂਢੀ ਜ਼ਿਲ੍ਹਿਆਂ ਦੇ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ, ਕਿਉਂਕਿ ਹੁਣ ਉਹ ਉੱਤਰ ਭਾਰਤ ਦੇ ਸਭ ਤੋਂ ਮਸ਼ਹੂਰ ਸੈਰ-ਸਪਾਟਾ ਸਥਾਨ ’ਤੇ ਬੇਹੱਦ ਘੱਟ ਖਰਚੇ ਵਿੱਚ ਸਿੱਧਾ ਸਫ਼ਰ ਕਰ ਸਕਣਗੇ।

# ਕੈਮਿਸਟਾਂ ਦੀ ਹੜਤਾਲ ਨੂੰ ਮੱਠਾ ਹੁੰਗਾਰਾ

**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ ਕੈਮਿਸਟ ਐਂਡ ਡਰਗਿਸਟ ਵੱਲੋਂ ਦਿੱਤੇ ਸੱਦੇ ’ਤੇ ਕੈਮਿਸਟਾਂ ਦੀ ਹੜਤਾਲ ਦਾ ਬੁੱਧਵਾਰ ਨੂੰ ਦਿੱਲੀ-ਐੱਨ ਸੀ ਆਰ ਵਿੱਚ ਮਿਲਿਆ-ਜੁਲਿਆ ਪ੍ਰਭਾਵ ਰਿਹਾ। ਕਈ ਸਥਾਨਕ ਬਾਜ਼ਾਰਾਂ ਵਿੱਚ ਮੈਡੀਕਲ ਸਟੋਰ ਬੰਦ ਰਹੇ ਜਦੋਂਕਿ ਕੁਝ ਖੁੱਲ੍ਹੇ ਰਹੇ। ਹਾਲਾਂਕਿ, ਹਸਪਤਾਲ ਕੰਪਲੈਕਸਾਂ, ਸਰਕਾਰੀ ਕੇਂਦਰਾਂ ਅਤੇ ਪ੍ਰਮੁੱਖ ਫਾਰਮੇਸੀ ਚੇਨਾਂ ਵਿੱਚ ਦੁਕਾਨਾਂ ਆਮ ਵਾਂਗ ਖੁੱਲ੍ਹੀਆਂ ਰਹੀਆਂ। ਇਹ ਹੜਤਾਲ ਔਨਲਾਈਨ ਦਵਾਈਆਂ ਦੀ ਵਿੱਕਰੀ ਅਤੇ ਈ-ਫਾਰਮੇਸੀ ਪਲੇਟਫਾਰਮਾਂ ਦੇ ਵਿਰੋਧ ਵਿੱਚ ਬੁਲਾਈ ਗਈ ਸੀ। ਕੈਮਿਸਟ ਸੰਗਠਨਾਂ ਦਾ ਕਹਿਣਾ ਹੈ ਕਿ ਔਨਲਾਈਨ ਪਲੇਟਫਾਰਮ ਜ਼ਿਆਦਾ ਛੋਟਾਂ ਦੇ ਰਹੇ ਹਨ ਅਤੇ ਰਵਾਇਤੀ ਦਵਾਈਆਂ ਦੇ ਬਾਜ਼ਾਰ ਨੂੰ ਕਮਜ਼ੋਰ ਕਰ ਰਹੇ ਹਨ। ਦਿੱਲੀ ਦੇ ਕਈ ਇਲਾਕਿਆਂ ਵਿੱਚ ਮੈਡੀਕਲ ਸਟੋਰ ਬੰਦ ਰਹੇ। ਇਨ੍ਹਾਂ ਵਿੱਚ ਲਕਸ਼ਮੀ ਨਗਰ, ਪ੍ਰੀਤ ਵਿਹਾਰ, ਕਰੋਲ ਬਾਗ਼ ਅਤੇ ਚਾਂਦਨੀ ਚੌਂਕ ਸ਼ਾਮਲ ਹਨ। ਹਾਲਾਂਕਿ ਏਮਜ਼, ਸਫਦਰਜੰਗ, ਆਰ ਐੱਮ ਐੱਲ ਅਤੇ ਐੱਲ ਐੱਨ ਜੇ ਪੀ ਵਰਗੇ ਵੱਡੇ ਸਰਕਾਰੀ ਹਸਪਤਾਲਾਂ ਅਤੇ ਨਿੱਜੀ ਨਰਸਿੰਗ ਹੋਮ ਦੇ ਨੇੜੇ ਮੈਡੀਕਲ ਸਟੋਰ ਖੁੱਲ੍ਹੇ ਰਹੇ। ਇਸ ਵਿਰੋਧ ਪ੍ਰਦਰਸ਼ਨ ਦਾ ਕੇਂਦਰ ਬਿੰਦੂ ਦੋ ਸਰਕਾਰੀ ਨੋਟੀਫਿਕੇਸ਼ਨ ਹਨ ਜੋ ਕੈਮਿਸਟਾਂ ਦੀ ਸੰਸਥਾ ਅਨੁਸਾਰ ਇਨ੍ਹਾਂ ਦੇ ਨਿਯਮਾਂ ਨੇ ਅਜਿਹੀਆਂ ਹਾਲਾਤ ਪੈਦਾ ਕੀਤੇ ਹਨ ਕਿ ਈ-ਫਾਰਮੇਸੀਆਂ ਨੂੰ ਪੂਰੀ ਤਰ੍ਹਾਂ ਪਰਿਭਾਸ਼ਿਤ ਕਾਨੂੰਨੀ ਢਾਂਚੇ ਤੋਂ ਬਿਨਾਂ ਕੰਮ ਕਰਨ ਦੀ ਆਗਿਆ ਮਿਲੀ ਹੈ। ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ ਕੈਮਿਸਟ ਐਂਡ ਡਰਗਿਸਟ ਦੇ ਜਨਰਲ ਸਕੱਤਰ ਰਾਜੀਵ ਸਿੰਘਲ ਨੇ ਕਿਹਾ ਕਿ ਔਨਲਾਈਨ ਪਲੇਟਫਾਰਮਾਂ ’ਤੇ ਵਰਤੇ ਜਾ ਰਹੇ ‘ਗ਼ਲਤ ਜਾਂ ਨਕਲੀ ਨੁਸਖ਼ੇ’ ਚਿੰਤਾਜਨਕ ਹਨ, ਈ-ਫਾਰਮੇਸੀਆਂ ਦੇ ਸਖ਼ਤ ਨਿਯਮ ਲਾਗੂ ਦੀ ਮੰਗ ਕੀਤੀ ਗਈ ਹੈ। ਇਸ ਸੰਸਥਾ ਨੇ ਵੱਡੇ ਔਨਲਾਈਨ ਪਲੇਟਫਾਰਮਾਂ ਵੱਲੋਂ ਭਾਰੀ ਛੋਟ ’ਤੇ ਵੀ ਇਤਰਾਜ਼ ਜ਼ਾਹਰ ਕੀਤਾ ਹੈ।

ਦਵਾਈਆਂ ਵੇਚਣ ਵਾਲੀਆਂ ਦੁਕਾਨਾਂ ਅੱਜ ਕਈ ਇਲਾਕਿਆਂ ਵਿੱਚ ਬੰਦ ਰਹਿਣ ਕਾਰਨ ਮਰੀਜ਼ਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਇਸ ਜ਼ਿਲ੍ਹੇ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਦਵਾਈਆਂ ਵੇਚਣ ਵਾਲਿਆਂ ਨੇ ਆਪਣੀਆਂ ਦੁਕਾਨਾਂ ਦੇ ਸ਼ਟਰ ਅੱਧ-ਪਚੱਧ ਬੰਦ ਰੱਖੇ।

## ਸੰਪਾਦਕੀ

# ਕਾਨੂੰਨ ਦਾ ਰਾਜ ਤੇ ਪੁਲੀਸ ਮੁਕਾਬਲੇ

ਉੱਤਰ ਪ੍ਰਦੇਸ਼ ਵਿੱਚ ਯੋਗੀ ਆਦਿੱਤਿਆਨਾਥ ਦੇ ਪਿਛਲੇ ਨੌਂ ਸਾਲਾਂ ਦੇ ਸ਼ਾਸਨ ਦੌਰਾਨ ਹਰ ਰੋਜ਼ ਔਸਤਨ ਪੰਜ ਪੁਲੀਸ ਮੁਕਾਬਲੇ ਦੇਖਣ ਨੂੰ ਮਿਲੇ ਹਨ। ਸੂਬਾ ਸਰਕਾਰ ਮੁਤਾਬਿਕ ਇਨ੍ਹਾਂ ਮੁਕਾਬਲਿਆਂ ਵਿੱਚ 289 'ਖ਼ਤਰਨਾਕ ਅਪਰਾਧੀ' ਮਾਰੇ ਜਾ ਚੁੱਕੇ ਹਨ ਜਦੋਂਕਿ ਲਗਪਗ 12,000 ਜ਼ਖ਼ਮੀ ਹੋਏ ਹਨ। ਇਨ੍ਹਾਂ ਹੈਰਾਨੀਜਨਕ ਅੰਕੜਿਆਂ ਨੇ ਗੋਲੀ ਚਲਾਉਣ ਲਈ ਹਮੇਸ਼ਾ ਕਾਹਲੀ ਰਹਿਣ ਵਾਲੀ ਪੁਲੀਸ ਅਤੇ ਸਰਕਾਰੀ ਤਾਕਤ ਦੀਆਂ ਸੀਮਾਵਾਂ ਬਾਰੇ ਬਹਿਸ ਨੂੰ ਦੁਬਾਰਾ ਛੇੜ ਦਿੱਤਾ ਹੈ। ਭਾਜਪਾ ਸਰਕਾਰ ਇਨ੍ਹਾਂ ਪੁਲੀਸ ਮੁਕਾਬਲਿਆਂ ਨੂੰ ਅਪਰਾਧੀ ਅਨਸਰਾਂ ਵਿਰੁੱਧ ਆਪਣੀ 'ਜ਼ੀਰੋ-ਟਾਲਰੈਂਸ' ਨੀਤੀ ਦੇ ਸਬੂਤ ਵਜੋਂ ਪੇਸ਼ ਕਰਦੀ ਹੈ। ਕੌਮੀ ਅਪਰਾਧ ਰਿਕਾਰਡਜ਼ ਬਿਊਰੋ ਦੀ ਤਾਜ਼ਾ ਰਿਪੋਰਟ ਅਨੁਸਾਰ ਉੱਤਰ ਪ੍ਰਦੇਸ਼ ਦੀ ਅਪਰਾਧ ਦਰ ਪ੍ਰਤੀ ਇੱਕ ਲੱਖ ਦੀ ਆਬਾਦੀ ਪਿੱਛੇ 180.2 ਹੈ, ਜੋ 252.3 ਦੀ ਰਾਸ਼ਟਰੀ ਔਸਤ ਨਾਲੋਂ ਕਿਤੇ ਘੱਟ ਹੈ। ਇਸ ਨਿਰੰਤਰ ਸਖ਼ਤੀ ਨੇ ਪ੍ਰਤੱਖ ਰੂਪ ਵਿੱਚ ਸੰਗਠਿਤ ਅਪਰਾਧ ਦੇ ਨੈੱਟਵਰਕ ਨੂੰ ਕਮਜ਼ੋਰ ਕੀਤਾ ਹੈ, ਪਰ ਇਸ ਮਕਸਦ ਨੂੰ ਹਾਸਲ ਕਰਨ ਲਈ ਅਪਣਾਏ ਗਏ ਤਰੀਕੇ ਹੁਣ ਜਾਂਚ ਦੇ ਘੇਰੇ 'ਚ ਹਨ।

ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਜਨਤਕ ਸੁਰੱਖਿਆ ਸੂਬਾ ਸਰਕਾਰ ਦੀ ਅਹਿਮ ਜ਼ਿੰਮੇਵਾਰੀ ਹੈ। ਜਬਰਨ ਉਗਰਾਹੀ ਕਰਨ ਵਾਲਿਆਂ, ਗੈਂਗਸਟਰਾਂ ਅਤੇ ਹੋਰ ਖ਼ਤਰਨਾਕ ਅਪਰਾਧੀਆਂ ਵਿਰੁੱਧ ਨਾਗਰਿਕ ਤੁਰੰਤ ਕਾਰਵਾਈ ਦੀ ਉਮੀਦ ਰੱਖਦੇ ਹਨ। ਪੁਲੀਸ ਨੂੰ ਆਤਮ-ਰੱਖਿਆ ਵਿੱਚ ਬਲ ਪ੍ਰਯੋਗ ਕਰਨ ਦਾ ਅਧਿਕਾਰ ਹੈ, ਪਰ ਪੁਲੀਸ ਮੁਕਾਬਲਿਆਂ ਨੂੰ ਸ਼ਾਸਨ ਦੇ ਮਾਡਲ ਵਜੋਂ ਉਭਾਰਨਾ ਗੰਭੀਰ ਸੰਵਿਧਾਨਕ ਚਿੰਤਾਵਾਂ ਪੈਦਾ ਕਰਦਾ ਹੈ। ਅਲਾਹਾਬਾਦ ਹਾਈਕੋਰਟ ਨੇ ਮੁਲਜ਼ਮਾਂ ਦੀਆਂ ਲੱਤਾਂ ਵਿੱਚ ਗੋਲੀ ਮਾਰਨ ਦੇ ਵਧਦੇ ਰੁਝਾਨ 'ਤੇ ਟਿੱਪਣੀ ਕੀਤੀ ਹੈ। ਇਸ ਤੋਂ ਸਪੱਸ਼ਟ ਹੁੰਦੀ ਹੈ ਕਿ ਕਾਨੂੰਨ ਤੋਂ ਬਾਹਰ ਜਾ ਕੇ ਕੀਤੇ ਜਾਣ ਵਾਲੇ ਫ਼ੈਸਲਿਆਂ ਨੂੰ ਹੁਣ ਚਿੰਤਾਜਨਕ ਤਰੀਕੇ ਨਾਲ ਆਮ ਗੱਲ ਮੰਨਿਆ ਜਾਣ ਲੱਗਿਆ ਹੈ। ਹਾਈਕੋਰਟ ਨੇ ਇਸੇ ਸਾਲ ਜਨਵਰੀ ਵਿੱਚ ਯੂ ਪੀ ਸਰਕਾਰ ਨੂੰ ਬਿਲਕੁਲ ਸਹੀ ਚਿਤਾਵਨੀ ਦਿੱਤੀ ਸੀ ਕਿ ਸਜ਼ਾ ਦੇਣਾ ਅਦਾਲਤਾਂ ਦਾ ਵਿਸ਼ੇਸ਼ ਅਧਿਕਾਰ ਖੇਤਰ ਹੈ, ਪੁਲੀਸ ਦਾ ਨਹੀਂ। ਕਾਨੂੰਨ ਦੇ ਰਾਜ ਦੁਆਰਾ ਸੰਚਾਲਿਤ ਲੋਕਤੰਤਰ ਵਿੱਚ ਸਭ ਤੋਂ ਖ਼ਤਰਨਾਕ ਅਪਰਾਧੀ ਕੋਲ ਵੀ ਸੰਵਿਧਾਨਕ ਅਧਿਕਾਰ ਹੁੰਦੇ ਹਨ।

ਸੁਪਰੀਮ ਕੋਰਟ ਦੇ 2014 ਦੇ ਦਿਸ਼ਾ-ਨਿਰਦੇਸ਼ ਜਾਅਲੀ ਮੁਕਾਬਲਿਆਂ ਅਤੇ ਪੁਲੀਸ ਸ਼ਕਤੀ ਦੀ ਦੁਰਵਰਤੋਂ ਨੂੰ ਨੱਥ ਪਾਉਣ ਲਈ ਤਿਆਰ ਕੀਤੇ ਗਏ ਸਨ। ਇਨਸਾਫ਼ ਨੂੰ ਯਕੀਨੀ ਬਣਾਉਣ ਲਈ ਲਾਜ਼ਮੀ ਐੱਫ ਆਈ ਆਰ, ਸੁਤੰਤਰ ਜਾਂਚ, ਮੈਜਿਸਟ੍ਰੇਟੀ ਜਾਂਚ ਅਤੇ ਪਾਰਦਰਸ਼ੀ ਕਾਗਜ਼ੀ ਕਾਰਵਾਈ ਅਹਿਮ ਸੁਰੱਖਿਆ ਕਵਚ ਹਨ। ਅਸਲ ਖ਼ਤਰਾ ਪੁਲੀਸ ਮੁਕਾਬਲਿਆਂ ਦੀ ਵਡਿਆਈ ਕਰਨ ਵਿੱਚ ਹੈ। ਜਦੋਂ 'ਮੌਕੇ 'ਤੇ ਇਨਸਾਫ਼' ਸਿਆਸੀ ਰੋਟੀਆਂ ਸੇਕਣ ਦਾ ਸਾਧਨ ਬਣ ਜਾਂਦਾ ਹੈ ਤਾਂ ਕਾਨੂੰਨ ਦੀ ਮਰਿਆਦਾ ਭੰਗ ਹੁੰਦੀ ਹੈ। ਉੱਤਰ ਪ੍ਰਦੇਸ਼ ਪੁਲੀਸ ਸਾਹਮਣੇ ਵੱਡੀ ਚੁਣੌਤੀ ਜੁਰਮ ਨੂੰ ਨੱਥ ਪਾਉਣਾ ਨਹੀਂ, ਸਗੋਂ ਕਾਨੂੰਨ ਦੇ ਦਾਇਰੇ ਅੰਦਰ ਰਹਿ ਕੇ ਕੰਮ ਕਰਨ ਦੀ ਹੈ।

## ਲੂ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਇਜ਼ਰੀ ਦੀ ਪਾਲਣਾ ਕੀਤੀ ਜਾਵੇ : ਡਿਪਟੀ ਕਮਿਸ਼ਨਰ



**ਜਲੰਧਰ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ 24 ਮਈ ਤੱਕ 'ਹੀਟ ਵੇਵ' (ਲੂ) ਚੱਲਣ ਦੇ ਮੱਦੇਨਜ਼ਰ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਵਿਸ਼ੇਸ਼ ਐਡਵਾਇਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ।

ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਵਾਸੀ ਸਾਵਧਾਨੀਆਂ ਵਰਤਕੇ ਹੀ ਹੀਟ ਵੇਵ ਤੋਂ ਬਚਾਅ ਕਰ ਸਕਦੇ ਹਨ।

ਸ਼੍ਰੀ ਵਾਲੀਆ ਨੇ ਕਿਹਾ ਕਿ ਤੇਜ਼ ਧੁੱਪ ਅਤੇ ਗਰਮ ਹਵਾਵਾਂ ਮਨੁੱਖੀ ਸਿਹਤ ਲਈ ਨੁਕਸਾਨਦੇਹ ਸਾਬਤ ਹੋ ਸਕਦੀਆਂ ਹਨ, ਇਸ ਲਈ ਲੋਕਾਂ ਨੂੰ ਦੁਪਹਿਰ ਸਮੇਂ ਬੇਲੋੜਾ ਬਾਹਰ ਨਿਕਲਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਦੁਪਹਿਰ ਵੇਲੇ ਬਾਹਰ ਨਿਕਲਣਾ ਬਹੁਤ ਜ਼ਰੂਰੀ ਹੋਵੇ, ਤਾਂ ਸਿਰ ਨੂੰ ਢੱਕ ਕੇ ਰੱਖਿਆ ਜਾਵੇ ਅਤੇ ਹਲਕੇ ਰੰਗ ਦੇ ਸੂਤੀ ਕੱਪੜੇ ਪਹਿਨਣ ਨੂੰ ਤਰਜੀਹ ਦਿੱਤੀ ਜਾਵੇ।

ਉਨ੍ਹਾਂ ਕਿਹਾ ਕਿ ਸਿਰ ਨੂੰ ਸਿੱਧੀ ਧੁੱਪ ਤੋਂ ਬਚਾਉਣ ਲਈ ਛਤਰੀ, ਟੋਪੀ, ਤੌਲੀਏ, ਪੱਗ ਜਾਂ ਦੁਪੱਟੇ ਦੀ ਵਰਤੋਂ ਕੀਤੀ ਜਾਵੇ ਅਤੇ ਨੰਗੇ ਪੈਰ ਧੁੱਪ ਵਿੱਚ ਨਾ ਜਾਇਆ ਜਾਵੇ। ਉਨ੍ਹਾਂ ਕਿਹਾ ਕਿ ਜੋ ਲੋਕ ਧੁੱਪ ਵਿੱਚ ਕੰਮ ਕਰਦੇ ਹਨ, ਉਹ ਸਰੀਰ ਦਾ ਤਾਪਮਾਨ ਸਹੀ ਰੱਖਣ ਲਈ ਥੋੜ੍ਹੀ ਦੇਰ ਬਾਅਦ ਛਾਂ ਵਿੱਚ ਆਰਾਮ ਕਰਨ ਜਾਂ ਸਿਰ 'ਤੇ ਗਿੱਲਾ ਤੌਲੀਆ ਜਾਂ ਕੱਪੜਾ ਜ਼ਰੂਰ ਰੱਖਣ।

ਸ਼੍ਰੀ ਵਾਲੀਆ ਨੇ ਕਿਹਾ ਕਿ ਹੀਟ ਸਟ੍ਰੋਕ ਦੇ ਲੱਛਣ ਦਿਸਣ 'ਤੇ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰੀਰ ਵਿੱਚ ਪਾਣੀ ਦੀ ਕਮੀ ਨੂੰ ਰੋਕਣ ਲਈ ਵੱਧ ਤੋਂ ਵੱਧ ਪਾਣੀ ਅਤੇ ਤਰਲ ਪਦਾਰਥਾਂ ਦਾ ਸੇਵਨ ਕੀਤਾ ਜਾਵੇ। ਮੌਸਮੀ ਫਲ ਅਤੇ ਸਬਜ਼ੀਆਂ ਜਿਵੇਂ ਕਿ ਤਰਬੂਜ, ਖਰਬੂਜਾ, ਅੰਗੂਰ, ਖੀਰੇ, ਟਮਾਟਰ ,ਘੀਆ ਤੇ ਤੋਰੀਆਂ ਦੀ ਵਰਤੋਂ ਵਧੇਰੇ ਕੀਤੀ ਜਾਵੇ, ਕਿਉਂਕਿ ਇਨ੍ਹਾਂ ਵਿੱਚ ਪਾਣੀ ਦੀ ਮਾਤਰਾ ਵਧੇਰੇ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਓਆਰਐਸ, ਨਿੰਬੂ-ਪਾਣੀ, ਲੱਸੀ, ਨਾਰੀਅਲ ਦਾ ਪਾਣੀ ਅਤੇ ਹੋਰ ਤਰਲ ਪਦਾਰਥਾਂ ਦਾ ਸੇਵਨ ਵੱਧ ਤੋਂ ਵੱਧ ਕਰਨਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਿਹਤ ਕੇਂਦਰਾਂ ਵਿੱਚ ਗਰਮੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਤੁਰੰਤ ਇਲਾਜ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਿਹਤ ਕੇਂਦਰਾਂ ਵਿੱਚ ਓ.ਆਰ.ਐਸ. ਅਤੇ ਜ਼ਰੂਰੀ ਦਵਾਈਆਂ ਸਮੇਤ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ।

## ਸਾਫ਼ ਹਵਾ ਲਈ ਇਕਜੁੱਟ ਤੇ ਸਾਂਝੇ ਯਤਨਾਂ ਦੀ ਲੋੜ : ਵਧੀਕ ਡਿਪਟੀ ਕਮਿਸ਼ਨਰ



**ਜਲੰਧਰ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਹਵਾ ਪ੍ਰਦੂਸ਼ਣ ਅਤੇ ਜਨਤਕ ਸਿਹਤ ਸਬੰਧੀ ਸਥਾਨਕ ਪੱਧਰ ਦੀਆਂ ਕਾਰਵਾਈਆਂ ਨੂੰ ਮਜ਼ਬੂਤੀ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਜਲੰਧਰ ਪ੍ਰਸ਼ਾਸਨ ਵੱਲੋਂ ਲੰਗ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ 'ਸਾਂਝੀ ਹਵਾ ਤੇ ਸਿਹਤ' ਸਿਰਲੇਖ ਹੇਠ ਇੱਕ ਵਿਸ਼ੇਸ਼ ਸਮਰੱਥਾ ਨਿਰਮਾਣ ਸੈਸ਼ਨ ਕਰਵਾਇਆ ਗਿਆ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਹ ਸੈਸ਼ਨ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (ਯੂ.ਐਨ.ਈ.ਪੀ.) ਦੇ ਸਹਿਯੋਗ ਨਾਲ ਚੱਲ ਰਹੇ ਯਤਨਾਂ ਤਹਿਤ ਕਰਵਾਇਆ ਗਿਆ, ਜਿਸਦਾ ਉਦੇਸ਼ ਜ਼ਿਲ੍ਹਾ ਅਧਿਕਾਰੀਆਂ, ਜਨਤਕ ਸਿਹਤ ਮਾਹਰਾਂ, ਵਾਤਾਵਰਣ ਪ੍ਰੇਮੀਆਂ, ਖੋਜਕਰਤਾਵਾਂ ਅਤੇ ਭਾਈਚਾਰਕ ਭਾਈਵਾਲਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਸੀ, ਤਾਂ ਜੋ ਹਵਾ ਪ੍ਰਦੂਸ਼ਣ ਕਾਰਨ ਵੱਧ ਰਹੇ ਸਿਹਤ ਵਿਗਾੜ ਬਾਰੇ ਚਰਚਾ ਕੀਤੀ ਜਾ ਸਕੇ ਅਤੇ ਸਮੂਹਿਕ ਤੌਰ 'ਤੇ ਟਿਕਾਊ ਹੱਲ ਤਿਆਰ ਕੀਤੇ ਜਾ ਸਕਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਹਵਾ ਪ੍ਰਦੂਸ਼ਣ ਦੀ ਰੋਕਥਾਮ ਲਈ ਵਚਨਬੱਧ ਹੈ, ਜਿਸ ਤਹਿਤ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਫ਼ ਹਵਾ ਸਿਰਫ਼ ਇਕ ਵਾਤਾਵਰਣ ਨਾਲ ਜੁੜੀ ਚਿੰਤਾ ਨਹੀਂ ਸਗੋਂ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ, ਜਿਸ ਦੇ ਲਈ ਇਕਜੁੱਟ ਹੋ ਕੇ ਸਾਂਝੇ ਯਤਨ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰੀ ਹਵਾ ਅਤੇ ਪ੍ਰਦੂਸ਼ਣ ਮੁਕਤ ਵਾਤਾਵਰਣ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਜ਼ਮੀਨੀ ਪੱਧਰ 'ਤੇ ਸਹਿਯੋਗੀ ਕਾਰਵਾਈ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ।

ਵਧੀਕ ਡਿਪਟੀ ਕਮਿਸ਼ਨਰ ਨੇ ਲੰਗ ਕੇਅਰ ਫਾਊਂਡੇਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਸਾਫ਼-ਸੁਥਰੀ ਹਵਾ ਅਤੇ ਸਿਹਤਮੰਦ ਜੀਵਨ ਯਕੀਨੀ ਬਣਾਉਣ ਲਈ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।

ਸੈਸ਼ਨ ਦੌਰਾਨ ਹਵਾ ਪ੍ਰਦੂਸ਼ਣ ਦੇ ਸਿਹਤ 'ਤੇ ਪੈਣ ਵਾਲੇ ਪ੍ਰਭਾਵਾਂ ਨੂੰ ਸਮਝਣਾ, ਵਾਤਾਵਰਣ ਦੇ ਵਿਗਾੜ ਨੂੰ ਜਨਤਕ ਸਿਹਤ ਚੁਣੌਤੀਆਂ ਨਾਲ ਜੋੜਨਾ, ਜਲੰਧਰ ਦੇ ਪਿੰਡਾਂ ਤੋਂ ਸਰਵੇਖਣ ਦੇ ਨਤੀਜਿਆਂ ਦੀ ਪੇਸ਼ਕਾਰੀ, ਅੰਮ੍ਰਿਤਸਰ ਵਿੱਚ ਜਾਗਰੂਕਤਾ ਅਤੇ ਸਮਰੱਥਾ-ਨਿਰਮਾਣ ਦੇ ਯਤਨਾਂ ਤੋਂ ਮਿਲੀਆਂ ਸਿੱਖਿਆਵਾਂ, ਭਾਈਚਾਰਕ ਸ਼ਮੂਲੀਅਤ ਅਤੇ ਜ਼ਮੀਨੀ ਪੱਧਰ 'ਤੇ ਹੱਲ ਤਿਆਰ ਕਰਨਾ ਆਦਿ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਤੋਂ ਪਹਿਲਾਂ ਆਨਰੇਰੀ ਪ੍ਰਧਾਨ, ਪੰਜਾਬ (ਡੀ.ਐਫ.ਸੀ.ਏ.) ਡਾ.ਪੀ.ਐਸ. ਬਖ਼ਸ਼ੀ ਤੇ ਸੰਸਥਾਪਕ ਟਰੱਸਟੀ, ਲੰਗ ਕੇਅਰ ਫਾਊਂਡੇਸ਼ਨ ਡਾ. ਰਾਜੀਵ ਖੁਰਾਣਾ ਨੇ ਫਾਊਂਡੇਸ਼ਨ ਵੱਲੋਂ ਸਿਹਤਮੰਦ ਹਵਾ ਅਤੇ ਸਿਹਤਮੰਦ ਜੀਵਨ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ 'ਤੇ ਚਾਨਣਾ ਪਾਇਆ। ਇਸ ਮੌਕੇ ਅੰਸ਼ਿਕਾ ਕਾਂਸਲ, ਰਿਤਵਿਕਾ ਮਾਮਾਨੀਆ ਅਤੇ ਡਾ. ਸੋਨਾਲੀ ਵੋਹਰਾ ਵੱਲੋਂ ਵਿਚਾਰ ਸਾਂਝੇ ਕੀਤੇ ਗਏ।

ਇਸ ਦੌਰਾਨ ਪਿੰਡਾਂ ਵਿੱਚ ਕਰਵਾਈਆਂ ਗਈਆਂ ਫੀਲਡ ਸਰਵੇਖਣ ਗਤੀਵਿਧੀਆਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਨੌਜਵਾਨ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਐਸ.ਡੀ.ਐਮ. ਸ਼ੁਭੀ ਆਂਗਰਾ, ਸਹਾਇਕ ਕਮਿਸ਼ਨਰ (ਜ) ਬਾਦਲਦੀਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਵੀ ਮੌਜੂਦ ਸਨ।

## ਰੇਲ ਯਾਤਰੀਆਂ ਲਈ ਵੱਡੀ ਰਾਹਤ



**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗਰਮੀਆਂ ਦੀਆਂ ਛੁੱਟੀਆਂ ਦੇ ਸੀਜ਼ਨ ਅਤੇ ਰੇਲਗੱਡੀਆਂ ਵਿੱਚ ਯਾਤਰੀਆਂ ਦੀ ਲਗਾਤਾਰ ਵਧ ਰਹੀ ਭਾਰੀ ਭੀੜ ਨੂੰ ਮੁੱਖ ਰੱਖਦਿਆਂ ਰੇਲ ਵਿਭਾਗ ਨੇ ਮੁਸਾਫ਼ਰਾਂ ਨੂੰ ਇੱਕ ਵੱਡੀ ਰਾਹਤ ਦਿੱਤੀ ਹੈ। ਰੇਲ ਵਿਭਾਗ ਵੱਲੋਂ ਉੱਤਰੀ ਭਾਰਤ, ਖ਼ਾਸ ਕਰਕੇ ਪੰਜਾਬ ਨਾਲ ਸਬੰਧਤ ਵੱਖ-ਵੱਖ ਰੂਟਾਂ 'ਤੇ ਕੁੱਲ 16 ਨਵੀਆਂ ਸਮਰ ਸਪੈਸ਼ਲ ਰੇਲਗੱਡੀਆਂ ਚਲਾਉਣ ਦਾ ਅਹਿਮ ਫ਼ੈਸਲਾ ਲਿਆ ਗਿਆ ਹੈ।

ਰੇਲਵੇ ਦੇ ਉੱਚ ਅਧਿਕਾਰੀਆਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਨ੍ਹਾਂ ਵਿਸ਼ੇਸ਼ ਰੇਲ ਗੱਡੀਆਂ ਦਾ 24 ਮਈ ਤੋਂ ਪੜਾਅਵਾਰ ਤਰੀਕੇ ਨਾਲ ਚੱਲਣਗੀਆਂ, ਤਾਂ ਜੋ ਯਾਤਰੀਆਂ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਲਈ ਖ਼ੱਜਲ-ਖ਼ੁਆਰ ਨਾ ਹੋਣਾ ਪਵੇ।

ਰੇਲਵੇ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ, ਇਨ੍ਹਾਂ ਵਿਸ਼ੇਸ਼ ਰੇਲਗੱਡੀਆਂ ਵਿੱਚ ਅੰਮ੍ਰਿਤਸਰ-ਕਟਿਹਾਰ (05736/05735), ਨਵੀਂ ਦਿੱਲੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ (04081/04082), ਅੰਮ੍ਰਿਤਸਰ-ਬਰੌਨੀ (04610/04609), ਪਠਾਨਕੋਟ-ਛਪਰਾ (05193/05194), ਅੰਮ੍ਰਿਤਸਰ-ਕੋਲਕਾਤਾ (04624/04623), ਅੰਮ੍ਰਿਤਸਰ-ਜੈਨਗਰ (04651/04652), ਫਿਰੋਜ਼ਪੁਰ ਕੈਂਟ-ਝੰਝਾਰਪੁਰ (04620/04619) ਅਤੇ ਫਿਰੋਜ਼ਪੁਰ ਕੈਂਟ-ਪਟਨਾ (04616/04615) ਸ਼ਾਮਲ ਹਨ।

ਇਨ੍ਹਾਂ ਗੱਡੀਆਂ ਦੇ ਚੱਲਣ ਨਾਲ ਪੰਜਾਬ ਵਿੱਚ ਰਹਿਣ ਵਾਲੇ ਪਰਵਾਸੀ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਬਿਹਾਰ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ ਅਤੇ ਜੰਮੂ-ਕਸ਼ਮੀਰ ਆਉਣ-ਜਾਣ ਲਈ ਸਿੱਧੀ ਕਨੈਕਟੀਵਿਟੀ ਮਿਲੇਗੀ, ਜਿਸ ਨਾਲ ਆਮ ਰੇਲਾਂ 'ਤੇ ਪੈਣ ਵਾਲਾ ਵਾਧੂ ਬੋਝ ਕਾਫ਼ੀ ਹੱਦ ਤੱਕ ਘਟੇਗਾ।ਰੇਲਵੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਗਰਮੀਆਂ ਦੇ ਇਸ ਮੌਸਮ ਵਿੱਚ ਹਰ ਸਾਲ ਮੁਸਾਫ਼ਰਾਂ ਦੀ ਗਿਣਤੀ ਕਈ ਗੁਣਾ ਵੱਧ ਜਾਂਦੀ ਹੈ, ਜਿਸ ਕਾਰਨ ਨਿਯਮਤ ਟ੍ਰੇਨਾਂ ਵਿੱਚ ਵੇਟਿੰਗ ਲਿਸਟ ਬਹੁਤ ਲੰਬੀ ਹੋ ਜਾਂਦੀ ਹੈ। ਇਸੇ ਭੀੜ ਨੂੰ ਕੰਟਰੋਲ ਕਰਨ ਅਤੇ ਯਾਤਰੀਆਂ ਨੂੰ ਸੁਖਦ ਸਫ਼ਰ ਦੇ ਨਾਲ-ਨਾਲ ਕਨਫਰਮ ਸੀਟਾਂ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਇਹ ਕਦਮ ਚੁੱਕਿਆ ਗਿਆ ਹੈ।

ਇਸ ਦੇ ਨਾਲ ਹੀ ਰੇਲਵੇ ਪ੍ਰਸ਼ਾਸਨ ਨੇ ਸਮੂਹ ਯਾਤਰੀਆਂ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣਾ ਸਫ਼ਰ ਸ਼ੁਰੂ ਕਰਨ ਜਾਂ ਟਿਕਟ ਬੁੱਕ ਕਰਵਾਉਣ ਤੋਂ ਪਹਿਲਾਂ ਇਨ੍ਹਾਂ ਸਪੈਸ਼ਲ ਰੇਲ ਗੱਡੀਆਂ ਦੀ ਸਮਾਂ-ਸਾਰਣੀ (ਟਾਈਮ-ਟੇਬਲ), ਰੂਟ ਅਤੇ ਬੁਕਿੰਗ ਦੀ ਸਹੀ ਜਾਣਕਾਰੀ ਭਾਰਤੀ ਰੇਲਵੇ ਦੀ ਅਧਿਕਾਰਤ ਵੈੱਬਸਾਈਟ, ਆਈ.ਆਰ.ਸੀ.ਟੀ.ਸੀ. ਐਪ ਜਾਂ ਰੇਲਵੇ ਹੈਲਪਲਾਈਨ ਨੰਬਰ 139 ਤੋਂ ਜ਼ਰੂਰ ਚੈੱਕ ਕਰ ਲੈਣ ਤਾਂ ਜੋ ਸਟੇਸ਼ਨ 'ਤੇ ਪਹੁੰਚ ਕੇ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਿਆ ਜਾ ਸਕੇ।

## ਅਸਲਾ ਅਤੇ ਨਸ਼ੀਲੇ ਪਦਾਰਥਾਂ ਸਮੇਤ 2 ਕਾਬੂ

**ਅੰਮ੍ਰਿਤਸਰ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੂ-**

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਇੱਕ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ/ਗੋਲਾ ਬਾਰੂਦ ਦੀ ਤਸਕਰੀ ਦੇ ਮਾਡਿਊਲ ਦਾ ਖਾਤਮਾ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਜਿਨ੍ਹਾਂ ਪਾਸੋਂ ਕੋਲੋ 4 ਪਿਸਤੌਲਾਂ ਅਤੇ 10 ਰੌਂਦਾਂ ਸਮੇਤ 5.5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

ਇਹ ਖੁਲਾਸਾ ਡੀਜੀਪੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਖਾਤੇ ਐਕਸ 'ਤੇ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਦੇ ਤਸਕਰ ਦੇ ਸੰਪਰਕ ਵਿੱਚ ਸਨ। ਉਨ੍ਹਾਂ ਨੂੰ ਪੰਜਾਬ ਵਿੱਚ ਅੱਗੇ ਸਪਲਾਈ ਕਰਨ ਲਈ ਹਥਿਆਰਾਂ/ਗੋਲਾ ਬਾਰੂਦ ਦੀ ਖੇਪ ਮਿਲੀ ਸੀ।ਪੁਲੀਸ ਥਾਣਾ ਐਸਐਸਓਸੀ ਅੰਮ੍ਰਿਤਸਰ ਵਿਖੇ ਇੱਕ ਕੇਸ ਦਰਜ ਕੀਤਾ ਗਿਆ ਹੈ। ਉਹਨਾਂ ਆਖਿਆ ਕਿ ਇਸ ਨੈੱਟਵਰਕ ਦੇ ਸਾਰੇ ਸਬੰਧਾ ਅਤੇ ਇਸ ਮਾਡਿਊਲ ਨਾਲ ਜੁੜੇ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਵਧੇਰੇ ਜਾਂਚ ਜਾਰੀ ਹੈ।

## ਧੱਕੇਸ਼ਾਹੀ ਕਰਨ ਵਾਲੇ ਅ.ਫਸਰਾਂ ਤੋਂ ਹਿਸਾਬ ਲਵਾਂਗੇ: ਮਜੀਠਿਆ



**ਮਜੀਠਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੂ-**

ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਹੈ ਕਿ ਲੋਕਾਂ ਨਾਲ ਧੱਕੇਸ਼ਾਹੀਆ ਕਰਨ ਵਾਲੇ ਅਫ਼ਸਰਾਂ ਤੋਂ ਵਕਤ ਆਉਣ 'ਤੇ ਹਿਸਾਬ ਲਵਾਂਗੇ। ਇੱਥੇ ਨਗਰ ਕੌਂਸਲ ਚੋਣਾਂ ਸਬੰਧੀ ਇਕੱਠਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਮਜੀਠੀਆ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਬੌਖਲਾਹਟ ਵਿੱਚ ਆ ਕੇ ਲੋਕਾਂ ਨੂੰ ਤੰਗ ਕਰਨ 'ਤੇ ਉਤਰ ਆਈ ਹੈ।

ਸ੍ਰੀ ਮਜੀਠੀਆ ਨੇ ਕਿਹਾ ਮੁੱਖ ਮੰਤਰੀ ਉਨ੍ਹਾਂ ਨੂੰ ਕਹਿ ਰਹੇ ਹਨ ਕਿ ਉਨ੍ਹਾਂ (ਮਜੀਠੀਆ) ਕੋਲ ਕੀ ਹੈਸੀਅਤ ਹੈ ਪਰ ਮੁੱਖ ਮੰਤਰੀ ਇਹ ਦੱਸਣ ਕਿ ਅਰਵਿੰਦ ਕੇਜਰੀਵਾਲ ਕੋਲ ਕੀ ਹੈਸੀਅਤ ਅਤੇ ਅਹੁਦਾ ਹੈ, ਉਨ੍ਹਾਂ ਨੂੰ ਪੰਜਾਬ ਸਰਕਾਰ ਦੇ ਹੈਲੀਕਾਪਟਰ ਵਿੱਚ ਝੂਟੇ ਦਿੱਤੇ ਜਾ ਰਹੇ ਹਨ। ਨਗਰ ਕੌਂਸਲ ਚੋਣਾਂ ਵਿੱਚ ਬਿਨਾਂ ਕਿਸੇ ਕਾਰਨ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਕੀਤੇ ਗਏ ਹਨ।

ਸਰਕਾਰ ਦੀ ਇੰਨੀ ਧੱਕੇਸਾਹੀ ਦੇ ਬਾਵਜੂਦ ਅਕਾਲੀ ਦਲ ਦੇ ਵਰਕਰਾਂ ਦੇ ਹੌਸਲੇ ਬੁਲੰਦ ਹਨ। 'ਆਪ' ਦੀ ਧੱਕੇਸ਼ਾਹੀ ਦਾ ਜਵਾਬ ਸ਼ਹਿਰ ਦੇ ਲੋਕ ਵੋਟਾਂ ਸਮੇਂ ਦੇਣਗੇ। ਇਸ ਮੌਕੇ ਐਡਵੋਕੇਟ ਰਾਕੇਸ਼ ਪ੍ਰਾਸ਼ਰ, ਗਗਨਦੀਪ ਸਿੰਘ ਭਕਨਾ, ਬਾਬਾ ਹਰਭਿੰਦਰ ਸਿੰਘ, ਦਿਲਬਾਗ ਸਿੰਘ ਗਿੱਲ, ਸਲਵੰਤ ਸਿੰਘ ਸੇਠ, ਤਰੁਨ ਕੁਮਾਰ ਅਬਰੋਲ, ਪ੍ਰਿੰਸ ਨਈਅਰ, ਅਜੈ ਕੁਮਾਰ ਚੋਪੜਾ ਆਦਿ ਹਾਜ਼ਰ ਸਨ।

## ਲੁਧਿਆਣਾ ਵਿੱਚ ਤਾਪਮਾਨ 45 ਡਿਗਰੀ ਤੱਕ ਪੁੱਜਿਆ



**ਲੁਧਿਆਣਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨਅਤੀ ਸ਼ਹਿਰ ਵਿੱਚ ਅੱਜ ਗਰਮੀਆਂ ਦੇ ਮੌਸਮ ਦਾ ਸਭ ਤੋਂ ਗਰਮ ਦਿਨ ਦਰਜ ਕੀਤਾ ਗਿਆ ਹੈ। ਅੱਜ ਦਿਨ ਸਮੇਂ ਦਾ ਤਾਪਮਾਨ 45 ਡਿਗਰੀ ਸੈਲਸੀਅਸ ਰਿਹਾ। ਦਿਨੋਂ-ਦਿਨ ਵਧ ਰਹੀ ਗਰਮੀ ਕਰ ਕੇ ਆਮ ਲੋਕਾਂ ਦੇ ਨਾਲ ਨਾਲ ਸਕੂਲੀ ਬੱਚਿਆਂ ਨੂੰ ਵੱਧ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਪਿਛਲੇ ਕੁਝ ਦਿਨਾਂ ਤੋਂ ਲੁਧਿਆਣਾ ਵਿੱਚ ਤਾਪਮਾਨ ਲਗਾਤਾਰ ਵਧਦਾ ਜਾ ਰਿਹਾ ਹੈ। ਮੰਗਲਵਾਰ ਨੂੰ ਇਨ੍ਹਾਂ ਗਰਮੀਆਂ ਦਾ ਸਭ ਤੋਂ ਗਰਮ ਦਿਨ ਮੰਨਿਆ ਗਿਆ ਸੀ। ਇਸ ਦਿਨ ਤਾਪਮਾਨ 44 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। ਅੱਜ ਇੱਕ ਡਿਗਰੀ ਸੈਲਸੀਅਸ ਤਾਪਮਾਨ ਹੋਰ ਵਧ ਗਿਆ। ਪੀ ਏ ਯੂ ਦੇ ਮੌਸਮ ਵਿਭਾਗ ਅਨੁਸਾਰ ਅੱਜ ਦਿਨ ਸਮੇਂ ਦਾ ਤਾਪਮਾਨ 45 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ ਜਦਕਿ ਘੱਟ ਤੋਂ ਘੱਟ ਤਾਪਮਾਨ 25.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਹੈ।

ਮਾਹਿਰਾਂ ਅਨੁਸਾਰ 24 ਮਈ ਨੂੰ ਵੀ ਲੁਧਿਆਣਾ ਅਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਮੌਸਮ ਖੁਸ਼ਕ ਰਹਿਣ ਅਤੇ ਗਰਮ ਹਵਾਵਾਂ ਚੱਲਣ ਦੀ ਪੇਸ਼ੀਨਗੋਈ ਕੀਤੀ ਗਈ ਹੈ।

ਦੂਜੇ ਪਾਸੇ ਦਿਨੋਂ ਦਿਨ ਵਧ ਰਹੀ ਗਰਮੀ ਨਾਲ ਸਭ ਤੋਂ ਵੱਧ ਪ੍ਰੇਸ਼ਾਨੀ ਸਕੂਲਾਂ ਨੂੰ ਜਾਂਦੇ ਛੋਟੇ ਬੱਚਿਆਂ ਨੂੰ ਝੱਲਣੀ ਪੈ ਰਹੀ ਹੈ। ਸਵੇਰ ਸਮੇਂ ਤੋਂ ਹੀ ਤਾਪਮਾਨ ਵਧਣਾ ਸ਼ੁਰੂ ਹੋ ਜਾਂਦਾ ਹੈ ਅਤੇ ਦੁਪਹਿਰ ਤੱਕ ਤਪਸ਼ ਇੰਨੀ ਵਧ ਜਾਂਦੀ ਹੈ ਕਿ ਬੱਚਿਆਂ ਨੂੰ ਘਰ ਵਾਪਸ ਆਉਣ ਸਮੇਂ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਕਈ ਬੱਚਿਆਂ ਦੇ ਮਾਪਿਆਂ ਦਾ ਕਹਿਣਾ ਸੀ ਕਿ ਸਰਕਾਰ ਨੂੰ ਹੁਣ ਤੋਂ ਹੀ ਗਰਮੀਆਂ ਦੀਆਂ ਛੁੱਟੀਆਂ ਐਲਾਨ ਦੇਣੀਆਂ ਚਾਹੀਦੀਆਂ ਹਨ। ਸ਼ਹਿਰ ਦੇ ਬਹੁਤੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀਆਂ ਡਿਊਟੀਆਂ ਬੀ ਐੱਲ ਓ ਅਤੇ ਹੋਰ ਕੰਮਾਂ ਵਿੱਚ ਲੱਗੀਆਂ ਹੋਈਆਂ ਹਨ ਜਿਸ ਕਰਕੇ ਸਕੂਲ ਤਾਂ ਪਹਿਲਾਂ ਹੀ ਅਧਿਆਪਕਾਂ ਦੀ ਕਮੀ ਨਾਲ ਜੂਝ ਰਹੇ ਹਨ।

ਉਨ੍ਹਾਂ ਦਾ ਕਹਿਣਾ ਹੈ ਕਿ ਅਜਿਹੀ ਗਰਮੀ ਬੱਚਿਆਂ 'ਤੇ ਮਾਰੂ ਪ੍ਰਭਾਵ ਪਾਉਂਦੀ ਹੈ। ਮੌਸਮ ਮਾਹਿਰਾਂ ਨੇ ਆਉਂਦੇ ਦਿਨਾਂ 'ਚ ਵੀ ਔਰੇਂਜ ਅਲਰਟ ਦੀ ਚਿਤਾਵਨੀ ਦਿੱਤੀ ਹੋਈ ਹੈ।

## ਤਿੱਖੀ ਧੁੱਪ ਤੋ ਬਚਣ ਲਈ ਦੁਪਹਿਰ ਸਮੇਂ ਘਰ ਤੋ ਬਾਹਰ ਘੱਟ ਤੋ ਘੱਟ ਨਿਕਲਿਆ ਜਾਵੇ: ਸੀਨੀਅਰ ਮੈਡੀਕਲ ਅਫਸਰ



**ਸ੍ਰੀ ਆਨੰਦਪੁਰ ਸਾਹਿਬ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲਗਾਤਾਰ ਵੱਧ ਰਹੇ ਤਾਪਮਾਨ ਅਤੇ ਗਰਮ ਖੁਸ਼ਕ ਹਵਾਵਾਂ ਕਾਰਨ ਪੂਰੇ ਉਤਰੀ ਭਾਰਤ ਵਿੱਚ ਲੂ ਚੱਲ ਰਹੀ ਹੈ ਜੋ ਕਿ ਅਗਲੇ ਕੁੱਝ ਦਿਨਾਂ ਤੱਕ ਬਣੀ ਰਹਿ ਸਕਦੀ ਹੈ। ਸਿਵਲ ਸਰਜਨ ਰੂਪਨਗਰ ਡਾ.ਰਮਨ ਕੁਮਾਰ ਗੁਪਤਾ ਅਤੇ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਡਾ.ਸੁਰਜੀਤ ਸਿੰਘ ਜੀ ਦੀ ਅਗਵਾਈ ਹੇਠ ਕੀਰਤਪੁਰ ਸਾਹਿਬ ਦੇ ਪਿੰਡਾਂ ਅਤੇ ਅਰਬਨ ਏਰੀਏ ਵਿੱਚ ਸਿਹਤ ਵਰਕਰਾਂ ਵਲੋਂ ਲੂ ਤੋਂ ਬਚਾਓ ਸਬੰਧੀ ਜਾਣਕਾਰੀ ਦੇਣ ਲਈ ਵਿਸ਼ੇਸ਼ ਜਾਗਰੂਕਤਾ ਅਭਿਆਨ ਕੀਤਾ ਜਾ ਰਿਹਾ ਹੈ.

ਹੈਲਥ ਇੰਸਪੈਕਟਰ ਸ਼੍ਰੀ ਬਲਵੰਤ ਰਾਏ ਨੇ ਦੱਸਿਆ ਕਿ ਇਸ ਲੜੀ ਤਹਿਤ ਅੱਜ ਆਯੂਸ਼ਮਾਨ ਅਰੋਗਿਆ ਕੇਂਦਰ ਅਗੰਮਪੁਰ ਵਿਖੇ ਸਮੂਹ ਆਸ਼ਾ ਵਰਕਰਜ਼ ਅਤੇ ਪਿੰਡ ਦੇ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਇਸ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਬਲਵੰਤ ਰਾਏ ਨੇ ਦੱਸਿਆ ਕਿ ਗਰਮ ਲੂ ਤੋ ਆਪਣੇ ਆਪ ਨੂੰ ਬਚਾਉਣ ਲਈ ਤਰਲ ਪਦਾਰਥਾਂ ਜਿਵੇਂ ਲੱਸੀ, ਪਾਣੀ, ਨਿੰਬੂ ਆਦਿ ਦਾ ਵੱਧ ਤੋਂ ਵੱਧ ਸੇਵਨ ਕਰਨਾ ਚਾਹੀਦਾ ਹੈ, ਕੋਲਡ ਡਰਿੰਕ ਬਿਲਕੁਲ ਨਹੀਂ ਪੀਣੇ ਚਾਹੀਦੇ ਅਤੇ ਨਾ ਹੀ ਤਲ਼ੇ ਹੋਏ ਭੋਜਨ ਪਦਾਰਥਾਂ ਦੀ ਜਿਆਦਾ ਵਰਤੋਂ ਕਰਨੀ ਚਾਹੀਦੀ ਹੈ। ਲੋਕਾਂ ਨੂੰ ਗਰਮੀ ਤੇ ਲੂ ਤੋਂ ਬਚਾਅ ਲਈ ਵਧੇਰੇ ਸੁਚੇਤ ਹੋਣ ਦੀ ਲੋੜ ਹੈ।

ਹੈਲਥ ਇੰਸਪੈਕਟਰ ਨੇ ਦੱਸਿਆ ਕਿ ਤਿੱਖੀ ਧੁੱਪ ਤੋ ਬਚਣ ਲਈ ਦੁਪਹਿਰ ਵੇਲੇ ਘਰ ਤੋ ਬਾਹਰ ਘੱਟ ਤੋ ਘੱਟ ਨਿਕਲਿਆ ਜਾਵੇ। ਜੇਕਰ ਦੁਪਹਿਰ ਵੇਲੇ ਕਿਸੇ ਕੰਮ ਕਰਕੇ ਬਾਹਰ ਜਾਣਾ ਪੈ ਜਾਂਦਾ ਹੈ ਤਾਂ ਕੋਸ਼ਿਸ਼ ਕਰੋ ਕਿ ਕੁੱਝ ਸਮਾਂ ਠੰਡੀ ਥਾਂ ਜਿਵੇਂ ਕਿ ਰੁੱਖ ਹੇਠਾਂ ਬੈਠਿਆਂ ਜਾਵੇ। ਗਰਮੀ ਦੇ ਦਿਨਾਂ ਦੌਰਾਨ ਹਮੇਸ਼ਾ ਹਲਕੇ ਰੰਗ ਦੇ ਕੱਪੜੇ ਪਾਏ ਜਾਣ। ਉਹਨਾਂ ਦੱਸਿਆ ਕਿ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਗਰਮੀ ਲੱਗਣ ਦਾ ਜ਼ਿਆਦਾ ਖ਼ਤਰਾ ਹੁੰਦਾ ਹੈ ਇਸ ਲਈ ਗਰਮੀ ਦੇ ਦਿਨਾਂ ਵਿਚ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਦਾ ਖ਼ਾਸ ਧਿਆਨ ਰੱਖਿਆ ਜਾਵੇ।

ਉਹਨਾਂ ਜਾਣਕਾਰੀ ਦਿੱਤੀ ਕਿ ਗਰਮੀਆਂ ਦੌਰਾਨ ਲੂ ਲੱਗਣ ਨਾਲ ਸਰੀਰ ਤੇ ਪਿੱਤ, ਚੱਕਰ ਆਉਣੇ, ਬਹੁਤ ਪਸੀਨਾ ਆਉਣਾ ਤੇ ਥਕਾਨ ਹੋਣਾ, ਸਿਰ ਦਰਦ ਤੇ ਉਲਟੀਆਂ ਲੱਗਣੀਆਂ, ਚਮੜੀ ਦਾ ਲਾਲ ਹੋਣਾ ਤੇ ਖ਼ੁਸ਼ਕ ਹੋਣਾ ਆਦਿ ਵਰਗੀਆਂ ਨਿਸ਼ਾਨੀਆਂ ਹੋ ਸਕਦੀਆਂ ਹਨ ਅਤੇ ਕਈ ਵਾਰੀ ਗਰਮੀ ਲੱਗਣ ਨਾਲ ਮਾਸਪੇਸ਼ੀਆਂ ਵਿਚ ਵੀ ਕਮਜ਼ੋਰੀ ਆ ਜਾਂਦੀ ਹੈ। ਜਿਸ ਨਾਲ ਵਿਅਕਤੀ ਥੋੜ੍ਹਾ ਜਿਹਾ ਕੰਮ ਕਰਨ ਤੇ ਵੀ ਬਹੁਤ ਜ਼ਿਆਦਾ ਥਕਾਨ ਮਹਿਸੂਸ ਕਰਦਾ ਹੈ। ਗਰਮੀ ਦੇ ਮੌਸਮ ਵਿੱਚ ਕੜਕਦੀ ਧੁੱਪ ਵਿੱਚ ਲੇਬਰ ਕਰ ਰਹੇ ਵਿਅਕਤੀਆਂ ਵਿੱਚ ਕਈ ਵਾਰੀ ਹੀਟ ਸਟਰੋਕ ਦੀ ਪ੍ਰੇਸ਼ਾਨੀ ਆਉਂਦੀ ਹੈ ਜੋ ਕਿ ਜਾਨ ਲੇਵਾ ਵੀ ਹੋ ਸਕਦੀ ਹੈ। ਇਸ ਲਈ ਕੜਕਦੀ ਧੁੱਪ ਚ ਫਿਰਨ ਤੋ ਗੁਰੇਜ਼ ਕੀਤਾ ਜਾਵੇ। ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਪੈ ਜਾਂਦਾ ਹੈ ਤਾਂ ਕੋਸ਼ਿਸ਼ ਕਰੋ ਕਿ ਕੁੱਝ ਸਮਾਂ ਠੰਡੀ ਥਾਂ ਜਿਵੇਂ ਕਿ ਰੁੱਖ ਹੇਠਾਂ ਬੈਠਿਆਂ ਜਾਵੇ। ਗਰਮੀ ਦੇ ਦਿਨਾਂ ਦੌਰਾਨ ਹਮੇਸ਼ਾ ਹਲਕੇ ਰੰਗ ਦੇ ਕੱਪੜੇ ਪਾਏ ਜਾਣ। ਉਹਨਾਂ ਦੱਸਿਆ ਕਿ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਗਰਮੀ ਲੱਗਣ ਰਾਣੋ ਵਲੋਂ ਵੀ ਹਾਜ਼ਰ ਔਰਤਾਂ ਨੂੰ ਵਿਸ਼ੇਸ਼ ਜਾਣਕਾਰੀ ਦਿੱਤੀ ਗਈ ਤਾਂ ਜੋ ਉਹ ਆਪਣੇ ਛੋਟੇ ਬੱਚਿਆਂ ਦਾ ਵਿਸ਼ੇਸ਼ ਤੌਰ ਤੇ ਖਿਆਲ ਰੱਖ ਸਕਣ।

ਇਸ ਮੌਕੇ ਨਰੇਸ਼ ਕੁਮਾਰ, ਸੁੱਚਾ ਸਿੰਘ, ਰਜਨੀ ਦੇਵੀ, ਜਸਵੀਰ ਕੌਰ ਏ.ਐਨ.ਐਮ, ਸੁਖਵਿੰਦਰ ਕੌਰ, ਵੰਦਨਾ ਦੇਵੀ, ਕਾਂਤਾ ਦੇਵੀ, ਸੁਰਜੀਤ ਕੌਰ, ਅਮਰਜੀਤ ਕੌਰ, ਮਨਦੀਪ ਕੌਰ, ਪ੍ਰਿਅੰਕਾ, ਕਰਮਜੀਤ ਕੌਰ ਆਸ਼ ਵਰਕਰਾਂ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਸਿੱਖ ਸੰਸਥਾਵਾਂ ਦੀ ਮਜ਼ਬੂਤੀ ਲਈ ਆਪਸੀ ਸਹਿਯੋਗ ਸਮੇਂ ਦੀ ਲੋੜ : ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਲ ਇੱਥੇ ਦੱਸਿਆ ਕਿ ਤਖ਼ਤ ਸ੍ਰੀ ਪਟਨਾ ਸਾਹਿਬ ਮੈਨੇਜਮੈਂਟ ਕਮੇਟੀ ਦੇ ਮੀਤ ਪ੍ਰਧਾਨ ਅਤੇ ਬਿਹਾਰ ਰਾਜ ਘੱਟ ਗਿਣਤੀ ਕਮਿਸ਼ਨ ਦੇ ਵਾਈਸ ਚੇਅਰਮੈਨ ਲਖਵਿੰਦਰ ਸਿੰਘ ਲਾਖਾ ਨਾਲ ਹੋਈ ਮੁਲਾਕਾਤ ਬਹੁਤ ਹੀ ਸਦਭਾਵਨਾ ਮਾਹੌਲ ਵਿੱਚ ਹੋਈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਜ਼ਬੂਤੀ, ਪੰਥਕ ਏਕਤਾ ਅਤੇ ਸਮਾਜਿਕ ਭਲਾਈ ਲਈ ਆਪਸੀ ਸਹਿਯੋਗ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਪਟਨਾ ਸਾਹਿਬ ਵਰਗੀ ਮਹਾਨ ਧਾਰਮਿਕ ਸੰਸਥਾ ਨਾਲ ਜੁੜੇ ਅਹੁਦੇਦਾਰਾਂ ਦੀ ਸੇਵਾ ਭਾਵਨਾ ਸਿੱਖ ਕੌਮ ਲਈ ਪ੍ਰੇਰਣਾ ਦਾ ਸਰੋਤ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਮਿਲੇ ਪਿਆਰ, ਨਿੱਘੇ ਸਵਾਗਤ ਅਤੇ ਸਤਿਕਾਰ ਲਈ ਉਹ ਸਰਦਾਰ ਲਖਵਿੰਦਰ ਸਿੰਘ ਲਾਖਾ ਦੇ ਦਿਲੋਂ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਅਜਿਹੀ ਮਿਲਣੀਆਂ ਨਾ ਸਿਰਫ਼ ਆਪਸੀ ਰਿਸ਼ਤਿਆਂ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਸਿੱਖ ਸੰਸਥਾਵਾਂ ਵਿਚਕਾਰ ਸਾਂਝ ਅਤੇ ਤਾਲਮੇਲ ਨੂੰ ਵੀ ਹੋਰ ਮਜ਼ਬੂਤੀ ਪ੍ਰਦਾਨ ਕਰਦੀਆਂ ਹਨ।

ਸਰਦਾਰ ਕਾਲਕਾ ਨੇ ਕਿਹਾ ਕਿ ਉਹ ਅਰਦਾਸ ਕਰਦੇ ਹਨ ਕਿ ਸਰਦਾਰ ਲਖਵਿੰਦਰ ਸਿੰਘ ਲੱਖਾ ਸਮਾਜ ਸੇਵਾ, ਪੰਥਕ ਕਾਰਜਾਂ ਅਤੇ ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਲ ਇੱਥੇ ਦੱਸਿਆ ਕਿ ਤਖ਼ਤ ਸ੍ਰੀ ਪਟਨਾ ਸਾਹਿਬ ਮੈਨੇਜਮੈਂਟ ਕਮੇਟੀ ਦੇ ਮੀਤ ਪ੍ਰਧਾਨ ਅਤੇ ਬਿਹਾਰ ਰਾਜ ਘੱਟ ਗਿਣਤੀ ਕਮਿਸ਼ਨ ਦੇ ਵਾਈਸ ਚੇਅਰਮੈਨ ਲਖਵਿੰਦਰ ਸਿੰਘ ਲਾਖਾ ਨਾਲ ਹੋਈ ਮੁਲਾਕਾਤ ਬਹੁਤ ਹੀ ਸਦਭਾਵਨਾ ਮਾਹੌਲ ਵਿੱਚ ਹੋਈ।ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਜ਼ਬੂਤੀ, ਪੰਥਕ ਏਕਤਾ ਅਤੇ ਸਮਾਜਿਕ ਭਲਾਈ ਲਈ ਆਪਸੀ ਸਹਿਯੋਗ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਪਟਨਾ ਸਾਹਿਬ ਸੱਖ ਸੰਸਥਾਵਾਂ ਦੀ ਚੜ੍ਹਦੀ ਕਲਾ ਲਈ ਇਸੇ ਤਰ੍ਹਾਂ ਨਿਸ਼ਕਾਮ ਸੇਵਾ ਕਰਦੇ ਰਹਿਣ ਅਤੇ ਉਨ੍ਹਾਂ ਨੂੰ ਹਰ ਖੇਤਰ ਵਿੱਚ ਲਗਾਤਾਰ ਕਾਮਯਾਬੀਆਂ ਪ੍ਰਾਪਤ ਹੋਣ।

## ਖੇਤੀ ਮੰਤਰੀ ਵੱਲੋਂ ਪੀ ਏ ਯੂ ਦੇ ਅਜਾਇਬ ਘਰ ਦਾ ਦੌਰਾ



**ਲੁਧਿਆਣਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਜਾਇਬ ਘਰ ਦੇ ਦੌਰੇ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਪੀ ਏ ਯੂ ਦੇ ਉਪ-ਕੁਲਪਤੀ ਡਾ. ਸਤਿਬੀਰ ਸਿੰਘ ਗੋਸਲ ਅਤੇ ਹੋਰ ਅਧਿਕਾਰੀ।

ਪੰਜਾਬ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੀ ਏ ਯੂ ਵਿੱਚ ਸਥਾਪਿਤ ਪੇਂਡੂ ਜੀਵਨ ਅਤੇ ਸੱਭਿਆਚਾਰ ਦੇ ਅਜਾਇਬ ਘਰ ਦਾ ਦੌਰਾ ਕੀਤਾ ਗਿਆ।

ਇਸ ਦੌਰੇ ਦੌਰਾਨ ਖੇਤੀਬਾੜੀ ਮੰਤਰੀ ਨੇ ਪੰਜਾਬ ਦੇ ਕਿਸਾਨੀ ਸੱਭਿਆਚਾਰ ਦੀਆਂ ਇਤਿਹਾਸਕ ਵਸਤਾਂ ਦੇ ਰੱਖ-ਰਖਾਅ ਲਈ ਯੂਨੀਵਰਸਿਟੀ ਵੱਲੋਂ ਸਥਾਪਿਤ ਕੀਤੇ ਇਸ ਸ਼ਾਨਦਾਰ ਸਮਾਰਕ ਦੀ ਸ਼ਲਾਘਾ ਕੀਤੀ।

ਕੈਬਨਿਟ ਮੰਤਰੀ ਸ੍ਰੀ ਖੁੱਡੀਆਂ ਨੇ ਕਿਹਾ ਕਿ ਪੀ ਏ ਯੂ ਨੇ ਪੰਜਾਬ ਦੇ ਕਿਸਾਨੀ ਇਤਿਹਾਸ ਨੂੰ ਸੱਭਿਆਚਾਰ ਦੇ ਰੂਪ ਵਿੱਚ ਸੰਭਾਲਣ ਦਾ ਵੱਡਮੁੱਲਾ ਕਾਰਜ ਕੀਤਾ ਹੈ। ਉਨ੍ਹਾਂ ਪੁਰਾਤਨ ਪੰਜਾਬ ਦੇ ਕਿੱਤਿਆਂ, ਬਰਤਨਾਂ, ਵਸਤਰਾਂ ਅਤੇ ਖੇਤੀ ਔਜ਼ਾਰਾਂ ਨੂੰ ਵਾਚਿਆ ਅਤੇ ਇਸ ਗੱਲ ਉੱਪਰ ਖੁਸ਼ੀ ਪ੍ਰਗਟਾਈ ਕਿ ਇਸ ਇਮਾਰਤ ਵਿੱਚ ਪੰਜਾਬ ਦਾ ਬੀਤੀਆਂ ਕਈ ਸਦੀਆਂ ਦਾ ਇਤਿਹਾਸ ਸਮੋਇਆ ਹੋਇਆ ਹੈ। '

ਵਰਸਿਟੀ ਦੇ ਉਪ ਕੁਲਪਤੀ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਡਾ. ਮਹਿੰਦਰ ਸਿੰਘ ਰੰਧਾਵਾ ਦੇ ਕਾਰਜਕਾਲ ਦੌਰਾਨ ਇਸ ਅਜਾਇਬ ਘਰ ਦੀ ਨੀਂਹ ਰੱਖੀ ਗਈ ਸੀ। ਇਹ ਅਜਾਇਬ ਘਰ ਸਾਡੇ ਇਤਿਹਾਸ ਵੱਲ ਖੁੱਲ੍ਹਦੀ ਖਿੜਕੀ ਹੈ ਜਿਸ ਵਿੱਚੋਂ ਸਾਡੇ ਬਜ਼ੁਰਗਾਂ ਦੀ ਘਾਲੀ ਘਾਲਣਾ ਦੇ ਝਲਕਾਰੇ ਮਿਲਦੇ ਹਨ।

ਖੇਤੀਬਾੜੀ ਮੰਤਰੀ ਦੇ ਇਸ ਦੌਰੇ ਦੌਰਾਨ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਇਸ ਅਜਾਇਬ ਘਰ ਨੂੰ ਪੰਜਾਬ ਸਰਕਾਰ ਦੇ ਸੈਰ ਸਪਾਟਾ ਮੰਤਰਾਲੇ ਵੱਲੋਂ ਵਿਸ਼ੇਸ਼ ਯਾਤਰੂ ਸਥਾਨ ਵਜੋਂ ਮਾਨਤਾ ਦੇਣ ਅਤੇ ਉਸ ਤੋਂ ਬਾਅਦ ਇਸ ਦੇ ਸੁੰਦਰੀਕਰਨ ਲਈ ਹੋਏ ਕਾਰਜਾਂ ਦਾ ਉਲੇਖ ਕੀਤਾ।

ਉਨ੍ਹਾਂ ਨੇ ਅਜਾਇਬ ਘਰ ਵਿੱਚ ਸਥਾਪਿਤ ਵੱਖ-ਵੱਖ ਵਸਤੂਆਂ ਅਤੇ ਘਰੇਗੀ ਸਾਮਾਨ ਦੇ ਨਾਲ-ਨਾਲ ਖੇਤੀ ਦੇ ਔਜ਼ਾਰਾਂ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਪੀ ਏ ਯੂ ਵਿੱਚ ਸਥਾਪਿਤ ਕਲਾ-ਕ੍ਰਿਤਾਂ ਨਾਂ ਦੀ ਸੰਚਾਰ ਕੇਂਦਰ ਵੱਲੋਂ ਪ੍ਰਕਾਸ਼ਿਤ ਅਤੇ ਡਾ. ਜਗਵਿੰਦਰ ਸਿੰਘ ਤੇ ਡਾ. ਤੇਜਿੰਦਰ ਸਿੰਘ ਰਿਆੜ ਵੱਲੋਂ ਲਿਖੀ ਕਿਤਾਬ ਰਿਲੀਜ਼ ਕੀਤੀ ਗਈ। ਇਸ ਕਿਤਾਬ ਵਿੱਚ ਪੀ ਏ ਯੂ ਦੇ ਸਮਾਰਕਾਂ ਦੇ ਨਾਲ-ਨਾਲ ਇਤਿਹਾਸ ਕਲਾਕ੍ਰਿਤਾਂ ਬਾਰੇ ਜਾਣਕਾਰੀ ਦਿੱਤੀ ਗਈ ਹੈ।

ਸੰਪਾਦਕ ਪੰਜਾਬੀ ਡਾ. ਜਗਵਿੰਦਰ ਸਿੰਘ ਨੇ ਹਾਜ਼ਰ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।

**ਪਤੀ-ਪਤਨੀ ਦਾ ਰਿਸ਼ਤਾ ਅਜਿਹਾ ਹੈ ਜਿਸ ਨੂੰ ਸੱਤ ਜਨਮਾਂ ਦਾ ਸਾਥ ਕਿਹਾ ਜਾਂਦਾ ਹੈ। ਕੁਝ ਲੋਕ ਇਸ ਰਿਸ਼ਤੇ ਦੇ ਮਹੱਤਵ ਨੂੰ ਨਹੀਂ ਸਮਝਦੇ। ਉਹ ਨਿੱਤ ਕਿਸੇ ਨਾ ਕਿਸੇ ਗੱਲ ਦਾ ਕਲੇਸ਼ ਪਾ ਕੇ ਬੈਠ ਜਾਂਦੇ ਹਨ। ਅਜਿਹੀ ਹਾਲਤ 'ਚ ਘਰ ਦੀ ਸ਼ਾਂਤੀ ਖ਼ਤਮ ਹੋ ਜਾਂਦੀ ਹੈ...**

# ਰਿਸ਼ਤੇ ਨੂੰ ਬਣਾਵੇ ਖ਼ੂਬਸੂਰਤ ਚੰਗੀ ਬੋਲ-ਬਾਣੀ

ਨੂਰਦੀਪ ਕੋਮਲ

ਆਧੁਨਿਕ ਯੁੱਗ ਤੇਜ਼ੀ ਦਾ ਦੌਰ ਹੈ। ਹਰ ਵਿਅਕਤੀ ਬਦਲਦੇ ਸਮੇਂ ਦੀ ਚਾਲ ਨਾਲ ਦੌੜ ਰਿਹਾ ਹੈ। ਇਨਸਾਨ ਇਸ ਦੌੜ ਵਿਚ ਇੰਨਾ ਵਿਅਸਥ ਹੋ ਗਿਆ ਹੈ ਕਿ ਉਸ ਦੇ ਜੀਵਨ ਦਾ ਤਾਣਾ-ਬਾਣਾ ਹੀ ਉਲਝ ਗਿਆ ਹੈ। ਦਿਨ ਭਰ ਦੀ ਥਕਾਵਟ ਭਰੀ ਜ਼ਿੰਦਗੀ ਉਸ ਦੀ ਮਾਨਸਿਕਤਾ 'ਤੇ ਇਸ ਕਦਰ ਹਾਵੀ ਹੋ ਗਈ ਹੈ ਕਿ ਉਸ ਦਾ ਸੁਭਾਅ ਚਿੜਚਿੜਾ ਹੋ ਗਿਆ ਹੈ। ਉਹ ਮਾਨਸਿਕ ਤੌਰ 'ਤੇ ਹਰ ਵਕਤ ਖਿਝਿਆ ਹੀ ਰਹਿੰਦਾ ਹੈ। ਇਹੀ ਕਾਰਨ ਹੈ ਕਿ ਉਹ ਨਾ ਤਾਂ ਚੈਨ ਦੀ ਜ਼ਿੰਦਗੀ ਜੀਅ ਪਾਉਂਦਾ ਹੈ ਤੇ ਨਾ ਹੀ ਚੈਨ ਦੀ ਨੀਂਦਰ ਸੌਂਦਾ ਹੈ। ਇਸੇ ਕਾਰਨ ਹੀ ਪਤੀ-ਪਤਨੀ ਵਿਚਲੇ ਲੜਾਈ-ਝਗੜੇ ਵਧਦੇ ਜਾ ਰਹੇ ਹਨ। ਅਕਸਰ ਵੇਖਣ ਵਿਚ ਆਇਆ ਹੈ ਕਿ ਅਜੋਕੇ ਦੌਰ ਵਿਚ ਹਰ ਵਿਅਕਤੀ ਆਪਣੀ ਸੋਚ ਨੂੰ ਮੁੱਖ ਰੱਖ ਕੇ ਜ਼ਿੰਦਗੀ ਦੇ ਫੈਸਲੇ ਲੈਂਦਾ ਹੈ। ਉਹ ਆਪਣੇ ਫ਼ੈਸਲਿਆਂ ਵਿਚ ਨਾ ਤਾਂ ਘਰ ਵਾਲਿਆਂ ਦੀ ਦਖ਼ਲ-ਅੰਦਾਜ਼ੀ ਪਸੰਦ ਕਰਦਾ ਹੈ ਤੇ ਨਾ ਬਾਹਰਲਿਆਂ ਦੀ। ਹਰ ਵਿਅਕਤੀ ਆਪਣੇ ਆਪ ਨੂੰ ਐਨਾ ਪਰਪੱਕ ਸਮਝਦਾ ਹੈ ਕਿ ਉਹ ਕਿਸੇ ਵੀ ਕੰਮ ਨੂੰ ਲੈ ਕੇ ਕਿਸੇ ਦੀ ਕੋਈ ਰਾਇ ਲੈਣਾ ਹੀ ਨਹੀਂ ਚਾਹੁੰਦਾ। ਪਤੀ-ਪਤਨੀ ਵਿਚਲੇ ਰਿਸ਼ਤੇ ਵਿਚ ਕੜਵਾਹਟ ਦਾ ਮੁੱਖ ਕਾਰਨ ਵੀ ਇਹੀ ਹੈ।

### ਸੰਸਾਰ ਦਾ ਉੱਤਮ ਰਿਸ਼ਤਾ

ਪਤੀ ਤੇ ਪਤਨੀ ਦਾ ਰਿਸ਼ਤਾ ਸੰਸਾਰ ਵਿਚ ਸਭ ਤੋਂ ਉੱਤਮ ਰਿਸ਼ਤਾ ਹੈ। ਪਤੀ ਅਤੇ ਪਤਨੀ ਆਪਸ ਵਿਚ ਹਰ ਗੱਲ, ਦੁੱਖ-ਸੁੱਖ ਸਾਂਝਾ ਕਰ ਸਕਦੇ ਹਨ। ਪਤੀ-ਪਤਨੀ ਜੇਕਰ ਜ਼ਿੰਦਗੀ ਵਿਚਲੇ ਦੁੱਖਾਂ ਨੂੰ ਆਪਸ ਵਿਚ ਵੰਡ ਲੈਂਦੇ ਹਨ ਤਾਂ ਇਹ ਦੁੱਖ ਘੱਟ ਕੇ ਅੱਧੇ ਰਹਿ ਜਾਂਦੇ ਹਨ। ਸਿਆਣੇ ਲੋਕ ਅਕਸਰ ਹੀ ਕਹਿੰਦੇ ਹਨ ਦੁੱਖ ਵੰਡਿਆਂ ਘੱਟ ਜਾਂਦਾ ਹੈ ਤੇ ਖ਼ੁਸ਼ੀ ਵੰਡਣ ਨਾਲ ਦੂਣੀ ਹੋ ਜਾਂਦੀ ਹੈ ਪਰ ਕਈ ਪਤੀ-ਪਤਨੀ ਰਿਸ਼ਤੇ ਦੀ ਖ਼ੂਬਸੂਰਤੀ ਨੂੰ ਨਹੀਂ ਸਮਝਦੇ, ਇਹੀ ਕਾਰਨ ਹੈ ਕਿ ਉਨ੍ਹਾਂ ਵਿਚ ਛੋਟੀਆਂ-ਮੋਟੀਆ ਗੱਲਾਂ 'ਤੇ ਹੀ ਵੱਡੇ ਝਗੜੇ ਹੋ ਜਾਂਦੇ ਹਨ। ਜੇਕਰ ਪਤੀ-ਪਤਨੀ ਇਕ ਦੂਜੇ ਦੀਆ ਜ਼ਰੂਰਤਾਂ ਨੂੰ ਸਮਝਣ ਤਾਂ ਉਹ ਆਪਣੇ ਵਿਚਲੇ ਰਿਸ਼ਤੇ ਦੀ ਤੰਦ ਨੂੰ ਹੋਰ ਮਜ਼ਬੂਤ ਕਰ ਸਕਦੇ ਹਨ। ਅਜੋਕੇ ਦੌਰ ਵਿਚ ਵਧਦੀ ਮਹਿੰਗਾਈ ਨੇ ਪਤੀ ਦੇ ਨਾਲ-ਨਾਲ ਪਤਨੀ ਨੂੰ ਵੀ ਕਮਾਉਣ ਲਈ ਮਜ਼ਬੂਰ ਕਰ ਦਿੱਤਾ ਹੈ। ਅੱਜ-ਕੱਲ੍ਹ ਪਤੀ ਅਤੇ ਪਤਨੀ ਦੋਵੇਂ ਮਿਲ ਕੇ ਕਮਾਉਂਦੇ ਤੇ ਪਰਿਵਾਰ ਪਾਲਦੇ ਹਨ ਪਰ ਇਹ ਅਕਸਰ ਵੇਖਣ ਵਿਚ ਆਇਆ ਹੈ ਕਿ ਉਹ ਦੋਵੇਂ ਆਪਣੇ-ਆਪਣੇ ਕਿੱਤੇ ਵਿਚ ਇਸ ਕਦਰ ਰੁੱਝ ਜਾਂਦੇ ਹਨ ਕਿ ਉਨ੍ਹਾਂ ਕੋਲ ਆਪਣੇ ਇਸ ਖ਼ੂਬਸੂਰਤ ਰਿਸ਼ਤੇ ਨੂੰ ਨਿਭਾਉਣ ਦਾ ਵੀ ਸਮਾਂ ਨਹੀਂ ਰਹਿੰਦਾ। ਇਸ ਤਰ੍ਹਾਂ ਬਹੁਤੇ ਲੋਕ ਆਪਣੀ ਵਿਆਹੁਤਾ ਜ਼ਿੰਦਗੀ ਨੂੰ ਨਰਕ ਬਣਾਈ ਰੱਖਦੇ ਹਨ। ਉਹ ਸਾਰੀ ਤਣਾਅ 'ਚ ਰਹਿੰਦੇ ਹਨ।



### ਮੁਸ਼ਕਲਾਂ ਦਾ ਹੱਲ ਲੱਭਣਾ

*ਅਜੋਕੇ ਦੌਰ ਦੇ ਮਨੁੱਖ ਨੂੰ ਪਰੇਸ਼ਾਨੀਆਂ ਨੇ ਘੇਰ ਰੱਖਿਆ ਹੈ ਪਰ ਪਤੀ-ਪਤਨੀ ਮਿਲ ਕੇ ਜੀਵਨ ਦੀਆਂ ਮੁਸ਼ਕਲਾਂ ਦਾ ਹੱਲ ਕੱਢ ਸਕਦੇ ਹਨ। ਜੇ ਪਤੀ-ਪਤਨੀ ਦਾ ਵਤੀਰਾ ਇਕ ਦੂਜੇ ਲਈ ਵਧੀਆ ਹੋਵੇਗਾ ਤਾਂ ਘਰ ਵਿਚ ਖ਼ੁਸ਼ੀ ਦਾ ਮਾਹੌਲ ਬਣਿਆ ਰਹੇਗਾ। ਪਤੀ-ਪਤਨੀ ਚਾਹੁਣ ਤਾਂ ਘਰ ਵਿਚ ਅਜਿਹੇ ਵਾਤਾਵਰਣ ਦੀ ਸਿਰਜਣਾ ਕਰ ਸਕਦੇ ਹਨ ਜਿਸ ਵਿਚ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਨੂੰ ਵੀ ਬਿਹਤਰ ਬਣਾਇਆ ਜਾ ਸਕਦਾ ਹੈ। ਲੋੜ ਹੈ ਤਾਂ ਇਸ ਰਿਸ਼ਤੇ ਦੀ ਮਹੱਤਤਾ ਨੂੰ ਸਮਝਦੇ ਹੋਏ ਰਿਸ਼ਤੇ ਨੂੰ ਖ਼ੂਬਸੂਰਤੀ ਨਾਲ ਨਿਭਾਉਣ ਦੀ। ਬਹੁਤਿਆਂ ਕੇਸਾਂ ਵਿਚ ਪਤੀ-ਪਤਨੀ ਵਿਚਲੇ ਝਗੜੇ ਦਾ ਮੁੱਖ ਕਾਰਨ ਇਕ ਦੂਜੇ ਦੀ ਗੱਲ ਨੂੰ ਨਕਾਰਨਾ ਹੈ ਜੋ ਕਿ ਬਹੁਤ ਗ਼ਲਤ ਹੈ।*

### ਇਕ ਕਹੇ ਤੇ ਦੂਜਾ ਮੰਨੇ

ਪਤੀ-ਪਤਨੀ ਨੂੰ ਰਿਸ਼ਤੇ ਨੂੰ ਬਣਾਈ ਰੱਖਣ ਲਈ ਕੁੱਝ ਗੱਲਾਂ ਵਿਚ ਨਾ ਚਾਹੁੰਦੇ ਹੋਏ ਵੀ ਇਕ ਦੂਜੇ ਦੀ ਖ਼ੁਸ਼ੀ ਲਈ ਸਹਿਮਤ ਹੋਣਾ ਚਾਹੀਦਾ ਹੈ। ਸਿਆਣਿਆਂ ਦਾ ਕਹਿਣਾ ਹੈ ਕਿ 'ਇਕ ਕਹੇ ਤੇ ਦੂਜਾ ਮੰਨੇ, ਫੇਰ ਉਹਦੀ ਰੱਬ ਵੀ ਨਾ ਭੰਨੇ।' ਕੁਝ ਗੱਲਾਂ ਜਿਵੇਂ ਕਿ ਦੂਜੇ ਦੀ ਗੱਲ ਮੰਨ ਕੇ ਚੱਲਣਾ, ਇਕ ਦੂਜੇ ਨੂੰ ਸਤਿਕਾਰ ਦੇਣਾ, ਇਕ ਦੂਜੇ ਦੀ ਸਲਾਹ ਨਾਲ ਕੰਮ ਕਰਨਾ, ਇਕ ਦੂਜੇ ਨੂੰ ਤਵੱਜੋ ਦੇਣਾ ਆਦਿ ਇਸ ਰਿਸ਼ਤੇ ਨੂੰ ਬਣਾਈ ਰੱਖਣ ਲਈ ਬਹੁਤ ਲਾਹੇਵੰਦ ਨੁਕਤੇ ਹਨ। ਪਤੀ-ਪਤਨੀ ਵਿਚਲੀ ਚੰਗੀ ਬੋਲ-ਬਾਣੀ ਵੀ ਰਿਸ਼ਤੇ ਵਿਚ ਮਿਠਾਸ ਦਾ ਕੰਮ ਕਰਦੀ ਹੈ। ਚੰਗੀ ਬੋਲ-ਬਾਣੀ ਰਿਸ਼ਤੇ ਨੂੰ ਨਿਖ਼ਾਰਣ ਦਾ ਕੰਮ ਕਰਦਾ ਹੈ। ਇਸ ਲਈ ਹਰ ਪਤੀ-ਪਤਨੀ ਨੂੰ ਚਾਹੀਦਾ ਹੈ ਕਿ ਵਿਚਾਰਾਂ ਦੀ ਸਾਂਝ ਵੇਲੇ ਚੰਗੀ ਬੋਲੀ ਦੀ ਵਰਤੋਂ ਕਰਨ ਤਾਂ ਜੋ ਉਨ੍ਹਾਂ ਵਿਚਲਾ ਪਿਆਰ ਬਣਿਆ ਰਹੇ। ਪਤੀ-ਪਤਨੀ ਦੋਹਾਂ ਦੇ ਹੀ ਇਕ ਦੂਜੇ ਪ੍ਰਤੀ ਕੁਝ ਫਰਜ਼ ਬਣਦੇ ਹਨ। ਪਤਨੀ ਨੂੰ ਚਾਹੀਦਾ ਹੈ ਕਿ ਉਹ ਇਸ ਖ਼ੂਬਸੂਰਤ ਰਿਸ਼ਤੇ ਨੂੰ ਸੋਹਣਾ ਬਣਾਉਣ ਲਈ ਹਰ ਸੰਭਵ ਯਤਨ ਕਰੇ। ਪਤੀ-ਪਤਨੀ ਦਾ ਸਾਥ ਅਜਿਹਾ ਹੈ ਜਿਸ ਨੂੰ ਸੱਤ ਜਨਮਾਂ ਦਾ ਸਾਥ ਕਿਹਾ ਜਾਂਦਾ ਹੈ ਪਰ ਕੁਝ ਲੋਕ ਇਸ ਰਿਸ਼ਤੇ ਦੇ ਮਹੱਤਵ ਨੂੰ ਨਹੀਂ ਸਮਝਦੇ ਅਤੇ ਨਿੱਤ ਕਿਸੇ ਨਾ ਕਿਸੇ ਗੱਲ ਦਾ ਕਲੇਸ਼ ਪਾ ਕੇ ਬੈਠ ਜਾਂਦੇ ਹਨ ਇਹੀ ਕਾਰਨ ਹੈ ਕਿ ਅੱਜ ਤਲਾਕਾਂ ਦੀ ਗਿਣਤੀ ਵਿਚ ਅੱਗੇ ਨਾਲੋਂ ਕਈ ਗੁਣਾ ਵਾਧਾ ਹੋਇਆ ਹੈ। ਪਤੀ-ਪਤਨੀ ਵਿਚਲੇ ਰਿਸ਼ਤੇ ਨੂੰ ਬਰਕਰਾਰ ਰੱਖਣ ਲਈ ਸਭ ਤੋਂ ਜ਼ਰੂਰੀ ਹੈ ਇਕ ਦੂਜੇ ਨੂੰ ਸਤਿਕਾਰ ਦੇਣਾ ।

98146-34446

### ਇਕ ਦੂਜੇ 'ਤੇ ਵਿਸ਼ਵਾਸ

*ਅਕਸਰ ਵੇਖਿਆ ਗਿਆ ਹੈ ਕਿ ਸ਼ੱਕ ਵੀ ਪਤੀ-ਪਤਨੀ ਦੇ ਰਿਸ਼ਤੇ ਵਿਚ ਦਰਾਰ ਲਿਆਉਣ ਦਾ ਮੁੱਖ ਕਾਰਨ ਬਣਦਾ ਹੈ। ਪਤੀ-ਪਤਨੀ ਦਾ ਰਿਸ਼ਤਾ ਸੰਸਾਰ ਵਿਚ ਸਭ ਤੋਂ ਪਵਿੱਤਰ ਰਿਸ਼ਤਾ ਹੈ ਜੇ ਇਸ ਵਿਚ ਸ਼ੱਕ ਆ ਜਾਵੇ ਤਾਂ ਇਸ ਨੂੰ ਟੁੱਟਦੇ ਦੇਰ ਨਹੀਂ ਲਗਦੀ। ਇਸ ਨਾਲ ਰਿਸ਼ਤੇ ਵਿਚ ਇਕ ਦੂਜੇ 'ਤੇ ਵਿਸ਼ਵਾਸ ਦਾ ਹੋਣਾ ਬਹੁਤ ਜ਼ਰੂਰੀ ਹੈ। ਵਿਸ਼ਵਾਸ ਇਕ ਅਜਿਹਾ ਮਜ਼ਬੂਤ ਧਾਗਾ ਹੈ ਜੋ ਪਤੀ-ਪਤਨੀ ਦੇ ਰਿਸ਼ਤੇ ਨੂੰ ਮਜ਼ਬੂਤੀ ਨਾਲ ਜੋੜ ਕੇ ਰੱਖਦਾ ਹੈ। ਵਿਸ਼ਵਾਸ ਦੇ ਸਿਰ 'ਤੇ ਇਸ ਖ਼ੂਬਸੂਰਤ ਰਿਸ਼ਤੇ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਅਕਸਰ ਵੇਖਣ ਵਿਚ ਆਇਆ ਹੈ ਕਿ ਕੁਝ ਪਤੀ-ਪਤਨੀ ਨਿੱਤ ਹੀ ਕਿਸੇ ਨਾ ਕਿਸੇ ਗੱਲ ਨੂੰ ਲੈ ਕੇ ਆਪਸ ਵਿਚ ਝਗੜਦੇ ਰਹਿੰਦੇ ਹਨ ਇਸ ਨੇ ਨਾਲ ਇਕ ਤਾਂ ਉਨ੍ਹਾਂ ਦੇ ਰਿਸ਼ਤੇ ਵਿਚ ਕੜਵਾਹਟ ਦਾ ਵਾਧਾ ਹੁੰਦਾ ਹੈ ਦੂਜਾ ਉਨ੍ਹਾਂ ਦੇ ਬੱਚਿਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਸਿਆਣੇ ਆਖਦੇ ਹਨ ਕਿ ਨਿੱਤ ਦਾ ਕਲੇਸ਼ ਘਰਾਂ ਨੂੰ ਖਾ ਜਾਂਦਾ ਹੈ। ਪਤੀ ਨੂੰ ਚਾਹੀਦਾ ਹੈ ਕਿ ਉਹ ਆਪਣੀ ਪਤਨੀ ਨਾਲ ਵੱਧ ਤੋਂ ਵੱਧ ਸਮਾਂ ਬਿਤਾਏ ਅਤੇ ਉਸ ਦੀਆਂ ਗੱਲਾਂ ਨੂੰ ਸੁਣੇ ਅਤੇ ਆਪਣੀਆਂ ਗੱਲਾਂ ਨੂੰ ਉਸ ਨਾਲ ਸਾਂਝਾ ਕਰੇ ਤਾਂ ਜੋ ਉਹ ਇਕ ਦੂਜੇ ਦੇ ਨਜ਼ਦੀਕ ਰਹਿਣ ਅਤੇ ਉਨ੍ਹਾਂ ਵਿਚਲੀਆਂ ਦੂਰੀਆਂ ਨਾ ਬਣਨ।*




# ਯਾਦਾਂ ਦੀ ਖ਼ੁਸ਼ਬੋ



ਪ੍ਰੋ. ਹਰਜਿੰਦਰ ਭੋਤਨਾ

ਕਿਹਾ ਜਾਂਦਾ ਹੈ ਹਮੇਸ਼ਾਂ ਚੜ੍ਹਦਾ ਅਤੇ ਡੁੱਬਦਾ ਸੂਰਜ ਹੀ ਬਹੁਤ ਸੋਹਣਾ ਦ੍ਰਿਸ਼ ਪੇਸ਼ ਕਰਦਾ ਹੈ। ਅਸਲ ਵਿਚ ਇਸ ਘਟਨਾ ਚੱਕਰ ਦੇ ਦੋ ਹੀ ਪੱਖ ਹੁੰਦੇ ਹਨ ਇਕ ਉਹ ਸ਼ੁਰੂ ਤੋਂ ਅਗਲੇ ਪੜ੍ਹਾਅ ਵੱਲ ਵੱਧ ਰਿਹਾ ਹੁੰਦਾ ਹੈ ਦੂਜਾ ਪੱਖ ਜਿੱਥੇ ਉਹ ਆਪਣੇ ਮੁਕਾਮ ਦਾ ਆਖਰੀ ਹਿੱਸਾ ਪਾਰ ਕਰਦਾ ਹੈ । ਠੀਕ ਉਸੇ ਤਰ੍ਹਾਂ ਹੀ ਮਨੁੱਖੀ ਜੀਵਨ ਦਾ ਇਕ ਚੱਕਰ ਹੁੰਦਾ ਹੈ ਜੋ ਜਨਮ ਤੋਂ ਸ਼ੁਰੂ ਹੋ ਕੇ ਆਪਣੇ ਆਖਰੀ ਮੁਕਾਮ ਤਕ ਪਹੁੰਚਦਾ ਹੈ। ਇਸ ਲੰਬੀਂ ਜੀਵਨ ਸਾਧਨਾਂ ਵਿਚ ਮਨੁੱਖ ਨੂੰ ਅਨੇਕਾਂ ਜੀਵਨ ਸੰਘਰਸ਼ ਕਰਨੇ ਪੈਂਦੇ ਹਨ। ਜਿਸ ਵਿਚ ਦੁੱਖ-ਸੁੱਖ, ਜਿੱਤਾਂ ਹਾਰਾਂ, ਸਫ਼ਲਤਾਵਾਂ-ਅਸਫ਼ਲਤਾਵਾਂ , ਲੰਬੀ ਸਾਧਨਾਂ ਅਤੇ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮਨੁੱਖ ਇਸ ਸਾਧਨਾਂ ਨੂੰ ਖਿੜੇ ਮੱਥੇ ਸਵੀਕਾਰ ਕਰਦਾ ਹੈ। ਇਸ ਸੰਘਰਸ਼ ਨੂੰ ਆਪਣੇ ਹੱਡੀਂ ਹੰਢਾਉਂਦਾ ਹੈ। ਉਸ ਕੋਲ ਯਾਦਾਂ ਦਾ ਖਜ਼ਾਨਾਂ ਹੁੰਦਾ ਹੈ। ਦੂਜੇ ਪਾਸੇ ਜੀਵਨ ਸੰਘਰਸ਼ ਵਿੱਚੋਂ ਭੱਜਣ ਵਾਲੇ ਲੋਕਾਂ ਦਾ ਜੀਵਨ ਖੁਸ਼ਕ ਤੇ ਅਨਮੋਲ ਯਾਦਾਂ ਤੋਂ ਸੱਖਣਾ ਹੁੰਦਾ ਹੈ। ਉਹ ਲੋਕ ਅਸਲੀ ਜੀਵਨ ਅਨੰਦ ਤੋਂ ਸੱਖਣੇ ਹੁੰਦੇ ਹਨ। ਉਨ੍ਹਾਂ ਦੇ ਜੀਵਨ ਵਿਚ ਵਿਸ਼ਾਲਤਾ ਦੀ ਕਮੀਂ ਹੁੰਦੀ ਹੈ। ਬਹੁਤ ਸਾਰੇ ਲੋਕ ਬੇਸ਼ੁਮਾਰ ਧਨ ਦੌਲਤ, ਜ਼ਮੀਨ, ਮਕਾਨ, ਗਹਿਣੇ ਦੇ ਮਾਲਕ ਹੁੰਦੇ ਹਨ ਪਰ ਉਨ੍ਹਾਂ ਕੋਲ ਯਾਦਾਂ ਦਾ ਅਨਮੋਲ ਖਜ਼ਾਨਾਂ ਨਹੀਂ ਹੁੰਦਾ ਕਿਉਂਕਿ ਉਨ੍ਹਾਂ ਨੇ ਜ਼ਿੰਦਗੀ ਧਨ ਜੋੜਨ ਵਿਚ ਲਗਾ ਦਿੱਤੀ ਹੁੰਦੀ ਹੈ। ਜ਼ਿਆਦਾ ਧਨ ਜੋੜ੍ਹਨ ਲਈ ਉਮੰਗਾਂ ਨੂੰ ਦਬਾਉਣਾ ਪੈਂਦਾ ਹੈ। ਉਮੰਗਾਂ ਨੂੰ ਕਿਨਾਰੇ ਲਾ ਕੇ ਪ੍ਰਾਪਤ ਕੀਤੀ ਖ਼ੁਸ਼ੀ ਸਦੀਵੀ ਨਹੀਂ ਹੁੰਦੀ। ਉਨ੍ਹਾਂ ਨੇ ਜ਼ਿੰਦਗੀ ਨੂੰ ਮਾਣਿਆਂ ਨਹੀਂ ਹੁੰਦਾ। ਕੇਵਲ ਧਨ ਦੌਲਤ, ਸੰਪਤੀ, ਹੀਰੇ-ਮੋਤੀ ਹੀ ਜ਼ਾਇਦਾਦ ਨਹੀਂ ਹਨ। ਜੀਵਨ ਸੰਘਰਸ਼ ਕਰਦਿਆਂ ਜ਼ਿੰਦਗੀ ਦਾ ਅਨੰਦ ਮਾਣਦਿਆਂ ਇਕੱਠੀਆਂ ਕੀਤੀਆਂ ਕੀਮਤੀ ਯਾਦਾਂ ਵੀ ਜ਼ਿੰਦਗੀ ਦੀ ਜਾਇਦਾਦ ਹਨ। ਹਰ ਮਨੁੱਖ ਦੀਆਂ ਆਪਣੀਆਂ ਖਾਹਿਸ਼ਾਂ, ਉਮੰਗਾਂ ਹੁੰਦੀਆਂ ਹਨ। ਅਸੀਂ ਆਮ ਤੌਰ 'ਤੇ ਸੋਚਦੇ ਹਾਂ ਜਿਸ ਕੋਲ ਜ਼ਿਆਦਾ ਧਨ ਹੋਵੇਗਾ ਉਹ ਜ਼ਿਆਦਾ ਖੁਸ਼ ਹੋਵੇਗਾ ਪਰ ਬਹੁਤ ਸਾਰੇ ਲੋਕ ਧਨ ਹੋਣ ਦੇ ਬਾਵਜੂਦ ਆਪਣੀਆਂ ਉਮੰਗਾਂ ਦੀ ਪੂਰਤੀ ਨਹੀਂ ਕਰ ਸਕਦੇ। ਚੰਗੇ ਜੀਵਨ ਦੇ ਲਈ ਉੱਚੀ-ਸੁੱਚੀ ਸੋਚ ਦਾ ਹੋਣਾ ਲਾਜ਼ਮੀਂ ਹੈ। ਬਹੁਤ ਖੁਸ਼ਗਵਾਰ ਸੋਹਣਾ ਮੌਸਮ ਵੀ ਚੰਗਾ ਨਹੀਂ ਲੱਗਦਾ ਜੇਕਰ ਜ਼ਿੰਦਗੀ ਦੀਆਂ ਖ਼ੁਸ਼ਗਵਾਰ ਯਾਦਾਂ ਕੋਲ ਨਾ ਹੋਣ। ਯਾਦਾਂ ਓਦੋਂ ਪੈਦਾ ਹੋਣਗੀਆਂ ਜਦੋਂ ਵਿਅਕਤੀ ਜ਼ਿੰਦਗੀ ਦੀ ਹਕੀਕਤ ਨਾਲ ਜੁੜੇਗਾ। ਕੁਦਰਤ ਦੀ ਕਾਇਨਾਤ ਨੂੰ ਜਾਣਨ ਦੀ ਕੋਸ਼ਿਸ਼ ਹੀ ਨਹੀਂ ਕਰੇਗਾ ਸਗੋਂ ਉਸ ਨਾਲ ਇੱਕਮਿਕ ਹੋਵੇਗਾ। ਹੱਥੀਂ ਕਿਰਤ ਕਰੇਗਾ।



ਮਿਹਨਤ ਦੇ ਸੰਕਲਪ ਨੂੰ ਜੀਵਨ ਨਾਲ ਜੋੜੇਗਾ। ਮਨੁੱਖ ਦੇ ਅਤੀਤ ਦਾ ਸਬੰਧ ਆਉਣ ਵਾਲੇ ਵਰਤਮਾਨ ਅਤੇ ਭਵਿੱਖ ਨਾਲ ਹਮੇਸ਼ਾਂ ਜੁੜਿਆ ਹੁੰਦਾ ਹੈ। ਉਸ ਦੇ ਯਾਦਾਂ ਦੇ ਪਰਛਾਵਿਆਂ ਨਾਲ ਰਹਿੰਦੀ ਜ਼ਿੰਦਗੀ ਰੰਗੀਨ ਤੇ ਖ਼ੁਸ਼ਗਵਾਰ ਬਣਦੀ ਹੈ। ਮਨੁੱਖ ਨੂੰ ਇਹ ਵੀ ਪਤਾ ਹੈ ਕਿ ਉਸ ਦਾ ਜੀਵਨ ਹਮੇਸ਼ਾਂ ਨਹੀਂ ਰਹਿਣ ਵਾਲਾ ਪਰ ਉਸ ਦੁਆਰਾ ਪੈਦਾ ਕੀਤਾ ਗਿਆ ਸੰਦੇਸ਼ ਤੇ ਸੁਨੇਹਾਂ ਲੋਕਾਂ ਲਈ ਮਾਰਗਦਰਸ਼ਨ ਜ਼ਰੂਰ ਬਣੇਗਾ। ਇਸ ਲਈ ਜ਼ਰੂਰੀ ਹੈ ਸੌੜੀ ਤੇ ਮੌਕਾਪ੍ਰਸਤ ਸੋਚ ਨੂੰ ਤਿਆਗ ਕੇ ਮਨੁੱਖ ਲੰਬੇ ਰਾਹਾਂ ਦਾ ਪਾਂਧੀ ਬਣੇ ਇਸ ਤਰ੍ਹਾਂ ਕੁਦਰਤ ਨਾਲ ਉਸ ਦਾ ਸਾਂਝ ਵਧੇਗੀ।

94635-12720

## ਉਹ ਸਿਆਣੇ ਨਹੀਂ ਸਨ

ਅਸੀਂ ਆਪਣੇ-ਆਪ ਨੂੰ ਛੋਟਾ ਕਰ ਲਿਆ ਸੀ। ਉਹ ਸਿਆਣੇ ਨਹੀਂ ਸਨ, ਅਸੀਂ ਅੰਧਵਿਸ਼ਵਾਸੀ ਸਾਂ। ਅਸੀਂ ਹੀ ਨਿਰਣਾ ਕਰ ਲਿਆ ਸੀ ਕਿ ਚੌਲਾਂ ਵਰਗਾ ਰੰਗ, ਕਣਕ ਵਾਲੇ ਰੰਗ ਨਾਲੋਂ ਸੋਹਣਾ ਹੁੰਦਾ ਹੈ। ਅਸੀਂ ਸਾਬਤ ਕਰ ਵਿਖਾਇਆ ਹੈ ਕਿ ਪਤਲੂਨ ਪਾਉਣਾ, ਪਜਾਮੇ ਅਤੇ ਤਹਿਮਤ ਨਾਲੋਂ ਉਚੇਰੀ ਸੱਭਿਅਤਾ ਹੈ। ਆਪਣੇ ਦੇਸ਼ 'ਚ ਘਰ ਸਾਫ਼ ਕਰਨਾ ਨੀਵੀਂ ਜਾਤ ਦਾ ਕੰਮ ਹੈ ਪਰ ਪ੍ਰਦੇਸ ਵਿਚ ਸੜਕ ਸਾਫ਼ ਕਰਦਿਆਂ, ਸਾਡੀ ਜਾਤ ਨੂੰ ਕੋਈ ਫ਼ਰਕ ਨਹੀਂ ਪੈਂਦਾ। ਪੜ੍ਹਿਆ-ਲਿਖਿਆ ਮਨੁੱਖ ਅਸੀਂ ਉਸ ਨੂੰ ਸਮਝਦੇ ਹਾਂ, ਜਿਹੜਾ ਆਪਣੀ ਜ਼ੁਬਾਨ 'ਚ ਗੱਲ ਨਾ ਕਰੇ। ਅਸੀਂ ਸਮਝਦੇ ਹਾਂ ਕਾਰ 'ਚ ਜਾਂਦਾ ਬੰਦਾ , ਬੱਸ-ਗੱਡੀ 'ਚ ਜਾਣ ਵਾਲੇ ਨਾਲੋਂ ਉੱਚਾ ਹੁੰਦਾ ਹੈ। ਵਿਕਾਸ ਕਰਨ ਦਾ ਅਰਥ ਮਾਂ ਨੂੰ ਖ਼ਤ ਲਿਖਣ ਦੀ ਥਾਂ ਮਦਰਜ਼ -ਡੇ ਦਾ ਕਾਰਡ ਭੇਜ ਦੇਣਾ ਸਮਝ ਲਿਆ ਗਿਆ ਹੈ। ਸਾਡੇ ਨਿਰਣਾ ਕਰਨ ਦੀ ਦੇਰ ਸੀ। ਆਪਣੇ- ਆਪ ਨੂੰ ਛੋਟਾ ਮੰਨਣ ਦੀ ਦੇਰ ਸੀ, ਫਿਰ ਉਨ੍ਹਾਂ ਨੂੰ ਸਾਡੇ ਤੋਂ ਵੱਡੇ ਬਣਨ 'ਚ ਕੋਈ ਦੇਰ ਨਹੀਂ ਲੱਗੀ। ਸਾਡੇ ਝੁਕਣ ਦੀ ਦੇਰ ਸੀ , ਉਹ ਪਲਾਕੀ ਮਾਰ ਕੇ ਸਾਡੇ 'ਤੇ ਸਵਾਰ ਹੋ ਗਏ। ਸਾਨੂੰ ਝੁਕਾਉਣ ਲਈ ਇੱਥੇ ਯੂਨਾਨੀ ਆਏ, ਤੁਰਕ ਆਏ, ਲੋਧੀ ਆਏ, ਹੁਨ ਆਏ, ਮੁਗ਼ਲ ਆਏ, ਪੁਰਤਗਾਲੀ, ਫਰਾਂਸੀਸੀ ਅਤੇ ਅੰਗਰੇਜ਼ ਆਏ, ਜਿਹੜੇ ਨਹੀਂ ਆਏ, ਪਤਾ ਨਹੀਂ ਕਿਉਂ ਨਹੀਂ ਆਏ? ਜੇ ਉਹ ਆ ਜਾਂਦੇ ਤਾਂ ਉਨ੍ਹਾਂ ਨੇ ਵੀ ਸਾਡੇ 'ਤੇ ਰਾਜ ਹੀ ਕਰਨਾ ਸੀ ਕਿਉਂਕਿ ਅਸੀਂ ਗੁਲਾਮ ਬਣਨ ਵਿਚ ਮਾਹਿਰ ਸਾਂ ।

• ਨਰਿੰਦਰ ਸਿੰਘ ਕਪੂਰ

**ਅੱਜ ਭਾਵੇਂ ਅਸੀਂ ਗਰਾਮੋਫੋਨ ਤੋਂ ਆਨਲਾਈਨ ਸੰਗੀਤ ਦੇ ਦੌਰ ਤਕ ਪੁੱਜ ਚੁੱਕੇ ਹਾਂ ਪਰ ਜੋ ਗੀਤ ਸੰਗੀਤ ਨੂੰ ਸੁਣਨ ਦਾ ਨਜ਼ਾਰਾ ਗ੍ਰਾਮੋਫੋਨ ਮਸ਼ੀਨ 'ਤੇ ਆਉਂਦਾ ਸੀ ਉਹ ਹੋਰ ਕਿਸੇ ਸਾਧਨ ਰਾਹੀਂ ਨਹੀਂ ਆਉਂਦਾ...**

# ਕਦੇ ਮਨੋਰੰਜਨ ਦਾ ਸਾਧਨ ਸੀ ਗ੍ਰਾਮੋਫੋਨ

ਸ਼ਮਸ਼ੇਰ ਸਿੰਘ ਸੋਹੀ

ਪੁਰਾਣੇ ਸਮਿਆਂ 'ਚ ਕੁੱਤਾ ਮਾਰਕਾ ਮਸ਼ੀਨ (ਗ੍ਰਾਮੋਫੋਨ ਮਸ਼ੀਨ) ਲੋਕਾਂ ਦੇ ਮਨੋਰੰਜਨ ਦਾ ਸਭ ਤੋਂ ਵੱਡਾ ਸਾਧਨ ਹੁੰਦੀ ਸੀ। ਫਰਾਂਸਿਸ ਜੇਮਸ ਬਰਾਉਂਡ ਵੱਲੋਂ ਤਿਆਰ ਕੀਤੀ ਹੋਈ ਪੇਂਟਿੰਗ ਜਿਸ ਵਿਚ ਕੁੱਤਾ ਭੂਪਣੇ ਵਰਗੇ ਸਪੀਕਰ ਮੂਹਰੇ ਬੈਠਾ ਹੋਇਆ ਹੈ, ਇਸ ਕੰਪਨੀ ਦਾ ਲੋਗੋ ਬਣਿਆ। ਉਸ ਸਮੇਂ ਲੋਕ ਹੱਥੀਂ ਕਿਰਤ ਕਰਦੇ ਸਨ ਤੇ ਨਾਲ-ਨਾਲ ਤਵਿਆਂ ਵਾਲੀ ਮਸ਼ੀਨ 'ਤੇ ਗੀਤ ਸੰਗੀਤ ਦਾ ਆਨੰਦ ਲੈਂਦੇ ਸਨ। ਜਦੋਂ ਚਾਬੀ ਵਾਲੀ ਮਸ਼ੀਨ ਤੇ ਪੱਥਰ ਜਾਂ ਲਾਖ ਦਾ ਰਿਕਾਰਡ ਰੱਖਣ ਤੇ ਗਾਇਕ ਦੀ ਮਿੱਠੀ ਆਵਾਜ਼ ਕੰਨੀ ਪੈਂਦੀ ਸੀ ਤਾਂ ਰੂਹ ਖ਼ੁਸ਼ ਹੋ ਜਾਂਦੀ ਸੀ। ਆਜ਼ਾਦੀ ਤੋਂ ਪਹਿਲਾਂ ਵਿਰਲੇ ਸ਼ੌਕੀਨ ਵਿਅਕਤੀ ਕੋਲ ਹੀ ਗਰਾਮੋਫੋਨ ਮਸ਼ੀਨ ਹੁੰਦੀ ਸੀ।

ਆਜ਼ਾਦੀ ਮਗਰੋਂ ਗਰਾਮੋਫੋਨ ਮਸ਼ੀਨ ਰੱਖਣ ਦੇ ਸ਼ੌਕੀਨ ਵਧਣ ਲੱਗੇ ਤੇ ਐੱਚਐੱਮਵੀ ਤੋਂ ਇਲਾਵਾ ਕਈ ਹੋਰ ਕੰਪਨੀਆਂ ਵੱਲੋਂ ਵੀ ਗਰਾਮੋਫੋਨ ਬਾਜ਼ਾਰ 'ਚ ਲਿਆਂਦੇ ਗਏ। ਵੱਖ-ਵੱਖ ਕਲਾਕਾਰਾਂ ਦੀਆਂ ਸੁਰੀਲੀਆਂ ਆਵਾਜ਼ਾਂ ਵਾਲੇ ਪੱਥਰ ਤੇ ਪਲਾਸਟਿਕ ਦੇ ਕਾਲੇ ਰੰਗ ਦੇ ਤਵੇ 33.5, 45, 78 ਚੱਕਰ ਪ੍ਰਤੀ ਮਿੰਟ ਜਦੋਂ ਇਸ ਮਸ਼ੀਨ 'ਤੇ ਵੱਜਦੇ ਸੀ ਤਾਂ ਸੁਣ ਕੇ ਆਨੰਦ ਆ ਜਾਂਦਾ ਸੀ। ਉਨੀਂ ਦਿਨੀਂ ਐੱਚਐਮਵੀ 118 ਮਾਡਲ ਰਿਕਾਰਡ ਪਲੇਅਰ, ਕੋਲੰਬੀਆ 213, ਮਰਫੀ ਕੰਪਨੀ 102 ਮਾਡਲ, 666 ਮਾਡਲ ਤੇ ਸੋਹਨ ਬਖ਼ਸ਼ ਮਸ਼ੀਨਾਂ ਸਪੀਕਰ ਵਾਲੇ ਦੀ ਰੋਜ਼ੀ-ਰੋਟੀ ਹੋਇਆ ਕਰਦੀਆਂ ਸਨ। ਗੱਡੇ ਜਾਂ ਸਾਈਕਲ 'ਤੇ ਸਪੀਕਰ ਵਾਲਾ ਗ੍ਰਾਮੋਫੋਨ ਮਸ਼ੀਨ ਤੇ ਹੋਰ ਸਾਜੋ ਸਮਾਨ ਨੂੰ ਲੱਦ ਕੇ ਵਿਆਹ ਵਾਲੇ ਘਰ ਪਹੁੰਚਦਾ ਸੀ। ਤਵੇ ਨੂੰ ਚਲਾਉਣ ਤੋਂ ਪਹਿਲਾਂ ਮਸ਼ੀਨ ਨੂੰ ਚਾਬੀ ਦਿੱਤੀ ਜਾਂਦੀ ਸੀ। ਕਈ ਵਾਰ ਮਸ਼ੀਨ ਦੀ ਸੂਈ ਟੁੱਟ ਜਾਣ ਜਾਂ ਸੂਈ ਇਕ ਜਗਾ ਅਟਕ ਜਾਣ ਕਰਕੇ ਸੰਗੀਤ ਸੁਣਨ ਦਾ ਮਜ਼ਾ ਖ਼ਰਾਬ ਹੋ ਜਾਂਦਾ ਸੀ। ਤਲਵਾਰ ਮੈਂ ਕਲਗੀਧਰ ਦੀ ਹਾਂ। ਸਤਿਗੁਰ ਨਾਨਕ ਤੇਰੀ ਲੀਲ੍ਹਾ ਨਿਆਰੀ...ਆਦਿ ਧਾਰਮਿਕ ਗੀਤ ਮਸ਼ੀਨ 'ਤੇ ਲਾ ਕੇ ਸਪੀਕਰ ਵਾਲਾ ਪ੍ਰਗਰਾਮ ਦੀ ਸ਼ੁਰੂਆਤ ਕਰਦਾ ਸੀ। ਜਿਸ ਸਪੀਕਰ ਵਾਲੇ ਨੂੰ ਮਸ਼ੀਨ 'ਤੇ ਵਿਆਹ ਦੀਆਂ ਰਸਮਾਂ ਮੁਤਾਬਿਕ ਗੀਤ ਲਗਾਉਣ ਦਾ ਗਿਆਨ ਸੀ ਉਸ ਦੀ ਬਹੁਤ ਆਓ ਭਗਤ ਕੀਤੀ ਜਾਂਦੀ ਸੀ। ਭਾਵੇਂ ਟੇਪ ਰਿਕਾਰਡਰ ਤੇ ਕੈਸਟਾਂ ਦਾ ਯੁੱਗ ਆਉਣ ਨਾਲ ਗ੍ਰਾਮੋਫੋਨ ਮਸ਼ੀਨਾਂ ਦਾ ਰਿਵਾਜ ਖ਼ਤਮ ਹੋ ਗਿਆ ਪਰ ਤਵਿਆਂ ਵਾਲੀ ਗ੍ਰਾਮੋਫੋਨ ਮਸ਼ੀਨ ਦੀ ਸਰਦਾਰੀ ਟੇਪਾਂ ਨਾਲੋਂ ਜ਼ਿਆਦਾ ਸਮਾਂ ਰਹੀ। ਅੱਜ ਭਾਵੇਂ ਅਸੀਂ ਗਰਾਮੋਫੋਨ ਤੋਂ ਟੇਪ ਰਿਕਾਰਡਰ, ਟੇਪ ਰਿਕਾਰਡਰ ਤੋਂ ਸੀਡੀ ਪਲੇਅਰ ਫਿਰ ਚਿਪਸ ਜਾਂ ਪੈੱਨ ਡਰਾਈਵਰ ਤੋਂ ਲੰਘਦੇ ਹੋਏ ਔਨਲਾਈਨ ਸੰਗੀਤ ਦੇ ਦੌਰ ਤਕ ਪੁੱਜ ਚੁੱਕੇ ਹਾਂ ਪਰ ਜੋ ਗੀਤ ਸੰਗੀਤ ਨੂੰ ਸੁਣਨ ਦਾ ਨਜ਼ਾਰਾ ਗ੍ਰਾਮੋਫੋਨ ਮਸ਼ੀਨ 'ਤੇ ਆਉਂਦਾ ਸੀ ਉਹ ਹੋਰ ਕਿਸੇ ਸਾਧਨ ਰਾਹੀਂ ਨਹੀਂ ਆਉਂਦਾ। ਅੱਜ ਗ੍ਰਾਮੋਫੋਨ ਮਸ਼ੀਨ ਘਰ ਦੇ ਡਰਾਇੰਗ ਰੂਮ ਵਿੱਚ ਇਕ ਸ਼ੋਅਪੀਸ ਦੇ ਤੌਰ ਤੇ ਜਾਂ ਮੇਲਿਆਂ 'ਚ ਹੀ ਦੇਖੀ ਜਾ ਸਕਦੀ ਹੈ। ਸਮੇਂ ਦੇ ਨਾਲ ਕੁਝ ਲੋਕਾਂ ਨੇ ਇਹ ਮਸ਼ੀਨਾਂ ਭਾਵੇਂ ਕਬਾੜੀਏ ਨੂੰ ਵੇਚ ਦਿੱਤੀਆਂ ਹਨ ਪਰ ਕਈ ਸੰਗੀਤ ਨੂੰ ਪਿਆਰ ਕਰਨ ਵਾਲੇ ਲੋਕਾਂ ਨੇ ਅੱਜ ਵੀ ਇਹ ਮਸ਼ੀਨ ਚੋਰੀ ਦੀ ਬੰਦੂਕ ਵਾਂਗੂ ਸਾਂਭ ਕੇ ਰੱਖੀ ਹੋਈ ਹੈ। ਇਹ ਸੰਗੀਤ ਪ੍ਰੇਮੀ ਅੱਜ ਵੀ ਪੁਰਾਣੀਆਂ ਮਸ਼ੀਨਾਂ, ਐਂਪਲੀਫਾਇਰ, ਪੱਥਰ ਤੇ ਪਲਾਸਟਿਕ ਦੇ ਤਵੇ ਸਾਂਭਣ ਵਿਚ ਲੱਗੇ ਹੋਏ ਹਨ। ਭਲੇ ਵੇਲਿਆਂ ਦੇ ਕਈ ਮਸ਼ਹੂਰ ਬਜ਼ੁਰਗ ਕਲਾਕਾਰ ਅੱਜ ਕਹਿੰਦੇ ਸੁਣੇ ਜਾਂਦੇ ਹਨ ਕਿ ਤਵਿਆਂ ਵਾਲੇ ਰਿਕਾਰਡਾਂ ਦਾ ਦੌਰ ਭਲਾ ਸੀ। ਵਿਰਸੇ ਨਾਲ ਜੁੜੀਆਂ ਇਨ੍ਹਾਂ ਚੀਜਾਂ ਨੂੰ ਸਾਂਭਣ ਦੀ ਲੋੜ ਸੀ ਤਾਂ ਕਿ ਆਉਣ ਵਾਲੀਆਂ ਪੀੜੀਆਂ ਇਹ ਦੇਖ ਸਕਣ ਕਿ ਸਾਡਾ ਅਸਲੀ ਵਿਰਸਾ ਤੇ ਗੀਤ ਸੰਗੀਤ ਕੀ ਸੀ।



### ਚਾਬੀ ਵਾਲੀ ਮਸ਼ੀਨ

***ਕਦੇ ਲੋਕ ਤਵਿਆਂ ਵਾਲੀ ਮਸ਼ੀਨ 'ਤੇ ਗੀਤ ਸੰਗੀਤ ਦਾ ਆਨੰਦ ਲੈਂਦੇ ਸਨ। ਜਦੋਂ ਚਾਬੀ ਵਾਲੀ ਮਸ਼ੀਨ ਤੇ ਪੱਥਰ ਜਾਂ ਲਾਖ ਦਾ ਰਿਕਾਰਡ ਰੱਖਣ ਤੇ ਗਾਇਕ ਦੀ ਮਿੱਠੀ ਆਵਾਜ਼ ਕੰਨੀ ਪੈਂਦੀ ਸੀ ਤਾਂ ਰੂਹ ਖ਼ੁਸ਼ ਹੋ ਜਾਂਦੀ ਸੀ।***

**ਆਪਸੀ ਸਾਂਝ, ਪਿਆਰ, ਸਤਿਕਾਰ ਵਰਗੇ ਨੈਤਿਕ ਮੁੱਲਾਂ ਨਾਲ ਹੀ ਆਪਣੇ ਲਾਡਲੇ ਤੇ ਲਾਡਲੀਆਂ ਦੇ ਜੀਵਨ ਨੂੰ ਸੁਚੱਜਾ ਬਣਾ ਸਕਦੇ ਹਾਂ। ਚੰਗੇ ਸਮਾਜ ਲਈ ਨੈਤਿਕਤਾ ਭਰਪੂਰ ਨਵੀਂ ਪੀੜ੍ਹੀ ਦਾ ਹੋਣਾ ਲਾਜ਼ਮੀ ਹੈ। ਇਸ ਵਾਸਤੇ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਸਿਰ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਦੇ ਰਾਹ-ਦਸੇਰੇ ਬਣਨ...**

# ਮਾਪਿਆਂ ਦੀ ਚਿੰਤਾ ਦਾ ਕਾਰਨ ਉਡਾਰ ਹੋ ਰਹੇ ਬੱਚੇ

ਬਲਜਿੰਦਰ ਮਾਨ

ਸਮਾਜ ਵਿਚ ਵਿਚਰਦਿਆਂ ਜਦੋਂ ਸੜਕਾਂ ਤੇ ਕੰਨ ਪਾੜਵੇਂ ਹਾਰਨ ਵਜਾਉਂਦੇ ਮੋਟਰਸਾਈਕਲ, ਖੁੱਲ੍ਹੀਆਂ ਜੀਪਾਂ ਅਤੇ ਟਰੈਕਟਰਾਂ ਤੇ ਵੱਜਦੇ ਸਪੀਕਰ ਵੇਖਦੇ-ਸੁਣਦੇ ਹਾਂ ਤਾਂ ਇਕ ਵਾਰ ਰੂਹ ਕੰਬ ਜਾਂਦੀ ਹੈ। ਇੱਥੇ ਵਿਚਾਰਨ ਵਾਲੀ ਗੱਲ ਇਹ ਹੈ ਕਿ ਬੱਚੇ ਅਜਿਹੇ ਬੇਹੂਦਾ ਕੰਮਾਂ ਵਿਚ ਕਿਉਂ ਲੱਗ ਗਏ? ਸਮਾਜਿਕ ਤਾਣੇ-ਬਾਣੇ 'ਤੇ ਨਜ਼ਰ ਮਾਰੀਏ ਤਾਂ ਇਸ ਸਭ ਕਾਸੇ ਲਈ ਅਸੀਂ ਸਾਰੇ ਕਟਹਿਰੇ ਵਿਚ ਖੜੇ ਦਿਖਾਈ ਦਿੰਦੇ ਹਾਂ। ਸਭ ਤੋਂ ਪਹਿਲਾਂ ਮਾਪਿਆਂ ਦੀ ਜੋ ਹਾਲਤ ਹੈ ਉਸ ਤੇ ਤਰਸ ਆਉਂਦਾ ਹੈ ਕਿ ਉਹ ਬੱਚਿਆਂ ਨੂੰ ਸਕੂਲ ਹਵਾਲੇ ਕਰ ਕੇ ਆਪਣੀ ਜ਼ਿੰਮੇਵਾਰੀ ਤੋਂ ਮੁਕਤ ਹੋਏ ਮਹਿਸੂਸ ਕਰਦੇ ਹਨ। ਜਦਕਿ ਅਧਿਆਪਕ ਨਾਲੋਂ ਉਨ੍ਹਾਂ ਦੀ ਜ਼ਿੰਮੇਵਾਰੀ ਕਿਸੇ ਗੱਲੋਂ ਘੱਟ ਨਹੀਂ ਹੁੰਦੀ। ਬਹੁਤ ਸਾਰੀਆਂ ਗੱਲਾਂ ਅਤੇ ਗੁਣ ਉਹ ਆਪਣੀ ਮਾਂ ਅਤੇ ਪਰਿਵਾਰ ਕੋਲੋਂ ਸਿੱਖ ਕੇ ਸਕੂਲ ਵਿਚ ਪੁੱਜਦਾ ਹੈ ਜਿਨ੍ਹਾਂ ਦੀ ਕਾਂਟ-ਛਾਂਟ ਅਧਿਆਪਕ ਨੇ ਕਰਨੀ ਹੁੰਦੀ ਹੈ। ਜੇਕਰ ਘਰ ਵਿਚ ਵੱਡਿਆਂ ਦਾ ਆਦਰ ਨਹੀਂ ਕੀਤਾ ਜਾਂਦਾ ਤਾਂ ਬੱਚਾ ਬਾਹਰ ਜਾ ਕੇ ਇਹ ਗੱਲਾਂ ਕਿਵੇਂ ਕਰ ਸਕਦਾ ਹੈ? ਸੋ ਲੋੜ ਹੈ ਘਰ ਵਿਚ ਪਿਆਰ, ਇਤਬਾਰ ਅਤੇ ਸਤਿਕਾਰ ਵਾਲੇ ਵਾਤਾਵਰਨ ਨੂੰ ਸਿਰਜਣ ਦੀ।

### ਪੈਸੇ ਦੀ ਬਹੁਲਤਾ ਨੇ ਬੱਚਿਆਂ ਨੂੰ ਪਾਇਆ ਕੁਰਾਹੇ

ਬੱਚਿਆਂ ਦੇ ਦਿਲ ਦਿਮਾਗ਼ ਵਿਚ ਵੱਡਿਆਂ ਦਾ ਡਰ ਖ਼ਤਮ ਹੋਈ ਜਾ ਰਿਹਾ ਹੈ। ਉਹ ਆਪਣੀ ਜ਼ਿੱਦ ਪੁਗਾ ਰਹੇ ਹਨ। ਜਿਸ ਕਰਕੇ ਸਮਾਜਿਕ ਤਾਣੇ-ਬਾਣੇ ਵਿਚ ਉਲਝਣਾ ਪੈ ਰਹੀਆਂ ਹਨ। ਕਈ ਵਾਰ ਇਕਲੌਤੀ ਔਲਾਦ ਹੋਣ ਕਰਕੇ ਮਾਪੇ ਹਰ ਪ੍ਰਕਾਰ ਦੀ ਸੁੱਖ ਸਹੂਲਤ ਪ੍ਰਦਾਨ ਕਰਨ ਲਈ ਆਪ ਔਖੇ ਹੋ ਰਹੇ ਹਨ ਪਰ ਬੱਚਿਆਂ ਨੂੰ ਖ਼ੁਸ਼ ਰੱਖਣ ਲਈ ਕੋਈ ਕਸਰ ਬਾਕੀ ਨਹੀਂ ਛੱਡਦੇ। ਦੂਜੇ ਪਾਸੇ ਕੁਝ ਬੱਚੇ ਮਾਪਿਆਂ ਦੇ ਇਸ ਲਾਡ ਪਿਆਰ ਦਾ ਨਜਾਇਜ਼ ਫਾਇਦਾ ਉਠਾ ਕੇ ਮਨ ਮਰਜ਼ੀਆਂ ਕਰ ਰਹੇ ਹਨ ਤੇ ਇਹ ਮਰਜ਼ੀਆਂ ਮਾਂ ਬਾਪ ਨੂੰ ਚਿੰਤਾ ਵਿਚ ਪਾ ਰਹੀਆਂ ਹਨ। ਮਾਪੇ ਬੱਚਿਆਂ ਅੱਗੇ ਵਿਚਾਰੇ ਬਣਦੇ ਜਾ ਰਹੇ ਹਨ। ਖ਼ਾਸ ਕਰ ਮਾਵਾਂ ਦੇ ਲਾਡ ਨੇ ਉਨ੍ਹਾਂ ਨੂੰ ਬਹੁਤ ਸਾਰੀਆਂ ਖੁੱਲ੍ਹਾਂ ਦੇ ਰੱਖੀਆਂ ਨੇ। ਪੈਸੇ ਦੀ ਬਹੁਲਤਾ ਨੇ ਵੀ ਬਾਲ ਜੀਵਨ ਨੂੰ ਸਹੀ ਦਿਸ਼ਾ ਵੱਲ ਘੱਟ ਅਤੇ ਕੁਰਾਹੇ ਜ਼ਿਆਦਾ ਪਾਇਆ ਹੈ। ਕਿਸੇ ਨੇ ਸੱਚ ਹੀ ਕਿਹਾ ਹੈ :

ਅੱਤ ਨਾ ਭਲਾ ਮੇਘਲਾ
ਅੱਤ ਨਾ ਭਲੀ ਧੁੱਪ
ਅੱਤ ਨਾ ਭਲਾ ਬੋਲਣਾ
ਅੱਤ ਨਾ ਭਲੀ ਚੁੱਪ...

ਅੱਤ ਕਿਸੇ ਚੀਜ਼ ਦੀ ਹੋਵੇ ਉਹ ਮਾੜੀ ਹੀ ਹੁੰਦੀ ਹੈ। ਮਾਪਿਆਂ ਲਈ ਇਹ ਘੜੀ ਸੰਤੁਲਨ ਕਾਇਮ ਕਰਨ ਦੀ ਬਣ ਗਈ ਹੈ। ਜਿਸ ਨਾਲ ਬਾਲ ਜੀਵਨ 'ਤੇ ਨਿਖਾਰ ਆ ਸਕੇ। ਜਿਸ ਨਾਲ ਬੱਚੇ-ਬੱਚੀਆਂ ਉੱਚੀਆਂ ਮੰਜ਼ਿਲਾਂ ਦੀ ਰਾਹੇ ਤੁਰਨ ਦੇ ਸਮਰੱਥ ਹੋ ਸਕਣ।

### ਮਾਪਿਆਂ ਕੋਲ ਬੱਚਿਆਂ ਲਈ ਵਿਹਲ ਨਹੀਂ

*2013 ਵਿਚ ਘੜੀ ਗਈ ਕੌਮੀ ਸਿੱਖਿਆ ਨੀਤੀ ਤਹਿਤ ਇਕ ਅਹਿਮ ਤੱਥ ਸਾਹਮਣੇ ਆਇਆ ਸੀ ਕਿ 'ਤਿੰਨ ਤੋਂ ਛੇ ਸਾਲ ਦੇ ਬੱਚਿਆਂ ਨੂੰ ਪੜ੍ਹਾਉਣ ਦੀ ਲੋੜ ਨਹੀਂ ਸਗੋਂ ਪੜ੍ਹਨ ਦੇ ਕਾਬਲ ਬਨਾਉਣ ਦਾ ਅਭਿਆਸ ਨਿਪੁੰਨ ਅਧਿਆਪਕਾਂ ਦੁਆਰਾ ਕਰਵਾਇਆ ਜਾਣਾ ਲੋੜੀਂਦਾ ਹੈ'। ਇਸ ਵਿਚਾਰ ਨੂੰ 2017-18 ਵਿਚ ਪੰਜਾਬ ਸਰਕਾਰ ਨੇ ਨਰਸਰੀ ਜਮਾਤਾਂ ਦੁਆਰਾ ਸਕੂਲਾਂ ਵਿਚ ਕਿਵੇਂ ਸ਼ੁਰੂ ਕੀਤਾ ਹੈ? ਇਸ ਬਾਰੇ ਅਸੀਂ ਸਭ ਭਲੀ-ਭਾਂਤ ਜਾਣਦੇ ਹਾਂ। ਸਰਕਾਰ ਦੇ ਯਤਨਾਂ ਨੂੰ ਤਦ ਹੀ ਬੂਰ ਪੈ ਸਕਦਾ ਹੈ ਜੇਕਰ ਸਾਡੇ ਮਾਪੇ ਜਾਗ੍ਰਿਤ ਹੋਣਗੇ। ਮਾਪਿਆਂ ਕੋਲ ਬੱਚਿਆਂ ਲਈ ਵਿਹਲ ਘੱਟ ਗਿਆ ਹੈ। ਜੇ ਦੋਨੋਂ ਜੀਅ ਨੌਕਰੀ ਪੇਸ਼ਾ ਹਨ ਤਾਂ ਉਨ੍ਹਾਂ ਦੇ ਬੱਚੇ ਉਨ੍ਹਾਂ ਕੋਲ ਬਹੁਤ ਥੋੜ੍ਹਾ ਸਮਾਂ ਰਹਿੰਦੇ ਹਨ ਜਾਂ ਇੰਜ ਕਹੀਏ ਕਿ ਸਿਰਫ਼ ਰਾਤ ਨੂੰ ਕੋਲ ਸੌਂਦੇ ਹਨ। ਦੂਜੇ ਪਾਸੇ ਸਧਾਰਨ ਮਾਪਿਆਂ ਦਾ ਰੋਜ਼ੀ ਰੋਟੀ ਦਾ ਚੱਕਰ ਐਨਾ ਪੇਚੀਦਾ ਹੈ ਕਿ ਉਨ੍ਹਾਂ ਨੂੰ ਸਿੱਖਿਆ ਬਾਰੇ ਸੁਪਨਾ ਭੁੱਲ ਕੇ ਵੀ ਨਹੀਂ ਆਉਂਦਾ। ਅਜਿਹੇ ਹਲਾਤਾਂ ਵਿਚ ਤੁਸੀਂ ਖੁਦ ਅੰਦਾਜ਼ਾ ਲਾ ਸਕਦੇ ਹੋ ਕਿ ਸਾਡੀ ਨਵੀਂ ਪਨੀਰੀ ਕਿਹੋ-ਜਿਹੀ ਬਣੇਗੀ?*



### ਜੁਆਨੀ ਦੀ ਦਹਿਲੀਜ਼ 'ਤੇ ਖੜ੍ਹੇ ਬੱਚੇ

ਅੱਜ ਹਰ ਮਾਪੇ ਲਈ ਇਹ ਚਣੌਤੀ ਬਣ ਗਈ ਹੈ ਕਿ ਉਹ ਆਪਣੇ ਬੱਚਿਆਂ ਵਾਸਤੇ ਸਮਾਂ ਕਿਵੇਂ ਕੱਢੇ? ਇਸ ਮੁਸ਼ਕਿਲ ਦੇ ਰੂਬਰੂ ਹੁੰਦਿਆਂ ਅਸੀਂ ਸਫ਼ਲ ਮਾਪੇ ਬਣ ਸਕਦੇ ਹਾਂ। ਜਦੋਂ ਅਸੀਂ ਉਨ੍ਹਾਂ ਦੇ ਪਾਲਣ-ਪੋਸ਼ਣ ਵਿਚ ਸਫ਼ਲ ਹੋ ਜਾਂਦੇ ਹਾਂ ਫਿਰ ਜੁਆਨੀ ਦੀ ਦਹਿਲੀਜ਼ 'ਤੇ ਖੜ੍ਹਾ ਬੱਚਾ ਜਦੋਂ ਸਹੀ ਦਿਸ਼ਾ ਵੱਲ ਤੁਰ ਪਿਆ ਤਾਂ ਹੀ ਮਾਪੇ ਤੇ ਅਧਿਆਪਕ ਦੇ ਯਤਨਾਂ ਨੂੰ ਸਫ਼ਲ ਹੋਏ ਮੰਨਿਆ ਜਾ ਸਕਦਾ ਹੈ। ਇਕ ਅਹਿਮ ਸਵਾਲ ਇਹ ਹੈ, ਕੀ ਮਾਪਿਆਂ ਦੁਆਰਾ ਬੱਚੇ ਦੀ ਹਰ ਮੰਗ ਪੂਰੀ ਕਰਨੀ ਜ਼ਰੂਰੀ ਹੈ? ਹਾਂ ਜਾਇਜ਼ ਮੰਗ ਜ਼ਰੂਰੀ ਹੈ। ਲੋੜੋਂ ਵੱਧ ਦਿੱਤੀ ਖੁੱਲ੍ਹ ਕਿਸੇ ਦੇ ਵੀ ਭਲੇ ਵਿਚ ਨਹੀਂ ਹੁੰਦੀ। ਜਿਹੜੇ ਮਾਪਿਆਂ ਦੇ ਬੱਚੇ ਸੜਕਾਂ 'ਤੇ ਪਟਾਕੇ ਵਜਾਉਂਦੇ ਫਿਰਦੇ ਹਨ ਉਸ ਲਈ ਕਿਸ ਨੂੰ ਦੋਸ਼ ਦੇਈਏ? ਅੱਜ ਲੋੜ ਬਣ ਗਈ ਹੈ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਘਰ ਅਤੇ ਸਕੂਲ ਵਿਚ ਨਿਰੰਤਰ ਪੜ੍ਹਾਇਆ ਜਾਵੇ। ਲੋੜੋਂ ਵੱਧ ਦਿੱਤੀਆਂ ਖੁੱਲ੍ਹਾਂ ਨਵੀਂ ਪਨੀਰੀ ਨੂੰ ਨਿਘਾਰ ਵੱਲ ਲਿਜਾ ਰਹੀਆਂ ਹਨ।

### ਨਵੀਂ ਪੀੜ੍ਹੀ ਦੀ ਸੋਚ

ਸਮਾਜ ਨੂੰ ਨਰੋਆ ਕਰਨ ਲਈ ਨਵੀਂ ਪੀੜ੍ਹੀ ਦੀ ਸੋਚ ਦਾ ਨਿੱਗਰ ਹੋਣਾ ਬਹੁਤ ਜ਼ਰੂਰੀ ਹੈ। ਮੁੰਡੇ ਕੁੜੀ ਦੇ ਫ਼ਰਕ ਕਾਰਨ ਹੀ ਧੀਆਂ ਭੈਣਾਂ ਦੀਆਂ ਇਜ਼ਤਾਂ ਨਾਲ ਖਿਲਵਾੜ ਹੋ ਰਿਹਾ ਹੈ। ਜਿਸ ਮਾਂ ਨੇ ਆਪਣੇ ਪੁੱਤਰ ਨੂੰ ਭੈਣ ਦਾ ਆਦਰ ਸਿਖਾਇਆ ਹੁੰਦਾ ਹੈ ਉਹ ਕਦੀ ਵੀ ਅਜਿਹੀ ਹਰਕਤ ਨਹੀਂ ਕਰਦਾ ਜਿਸ ਨਾਲ ਮਾਪਿਆਂ ਤੇ ਸਮਾਜ ਨੂੰ ਸ਼ਰਮਸਾਰ ਹੋਣਾ ਪਵੇ। ਮਾਪਿਆਂ ਦਾ ਬੱਚਿਆਂ ਸਿਰੋਂ ਡਰ ਅਤੇ ਅਧਿਆਪਕਾਂ ਦਾ ਆਦਰ ਖ਼ਤਮ ਹੋਣ ਕਾਰਨ ਸਮਾਜ ਆਏ ਦਿਨ ਨਿਘਾਰ ਵੱਲ ਵੱਧ ਰਿਹਾ ਹੈ।

### ਚੰਗੇ ਵਿਅਕਤੀਆਂ ਨਾਲ ਸੰਵਾਦ

ਬੱਚਿਆਂ ਦੀ ਮਾਪਿਆਂ ਅਤੇ ਚੰਗੇ ਵਿਅਕਤੀਆਂ ਨਾਲ ਸੰਵਾਦ ਰਚਾਉਣ ਦੀ ਵਿਸ਼ੇਸ਼ ਲੋੜ ਹੈ। ਆਪਸੀ ਸਾਂਝ, ਪਿਆਰ, ਸਤਿਕਾਰ ਵਰਗੇ ਨੈਤਿਕ ਮੁੱਲਾਂ ਨਾਲ ਹੀ ਆਪਣੇ ਲਾਡਲੇ ਤੇ ਲਾਡਲੀਆਂ ਦੇ ਜੀਵਨ ਨੂੰ ਸੁਚੱਜਾ ਬਣਾ ਸਕਦੇ ਹਾਂ। ਚੰਗੇ ਸਮਾਜ ਲਈ ਨੈਤਿਕਤਾ ਭਰਪੂਰ ਨਵੀਂ ਪੀੜ੍ਹੀ ਦਾ ਹੋਣਾ ਲਾਜ਼ਮੀ ਹੈ।

98150-18947



# ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਵੱਲੋਂ ਮੋਦੀ ਨਾਲ ਮੁਲਾਕਾਤ

ਨਵੀਂ ਦਿੱਲੀ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਪ੍ਰਧਾਨ ਮੰਤਰੀ ਮੋਦੀ ਨੂੰ ਅਮਰੀਕਾ ਆਉਣ ਦਾ ਰਸਮੀ ਸੱਦਾ ਦਿੱਤਾ।



ਦੋਵਾਂ ਆਗੂਆਂ ਵਿਚਾਲੇ ਹੋਈ ਇਸ ਉੱਚ ਪੱਧਰੀ ਬੈਠਕ ਵਿੱਚ ਰੱਖਿਆ, ਵਪਾਰ, ਊਰਜਾ, ਰਣਨੀਤਕ ਤਕਨਾਲੋਜੀ ਅਤੇ ਇੰਡੋ-ਪੈਸੀਫਿਕ (ਹਿੰਦ-ਪ੍ਰਸ਼ਾਂਤ) ਖੇਤਰ ਵਿੱਚ ਸਹਿਯੋਗ ਸਮੇਤ ਕਈ ਮਹੱਤਵਪੂਰਨ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ਅਤੇ ਇਰਾਨ ਸੰਕਟ ਵਰਗੇ ਗੰਭੀਰ ਵਿਸ਼ਿਆਂ 'ਤੇ ਵੀ ਗੱਲਬਾਤ ਹੋਈ। ਇਸ ਅਹਿਮ ਬੈਠਕ ਵਿੱਚ ਭਾਰਤ ਦੇ ਵਿਦੇਸ਼ ਮੰਤਰੀ ਐਸ. ਜੈਸ਼ੰਕਰ, ਰਾਸ਼ਟਰੀ ਸੁਰੱਖਿਆ ਸਲਾਹਕਾਰ (ਐਨ.ਐਸ.ਏ.) ਅਜੀਤ ਡੋਵਾਲ, ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਅਤੇ ਅਮਰੀਕੀ ਅੰਡਰ ਸੈਕਟਰੀ ਐਲੀਸਨ ਹੂਕਰ ਵੀ ਮੌਜੂਦ ਸਨ।

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਇਹ ਭਾਰਤ ਯਾਤਰਾ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਚੀਨ ਦੌਰੇ ਦੇ ਬਿਲਕੁਲ 7 ਦਿਨਾਂ ਬਾਅਦ ਹੋ ਰਹੀ ਹੈ। ਇਸ ਕਾਰਨ ਅਮਰੀਕੀ ਮੀਡੀਆ ਵਿੱਚ ਇਸ ਫੇਰੀ ਨੂੰ ਲੈ ਕੇ ਕਈ ਤਰ੍ਹਾਂ ਦੀਆਂ ਚਰਚਾਵਾਂ ਛਿੜ ਗਈਆਂ ਹਨ। ਅਮਰੀਕੀ ਮੀਡੀਆ ਦਾ ਕਹਿਣਾ ਹੈ ਕਿ ਰੂਬੀਓ ਦੀ ਇਹ ਭਾਰਤ ਫੇਰੀ ਸਿਰਫ਼ ਇੱਕ ਆਮ ਸਫ਼ਾਰਤੀ ਯਾਤਰਾ ਨਹੀਂ ਹੈ, ਸਗੋਂ ਇਹ ਇੱਕ 'ਡੈਮੇਜ ਕੰਟਰੋਲ ਮਿਸ਼ਨ' ਵੀ ਹੈ।

ਨਿਊਯਾਰਕ ਟਾਈਮਜ਼ ਦੀ ਇੱਕ ਰਿਪੋਰਟ ਮੁਤਾਬਕ ਟਰੰਪ ਦੇ ਹਾਲ ਹੀ ਵਿੱਚ ਹੋਏ ਚੀਨ ਦੌਰੇ ਨੇ ਏਸ਼ੀਆ ਦੀ ਰਾਜਨੀਤੀ ਵਿੱਚ ਇੱਕ ਨਵੀਂ ਚਿੰਤਾ ਪੈਦਾ ਕਰ ਦਿੱਤੀ ਹੈ।

ਪੇਈਚਿੰਗ ਵਿੱਚ ਆਪਣੇ ਦੌਰੇ ਦੌਰਾਨ ਰਾਸ਼ਟਰਪਤੀ ਟਰੰਪ ਨੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਦੀ ਖੁੱਲ੍ਹ ਕੇ ਤਾਰੀਫ਼ ਕੀਤੀ ਸੀ ਅਤੇ ਉਨ੍ਹਾਂ ਨੂੰ ਇੱਕ ਮਹਾਨ ਨੇਤਾ ਅਤੇ ਆਪਣਾ ਖ਼ਾਸ ਦੋਸਤ ਦੱਸਿਆ ਸੀ, ਜਿਸ ਤੋਂ ਬਾਅਦ ਹੁਣ ਭਾਰਤ ਨਾਲ ਰਿਸ਼ਤਿਆਂ ਵਿੱਚ ਸੰਤੁਲਨ ਬਣਾਉਣ ਲਈ ਅਮਰੀਕਾ ਵੱਲੋਂ ਇਹ ਕਦਮ ਚੁੱਕਿਆ ਜਾ ਰਿਹਾ ਹੈ।

# ਮੈਦਾਨ 'ਚ ਬੀਬੀਆਂ ਪਰ ਮਾਈਕ 'ਤੇ ਪਤੀਆਂ ਦਾ ਕਬਜ਼ਾ

ਰੋਪੜ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਰੋਪੜ ਜ਼ਿਲ੍ਹੇ ਵਿੱਚ ਹੋ ਰਹੀਆਂ ਨਗਰ ਕੌਂਸਲ ਚੋਣਾਂ ਜ਼ਮੀਨੀ ਪੱਧਰ ਦੀ ਲੋਕਸ਼ਾਹੀ ਵਿੱਚ ਇੱਕ ਨਵਾਂ ਅਧਿਆਏ ਲਿਖ ਰਹੀਆਂ ਹਨ, ਜਿੱਥੇ ਚੋਣ ਮੈਦਾਨ ਵਿੱਚ ਮਹਿਲਾਵਾਂ ਦੀ ਗਿਣਤੀ ਮਰਦਾਂ ਨਾਲੋਂ ਕਿਤੇ ਵੱਧ ਹੈ। ਪਰ ਇਸ ਦੇ ਨਾਲ ਹੀ ਇੱਕ ਦਿਲਚਸਪ ਸਿਆਸੀ ਹਕੀਕਤ ਵੀ ਸਾਹਮਣੇ ਆ ਰਹੀ ਹੈ ਕਿ ਚੋਣਾਂ ਬੀਬੀਆਂ ਲੜ ਰਹੀਆਂ ਹਨ, ਪਰ ਪ੍ਰਚਾਰ ਦਾ ਸਾਰਾ ਜ਼ੋਰ ਉਨ੍ਹਾਂ ਦੇ ਪਤੀ ਅਤੇ ਪੁੱਤਰ ਲਾ ਰਹੇ ਹਨ। ਜ਼ਿਲ੍ਹੇ ਦੀਆਂ ਸਾਰੀਆਂ 5 ਨਗਰ ਕੌਂਸਲਾਂ ਵਿੱਚ ਇਸ ਵਾਰ 150 ਮਰਦਾਂ ਦੇ ਮੁਕਾਬਲੇ 171 ਮਹਿਲਾਵਾਂ ਚੋਣ ਮੈਦਾਨ ਵਿੱਚ ਨਿੱਤਰੀਆਂ ਹਨ।ਮਹਿਲਾ ਰਾਖਵੇਂਕਰਨ ਅਤੇ ਸਿਆਸੀ ਪਾਰਟੀਆਂ ਦੀ ਰਣਨੀਤੀ ਕਾਰਨ ਬੈਲਟ ਪੇਪਰ 'ਤੇ ਔਰਤਾਂ ਦੀ ਨੁਮਾਇੰਦਗੀ ਬੇਮਿਸਾਲ ਤੌਰ 'ਤੇ ਵਧੀ ਹੈ। ਪਰ ਜੇਕਰ ਤੁਸੀਂ ਕਿਸੇ ਮੋਹੱਲਾ ਮੀਟਿੰਗ, ਨੁੱਕੜ ਸਭਾ ਜਾਂ ਚੋਣ ਰੈਲੀ ਵਿੱਚ ਜਾਓ, ਤਾਂ ਕਹਾਣੀ ਕੁਝ ਹੋਰ ਹੀ ਨਜ਼ਰ ਆਉਂਦੀ ਹੈ। ਵਾਰਡਾਂ ਵਿੱਚ ਲੱਗੇ ਚੋਣ ਬੈਨਰ ਖੁਦ ਆਪਣੀ ਕਹਾਣੀ ਬਿਆਨ ਕਰਦੇ ਹਨ। ਪੋਸਟਰ ਦੇ ਇੱਕ ਕੋਨੇ ਵਿੱਚ ਮਹਿਲਾ ਉਮੀਦਵਾਰ ਦੀ ਤਸਵੀਰ ਹੁੰਦੀ ਹੈ, ਜਦੋਂ ਕਿ ਉਸ ਦੇ ਬਿਲਕੁਲ ਨਾਲ ਉਸ ਦੇ ਪਤੀ ਦੀ ਵੱਡੀ ਸਾਰੀ ਤਸਵੀਰ ਛਾਪੀ ਗਈ ਹੁੰਦੀ ਹੈ, ਜਿਸ ਵਿੱਚ ਉਹ ਹੱਥ ਬੰਨ੍ਹ ਕੇ ਨੇਤਾ ਵਾਲੀ ਦਿੱਖ ਵਿੱਚ ਨਜ਼ਰ ਆਉਂਦੇ ਹਨ। ਕੁਝ ਥਾਵਾਂ 'ਤੇ ਤਾਂ ਸਥਾਨਕ ਲੋਕ ਮਜ਼ਾਕ ਵਿੱਚ ਕਹਿੰਦੇ ਹਨ ਕਿ ਪੋਸਟਰ ਦੇਖ ਕੇ ਪਤੀ ਹੀ ਅਸਲੀ ਉਮੀਦਵਾਰ ਜਾਪਦਾ ਹੈ। ਰੋਪੜ ਸ਼ਹਿਰ ਦੇ ਇੱਕ ਚਾਹ ਵਿਕਰੇਤਾ ਨੇ ਹੱਸਦਿਆਂ ਕਿਹਾ, ਮੈਡਮ ਦਾ ਨਾਮ ਬੈਲਟ ਪੇਪਰ 'ਤੇ ਹੈ, ਪਰ ਸਾਹਿਬ ਦੀ ਆਵਾਜ਼ ਹਰ ਲਾਊਡਸਪੀਕਰ 'ਤੇ ਗੂੰਜ ਰਹੀ ਹੈ। ਘਰ-ਘਰ ਪ੍ਰਚਾਰ ਦੌਰਾਨ ਅਕਸਰ ਪਤੀ ਹੀ ਵਿਕਾਸ ਯੋਜਨਾਵਾਂ, ਸਫ਼ਾਈ, ਸੀਵਰੇਜ ਅਤੇ ਸੜਕਾਂ ਦੇ ਮੁੱਦਿਆਂ 'ਤੇ ਜੋਸ਼ੀਲੀਆਂ ਤਕਰੀਰਾਂ ਕਰਦੇ ਹਨ।

# ਅਕਾਲੀ ਦਲ ਦੀ ਸਰਕਾਰ ਬਣਦਿਆਂ ਹੀ ਮੁਲਾਜ਼ਮ ਖੁਸ਼ ਕਰ ਦਿਆਂਗੇ : ਸੁਖਬੀਰ ਬਾਦਲ

ਸ੍ਰੀ ਮੁਕਤਸਰ ਸਾਹਿਬ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਸੁਖਬੀਰ ਸਿੰਘ ਬਾਦਲ ਨੇ ਗਿਦੜਬਾਹਾ ਵਿਖੇ ਇਕ ਚੋਣ ਜਲਸੇ ਨੂੰ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਦਿਆਂ ਹੀ ਪਹਿਲਾ ਕੰਮ ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਮਹਿੰਗਾਈ ਭੱਤਾ ਵਧਾ ਕੇ ਉਨ੍ਹਾਂ ਨੂੰ ਖੁਸ਼ ਕਰਨ ਦਾ ਹੋਵੇਗਾ। ਇਹ ਵਾਧਾ ਮੁਲਕ ਦੇ ਸਾਰੇ ਸੂਬਿਆਂ ਤੋਂ ਵੱਧ ਹੋਵੇਗਾ।

ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਸਮੇਂ ਮੁਲਾਜ਼ਮਾਂ ਨੂੰ ਰੋਜ਼ਾਨਾ ਧਰਨੇ ਮੁਜ਼ਾਹਰੇ ਕਰਨੇ ਪੈ ਰਹੇ ਹਨ ਕਿ ਪਰ ਸਰਕਾਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕਰ ਰਹੀ। ਦਿੱਲੀ ਅਧਾਰਿਤ ਪਾਰਟੀਆਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ, ਸਿਰਫ ਖੇਤਰੀ ਪਾਰਟੀ ਹੀ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਲਿਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਰ ਮੁਹਾਜ਼ 'ਤੇ ਫੇਲ੍ਹ ਹੈ ਅਤੇ ਹੁਣ ਜਾਣ ਵਾਲੀ ਹੈ। ਉਨ੍ਹਾਂ ਕਿਹਾ ਕਿ ਲੋਕ ਅਕਾਲੀ ਦਲ ਦੀ ਸਰਕਾਰ ਦਾ ਸਮਾਂ ਚੇਤੇ ਕਰ ਰਹੇ ਹਨ ਜਦੋਂ ਸੂਬੇ ਵਿਚ ਅਣਕਿਆਸਾ ਵਿਕਾਸ ਤੇ ਪੂਰਨ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਸੀ।

ਉਸ ਵੇਲੇ ਦੀਆਂ ਬਣੀਆਂ ਸੜਕਾਂ, ਸੀਵਰੇਜ ਤੇ ਲਾਈਟਾਂ ਦੀ ਸਹੂਲਤ ਨੂੰ ਦਰੁੱਸਤ ਕਰਨ ਵਾਸਤੇ ਕੱਖ ਵੀ ਨਹੀਂ ਕੀਤਾ ਗਿਆ। ਫਿਰੌਤੀਆਂ ਨਿੱਤ ਦਾ ਕੰਮ ਬਣ ਗਿਆ ਹੈ। ਇਸ ਲਈ ਪੰਜਾਬ ਦੇ ਲੋਕ ਮਨ ਬਣਾਈ ਬੈਠੇ ਹਨ ਕਿ ਅਕਾਲੀ ਦਲ ਦੀ ਸਰਕਾਰ ਬਣਾਈ ਜਾਵੇ।

# ਆਪ ਨੇ ਮੈਨੂੰ ਬਦਨਾਮ ਕਰਨ ਲਈ ਹੱਥਕੰਢੇ ਅਪਣਾਏ : ਬਿੱਟੂ

ਬਠਿੰਡਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸ਼ਨਿੱਚਰਵਾਰ ਨੂੰ ਬਠਿੰਡਾ ਵਿੱਚ ਨਗਰ ਨਿਗਮ ਚੋਣ ਪ੍ਰਚਾਰ ਦੌਰਾਨ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਅਤੇ ਸੂਬਾ ਸਰਕਾਰ 'ਤੇ ਤਿੱਖਾ ਨਿਸ਼ਾਨ ਸੇਧਿਆ। ਉਨ੍ਹਾਂ ਦੋਸ਼ ਲਾਇਆ ਕਿ 'ਆਪ' ਨੇ ਪੰਜਾਬੀਆਂ ਨੂੰ ਹਿੰਦੀ ਬੋਲਣ ਲਈ ਮਜਬੂਰ ਕਰਨ ਅਤੇ ਡਰੱਗ ਸੈਂਸਸ ਵਰਗੇ ਕਦਮਾਂ ਰਾਹੀਂ ਉਨ੍ਹਾਂ ਨੂੰ ਬਦਨਾਮ ਕਰਨ ਦੇ ਹੱਥਕੰਡੇ ਅਪਣਾਏ ਹਨ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਇੱਕ ਕੈਬਨਿਟ ਮੰਤਰੀ ਨੇ ਹਿੰਦੀ ਦਾ ਮੁੱਦਾ ਚੁੱਕਦਿਆਂ ਕਿਹਾ ਸੀ ਕਿ 70 ਫੀਸਦੀ ਵਿਧਾਇਕਾਂ ਨੂੰ ਹਿੰਦੀ ਬੋਲਣ ਲਈ ਮਜਬੂਰ ਕੀਤਾ ਗਿਆ।

ਉਨ੍ਹਾਂ ਦੋਸ਼ ਲਾਇਆ, ਇਹ ਉਨ੍ਹਾਂ ਦੇ ਹੱਥਕੰਡੇ ਹਨ, ਪੰਜਾਬੀਆਂ ਤੋਂ ਹਿੰਦੀ ਬੁਲਾਉਣਾ ਅਤੇ ਉਨ੍ਹਾਂ ਨੂੰ ਨਸ਼ੇੜੀ ਵਜੋਂ ਪੇਸ਼ ਕਰਨਾ। ਉਨ੍ਹਾਂ ਦਾਅਵਾ ਕੀਤਾ ਕਿ 'ਆਪ' ਸਰਕਾਰ ਖ਼ਿਲਾਫ਼ ਲੋਕਾਂ ਦਾ ਗੁੱਸਾ ਹੁਣ 2017 ਅਤੇ 2022 ਵਿੱਚ ਸਿਆਸੀ ਪਾਰਟੀਆਂ ਖ਼ਿਲਾਫ਼ ਰਹੀ ਨਾਰਾਜ਼ਗੀ ਨਾਲੋਂ ਵੀ ਕਿਤੇ ਵੱਧ ਹੈ।



ਹਾਲਾਂਕਿ ਹਿੰਦੀ ਬਾਰੇ ਆਪਣੀਆਂ ਟਿੱਪਣੀਆਂ ਦਾ ਬਚਾਅ ਕਰਦਿਆਂ ਬਿੱਟੂ ਨੇ ਇੱਕ ਗਾਇਕ ਦਾ ਹਵਾਲਾ ਦੇ ਕੇ ਕਿਹਾ ਕਿ ਪੰਜਾਬੀ ÷ਮਾਂ ਬੋਲੀ÷ ਹੈ, ਜਦੋਂ ਕਿ ਹਿੰਦੀ ÷ਮਾਸੀ÷ ਵਰਗੀ ਹੈ।ਉਨ੍ਹਾਂ ਨੇ ਸੂਬਾ ਸਰਕਾਰ ਦੀ ਡਰੱਗ ਸੈਂਸਸ ਦੀ ਸਖ਼ਤ ਨਿਖੇਧੀ ਕੀਤੀ ਅਤੇ ਨਸ਼ਾ ਕਰਨ ਵਾਲਿਆਂ ਦਾ ਨਿੱਜੀ ਡੇਟਾ (ਜਾਣਕਾਰੀ) ਇਕੱਠਾ ਕਰਨ 'ਤੇ ਸਵਾਲ ਚੁੱਕੇ। ਉਨ੍ਹਾਂ ਦੋਸ਼ ਲਾਇਆ ਕਿ ਵਿਅਕਤੀਆਂ ਨੂੰ ਨਸ਼ੇੜੀ ਵਜੋਂ ਪੇਸ਼ ਕਰਨ ਨਾਲ ਉਨ੍ਹਾਂ ਦੀਆਂ ਨੌਕਰੀਆਂ, ਡਰਾਈਵਿੰਗ ਲਾਇਸੈਂਸਾਂ ਅਤੇ ਵਿਆਹ ਦੇ ਰਿਸ਼ਤਿਆਂ 'ਤੇ ਮਾੜਾ ਅਸਰ ਪੈ ਸਕਦਾ ਹੈ। ਉਨ੍ਹਾਂ ਸਵਾਲ ਕੀਤਾ, ਅੱਜ-ਕੱਲ੍ਹ ਡੇਟਾ ਹੀ ਤਾਕਤ ਹੈ। ਉਹ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਅਤੇ ਨਰਸਾਂ ਦੀ ਕੁੱਲ ਗਿਣਤੀ ਦਾ ਡੇਟਾ ਜਾਰੀ ਕਰਨ ਦੀ ਬਜਾਏ ਅਜਿਹਾ ਡੇਟਾ ਕਿਉਂ ਇਕੱਠਾ ਕਰ ਰਹੇ ਹਨ?

ਬਿੱਟੂ ਨੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪਾਰਟੀ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ 'ਤੇ ਵਾਰ-ਵਾਰ ਨਿਸ਼ਾਨਾ ਸੇਧਿਆ। ਉਨ੍ਹਾਂ ਪਾਰਟੀ ਦੀ ਤੁਲਨਾ ÷ਗੰਦਗੀ÷ ਨਾਲ ਅਤੇ ਇਸ ਦੇ ਆਗੂਆਂ ਦੀ ਤੁਲਨਾ ÷ਕਾਕਰੋਚਾਂ÷ ਨਾਲ ਕੀਤੀ। ਉਨ੍ਹਾਂ ਦਾਅਵਾ ਕੀਤਾ ਕਿ 'ਆਪ' ਦੀ ਝਾੜੂ ਛੋਟੀ ਹੈ, ਜਦੋਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ÷ਜੈਟਿੰਗ ਅਤੇ ਸੈਕਸ਼ਨ ਮਸ਼ੀਨਾਂ ਹਨ ਜੋ ਕਿਸੇ ਵੀ ਗੰਦਗੀ ਨੂੰ ਹਟਾਉਣ ਅਤੇ ਕਿਸੇ ਵੀ ਰੁਕਾਵਟ ਨੂੰ ਸਾਫ਼ ਕਰਨ ਲਈ ਕਾਫੀ ਸ਼ਕਤੀਸ਼ਾਲੀ ਹਨ।÷ਜੇਲ੍ਹ ਵਿੱਚ ਬੰਦ ਸਾਬਕਾ ਕੈਬਨਿਟ ਮੰਤਰੀ ਸੰਜੀਵ ਅਰੋੜਾ ਦਾ ਜ਼ਿਕਰ ਕਰਦਿਆਂ ਬਿੱਟੂ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੇਜਰੀਵਾਲ ਉਨ੍ਹਾਂ ਨੂੰ ਮਿਲਣ ÷ਹਮਦਰਦੀ ਵਜੋਂ ਨਹੀਂ, ਬਲਕਿ ਇਹ ਪੁੱਛਣ ਗਏ ਸਨ ਕਿ ਪੈਸਾ ਕਿੱਥੇ ਛੁਪਾਇਆ ਗਿਆ ਹੈ।

ਉਨ੍ਹਾਂ ਸੂਬਾ ਸਰਕਾਰ 'ਤੇ ਨੌਕਰੀਆਂ ਅਤੇ ਮੁਲਾਜ਼ਮਾਂ ਨੂੰ ਪੱਕਾ ਕਰਨ ਨਾਲ ਸਬੰਧਤ ਵਾਅਦੇ ਪੂਰੇ ਕਰਨ ਵਿੱਚ ਨਾਕਾਮ ਰਹਿਣ ਦੇ ਵੀ ਦੋਸ਼ ਲਾਏ ਅਤੇ ਕਿਹਾ ਕਿ ਸਰਕਾਰੀ ਮੁਲਾਜ਼ਮਾਂ ਨੂੰ ਵੀ ਮਹਿੰਗਾਈ ਭੱਤੇ (ਡੀ ਏ) ਦੇ ਬਕਾਏ ਲਈ ਅਦਾਲਤਾਂ ਦਾ ਰੁਖ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਬਿੱਟੂ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਚੇਅਰਮੈਨ ਅਮਰਜੀਤ ਸਿੰਘ ਮਹਿਤਾ ਅਤੇ ਉਨ੍ਹਾਂ ਦੇ ਪੁੱਤਰ, ਬਠਿੰਡਾ ਦੇ ਸਾਬਕਾ ਮੇਅਰ ਪਦਮਜੀਤ ਸਿੰਘ ਮਹਿਤਾ ਨੂੰ ਬਠਿੰਡਾ ਦੇ ਸਭ ਤੋਂ ਵੱਡੇ ਧੋਖੇਬਾਜ਼ ਕਰਾਰ ਦਿੱਤਾ।

# ਅਦਾਲਤ ਨੇ ਮੁਹਾਲੀ ਦੇ ਬਿਲਡਰ ਨੂੰ 5 ਦਿਨਾਂ ਦੇ ED ਰਿਮਾਂਡ 'ਤੇ ਭੇਜਿਆ



ਚੰਡੀਗੜ੍ਹ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮੁਹਾਲੀ ਦੇ ਇੱਕ ਬਿਲਡਰ ਅਜੇ ਸਹਿਗਲ ਨੂੰ ਲੰਘੀ ਰਾਤ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਅੱਜ ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ ਹਰਦੀਪ ਸਿੰਘ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਇਸ ਦੌਰਾਨ ਈ ਡੀ ਨੇ ਅਦਾਲਤ ਤੋਂ ਸਹਿਗਲ ਦਾ ਪੰਜ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਹੈ।

ਗੌਰਤਲਬ ਹੈ ਕਿ ਈ ਡੀ ਨੇ ਬੀਤੇ ਕੱਲ੍ਹ ਗਮਾਡਾ ਦੇ ਪੰਜ ਮੈਂਬਰੀ ਸਟਾਫ਼ ਨੂੰ ਸਮੇਤ ਇੰਡੀਅਨ ਕੋਆਪਰੇਟਿਵ ਹਾਊਸਿੰਗ ਬਿਲਡਿੰਗ ਸੁਸਾਇਟੀ (ਸਨਟੈਕ ਸਿਟੀ ਦੇ ਪ੍ਰਮੋਟਰ) ਦੇ ਅਹੁਦੇਦਾਰ ਅਜੇ ਸਹਿਗਲ ਨੂੰ ਵੀ ਤਲਬ ਕੀਤਾ ਸੀ । ਇਸ ਦੌਰਾਨ ਈ ਡੀ ਨੇ ਰਾਤ ਗਮਾਡਾ ਟੀਮ ਨੂੰ ਤਾਂ ਵਾਪਿਸ ਭੇਜ ਦਿੱਤਾ ਸੀ ਪਰ ਬਿਲਡਰ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

ਈ ਡੀ ਅਧਿਕਾਰੀਆਂ ਅਨੁਸਾਰ ਅਜੇ ਸਹਿਗਲ, ਜੋ ਕਿ ਇੰਡੀਅਨ ਕੋਆਪਰੇਟਿਵ ਹਾਊਸ ਬਿਲਡਿੰਗ ਸੁਸਾਇਟੀ ਦਾ ਸਕੱਤਰ ਵੀ ਹੈ, ਨੂੰ ਕੇਂਦਰੀ ਏਜੰਸੀ ਦੇ ਜਲੰਧਰ ਦਫ਼ਤਰ ਵੱਲੋਂ ਸ਼ੁੱਕਰਵਾਰ ਨੂੰ ਪ੍ਰੀਵੈਂਸ਼ਨ ਆਫ਼ ਮਨੀ ਲਾਂਡਰਿੰਗ ਐਕਟ ਤਹਿਤ ਹਿਰਾਸਤ ਵਿੱਚ ਲਿਆ ਗਿਆ ਹੈ। ਐਨਫੋਰਸਮੈਂਟ ਡਾਇਰੈਕਟੋਰੇਟ (54) ਨੇ ਇਸੇ ਮਹੀਨੇ ਦੇ ਸ਼ੁਰੂ ਵਿੱਚ ਸਹਿਗਲ ਅਤੇ 'ਸਨਟੈਕ ਸਿਟੀ' ਪ੍ਰੋਜੈਕਟ ਨਾਲ ਜੁੜੇ ਟਿਕਾਣਿਆਂ ਅਤੇ ਕੁਝ ਹੋਰਨਾਂ ਥਾਵਾਂ 'ਤੇ ਛਾਪੇਮਾਰੀ ਕੀਤੀ ਸੀ।

ਮਨੀ ਲਾਂਡਰਿੰਗ ਦਾ ਇਹ ਮਾਮਲਾ ਪੰਜਾਬ ਪੁਲੀਸ ਵੱਲੋਂ ਦਰਜ ਕੀਤੀ ਗਈ ਇੱਕ ਐੱਫ.ਆਈ.ਆਰ. ਤੋਂ ਉਪਜਿਆ ਹੈ, ਜੋ ਉਨ੍ਹਾਂ ਕਿਸਾਨਾਂ ਤੋਂ ਮਿਲੀ ਸ਼ਿਕਾਇਤ 'ਤੇ ਆਧਾਰਿਤ ਸੀ ਜਿਨ੍ਹਾਂ ਦੀ ਸਹਿਮਤੀ 3*" ਪ੍ਰਾਪਤ ਕਰਨ ਲਈ ਫ਼ਰਜ਼ੀ ਤਰੀਕੇ ਨਾਲ ਤਿਆਰ ਕੀਤੀ ਗਈ ਸੀ। ਈ ਡੀ ਦੇ ਅਨੁਸਾਰ ਸਹਿਗਲ 'ਤੇ 15 ਲੋਕਾਂ ਦੀ ਮਾਲਕੀ ਵਾਲੀ 30.5 ਏਕੜ ਜ਼ਮੀਨ ਦੇ ਸਬੰਧ ਵਿੱਚ ਫ਼ਰਜ਼ੀ ਸਹਿਮਤੀ ਪੱਤਰ ਤਿਆਰ ਕਰਨ ਦਾ ਦੋਸ਼ ਹੈ।ਈ.ਡੀ. ਨੇ ਕਿਹਾ, ਫ਼ਰਜ਼ੀ ਸਹਿਮਤੀ ਪੱਤਰਾਂ ਦੇ ਆਧਾਰ 'ਤੇ, ਮੁਲਜ਼ਮ ਸੰਸਥਾ/ਵਿਅਕਤੀਆਂ ਨੂੰ 'ਸਨਟੈਕ ਸਿਟੀ' ਨਾਮਕ ਇੱਕ ਰੀਅਲ ਅਸਟੇਟ ਮੈਗਾ ਪ੍ਰੋਜੈਕਟ ਵਿਕਸਤ ਕਰਨ ਲਏ ਦਿੱਤਾ ਗਿਆ ਸੀ। ਇਹ ਸਹਿਮਤੀ ਪੱਤਰ ਜ਼ਮੀਨ ਮਾਲਕਾਂ ਦੇ ਫ਼ਰਜ਼ੀ ਦਸਤਖਤਾਂ ਅਤੇ ਅੰਗੂਠੇ ਦੇ ਨਿਸ਼ਾਨਾਂ ਨਾਲ 3*" ਲੈਣ ਲਈ ਤਿਆਰ ਕੀਤੇ ਗਏ ਸਨ।ਸਹਿਗਲ 'ਤੇ ਇਹ ਵੀ ਦੋਸ਼ ਹੈ ਕਿ ਉਸਨੇ ÷ਫ਼ਰਜ਼ੀ÷ ਸਹਿਮਤੀ ਪੱਤਰਾਂ ਨਾਲ ਪ੍ਰਾਪਤ ਕੀਤੇ ਦੇ ਆਧਾਰ 'ਤੇ ਇੱਕ ਰਿਹਾਇਸ਼ੀ ਬਹੁ-ਮੰਜ਼ਿਲਾ ਕੰਪਲੈਕਸ 'ਲਾ ਕੈਨੇਲਾ' ਅਤੇ ਇੱਕ ਵਪਾਰਕ ਕੰਪਲੈਕਸ 'ਡਿਸਟ੍ਰਿਕਟ 7ਵੀ ਵਿਕਸਤ ਕੀਤਾ ਹੈ। ਈ.ਡੀ. ਦੇ ਅਨੁਸਾਰ, ਇਨ੍ਹਾਂ ਪ੍ਰੋਜੈਕਟਾਂ ਵਿੱਚ ਯੂਨਿਟਾਂ ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ ਕੋਲ ਰਜਿਸਟ੍ਰੇਸ਼ਨ ਅਤੇ ਮਨਜ਼ੂਰੀ ਮਿਲਣ ਤੋਂ ਪਹਿਲਾਂ ਹੀ ਵੇਚੀਆਂ ਜਾ ਰਹੀਆਂ ਸਨ।ਈ.ਡੀ. ਨੇ ਦੱਸਿਆ ਕਿ ਮੁਲਜ਼ਮਾਂ ਨੇ ਇਨ੍ਹਾਂ ਗੈਰ-ਕਾਨੂੰਨੀ ਪ੍ਰੋਜੈਕਟਾਂ ਤੋਂ 200 ਕਰੋੜ ਰੁਪਏ ਤੋਂ ਵੱਧ ਦੀ ਵਿਕਰੀ ਕੀਤੀ ਹੈ ਅਤੇ ਸਹਿਗਲ ਨੇ ਅੱਜ ਤੱਕ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਰਾਖਵੇਂ ਪਲਾਟ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (7$141) ਨੂੰ ਤਬਦੀਲ (ਟ੍ਰਾਂਸਫਰ) ਨਹੀਂ ਕੀਤੇ ਹਨ।ਅਧਿਕਾਰੀਆਂ ਨੇ ਦੱਸਿਆ ਕਿ ਟਾਊਨ ਐਂਡ ਕੰਟਰੀ ਪਲੈਨਿੰਗ ਵਿਭਾਗ ਅਤੇ ਗਮਾਡਾ (7$141) ਦੇ ਕੁਝ ਹੋਰ ਸੀਨੀਅਰ ਅਧਿਕਾਰੀਆਂ ਅਤੇ ਸਰਕਾਰੀ ਅਥਾਰਟੀਆਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਉਹ ਇਸ ਮਾਮਲੇ ਵਿੱਚ ਕੁਝ ਹੋਰ ਗ੍ਰਿਫ਼ਤਾਰੀਆਂ ਕਰਨ ਦੀ ਪ੍ਰਕਿਰਿਆ ਵਿੱਚ ਹਨ।

# ਅਦਾਲਤ 'ਚ ਰੀਡਰ ਰਾਣਾ ਵੱਲੋਂ ਪੇਸ਼ ਤੱਥ ਨਹੀਂ ਕਰ ਸਕੇ ਬਚਾਅ

ਚੰਡੀਗੜ੍ਹ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

'ਫੁੱਲ ਤੇ ਤੋਹਫ਼ਾ', ਇਹ ਕਿਸੇ ਕਹਾਣੀ ਦਾ ਸਿਰਲੇਖ ਨਹੀਂ ਬਲਕਿ ਸੀ ਬੀ ਆਈ ਦੇ ਜਾਲ 'ਚ ਫਸੇ ਵਿਜੀਲੈਂਸ ਬਿਊਰੋ ਪੰਜਾਬ ਦੇ ਮੁਖੀ ਦੇ ਰੀਡਰ ਓ ਪੀ ਰਾਣਾ ਵੱਲੋਂ ਆਪਣੇ ਬਚਾਅ ਲਈ ਕੀਤੀ ਪੇਸ਼ਕਾਰੀ ਦਾ ਅੰਸ਼ ਹੈ। ਸੀ ਬੀ ਆਈ ਅਦਾਲਤ 'ਚ ਰੀਡਰ ਰਾਣਾ ਤਰਫ਼ੋਂ ਜੋ ਦਲੀਲਾਂ ਪੇਸ਼ ਹੋਈਆਂ ਹਨ, ਉਨ੍ਹਾਂ ਦਾ ਅਧਾਰ 'ਫੁੱਲ ਤੇ ਤੋਹਫ਼ਾ' ਬਣੇ ਹਨ। ਹਾਲਾਂਕਿ ਰੀਡਰ ਰਾਣਾ ਨੂੰ ਇਹ ਤਰਕ ਅਦਾਲਤ ਚੋਂ ਅਗਾਊਂ ਜ਼ਮਾਨਤ ਤਾਂ ਨਹੀਂ ਦਿਵਾ ਸਕੇ ਪਰ ਰੀਡਰ ਰਾਣਾ ਨੇ ਸੀ ਬੀ ਆਈ ਦੀ ਮਾਰ ਤੋਂ ਬਚਣ ਲਈ ਇੱਕ ਨਵੀਂ ਤਫ਼ਸੀਲ ਅਦਾਲਤ 'ਚ ਪੇਸ਼ ਕੀਤੀ।

ਬਚਾਅ ਪੱਖ ਤਰਫ਼ੋਂ ਅਦਾਲਤ 'ਚ ਤਰਕ ਦਿੱਤਾ ਗਿਆ ਕਿ ਜਿਸ ਸਮੇਂ 11 ਮਈ ਨੂੰ ਸੀ ਬੀ ਆਈ ਨੇ ਮਲੋਟ ਦੇ ਪਿਉ ਪੁੱਤ ਵਿਕਾਸ ਗੋਇਲ ਤੇ ਰਾਘਵ ਗੋਇਲ ਦੇ ਡਰਾਈਵਰ ਅੰਕਿਤ ਵਧਵਾ ਨੂੰ ਜੇ.ਡਬਲਿਊ.ਮੈਰੀਐਟ ਹੋਟਲ 'ਚ 13 ਲੱਖ ਰੁਪਏ ਦੀ ਨਗਦੀ ਤੇ ਮੋਬਾਈਲ ਫ਼ੋਨ ਸਮੇਤ ਦਬੋਚਿਆ ਸੀ ਤਾਂ ਉਸ ਵਕਤ ਰੀਡਰ ਰਾਣਾ 'ਸ਼ਾਮ ਫ਼ੈਸ਼ਨ ਮਾਲ' 'ਚ ਖ਼ਰੀਦਦਾਰੀ (ਤੋਹਫ਼ਾ) ਕਰ ਰਿਹਾ ਸੀ ਅਤੇ ਫੁੱਲਾਂ ਵਾਲੀ ਦੁਕਾਨ ਤੋਂ ਫੁੱਲ ਖ਼ਰੀਦ ਰਿਹਾ ਸੀ।

ਫੁੱਲ ਤੇ ਤੋਹਫ਼ੇ ਦੀ ਖ਼ਰੀਦਦਾਰੀ ਮਗਰੋਂ ਰੀਡਰ ਰਾਣਾ ਨੇ ਸੈਕਟਰ-7 ਦੇ ਹੋਟਲ ਮਾਲੇਸ਼ਵਰਮ 'ਚ ਇੱਕ ਰਿਸ਼ਤੇਦਾਰ ਦੀ ਜਨਮ ਦਿਨ ਪਾਰਟੀ 'ਚ ਸ਼ਾਮਲ ਹੋਣਾ ਸੀ। ਰਾਣਾ ਦੇ ਵਕੀਲਾਂ ਨੇ ਅਦਾਲਤ 'ਚ ਫੁੱਲਾਂ ਵਾਲੀ ਦੁਕਾਨ ਦੀ ਵੀਡੀਓ ਵੀ ਮੌਜੂਦ ਹੋਣ ਦੀ ਗੱਲ ਆਖੀ ਅਤੇ ਇਹ ਵੀ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਸੇ ਡਰ 'ਚ ਭੱਜ ਰਿਹਾ ਹੋਵੇਗਾ ਤਾਂ ਉਹ ਇੰਨੇ ਆਰਾਮ ਨਾਲ ਖ਼ਰੀਦਦਾਰੀ ਕਿਵੇਂ ਕਰੇਗਾ। ਅਦਾਲਤ 'ਚ 'ਸ਼ਾਮ ਫ਼ੈਸ਼ਨ ਮਾਲ' ਦਾ ਬਿੱਲ ਵੀ ਪੇਸ਼ ਕੀਤਾ ਗਿਆ।

ਦੱਸਣਯੋਗ ਹੈ ਕਿ ਸੀ ਬੀ ਆਈ ਟੀਮ ਨੇ ਮੈਰੀਅਟ ਹੋਟਲ 'ਚ ਟਰੈਪ ਮਗਰੋਂ ਰੀਡਰ ਰਾਣਾ ਦੇ ਸੈਕਟਰ 23-ਡੀ ਵਿਚਲੇ ਘਰ 'ਚ ਵੀ ਛਾਪੇਮਾਰੀ ਕੀਤੀ ਸੀ। ਰਾਣਾ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ 'ਤੇ ਬਹਿਸ ਮੌਕੇ ਸੀ ਬੀ ਆਈ ਨੇ ਦਲੀਲ ਦਿੱਤੀ ਕਿ ਜਿਸ 'ਸ਼ਾਮ ਫ਼ੈਸ਼ਨ ਮਾਲ' 'ਚ ਰੀਡਰ ਰਾਣਾ ਵੱਲੋਂ ਖ਼ਰੀਦਦਾਰੀ ਕੀਤੇ ਜਾਣ ਦੀ ਗੱਲ ਕਹੀ ਗਈ ਹੈ, ਉਹ ਫ਼ੈਸ਼ਨ ਮਾਲ ਹੋਟਲ ਮੈਰੀਅਟ ਦੇ ਬਿਲਕੁਲ ਨੇੜੇ ਹੈ ਜਿੱਥੇ ਟਰੈਪ ਲਾਇਆ ਗਿਆ ਸੀ। ਕਹਿਣ ਦਾ ਭਾਵ ਕਿ ਇਹ ਭੂਗੋਲਿਕ ਸਥਿਤੀ ਸਾਬਤ ਕਰਦੀ ਹੈ ਕਿ ਰਾਣਾ ਘਟਨਾ ਮੌਕੇ ਆਸ ਪਾਸ ਸੀ ਅਤੇ ਟਰੈਪ ਦੀ ਕਾਰਵਾਈ ਦਾ ਪਤਾ ਲੱਗਦੇ ਫ਼ਰਾਰ ਹੋ ਗਿਆ।

ਅਦਾਲਤ ਨੇ ਫ਼ੈਸਲੇ 'ਚ ਕਿਹਾ ਕਿ ਸ਼ਾਮ ਫ਼ੈਸ਼ਨ ਮਾਲ ਦਾ ਬਿੱਲ ਰਾਣਾ ਦੇ ਨਾਮ 'ਤੇ ਨਹੀਂ ਸੀ। ਸੀ ਬੀ ਆਈ ਨੇ ਪੱਖ ਪੇਸ਼ ਕੀਤਾ ਕਿ ਟੀਮ ਜਦੋਂ ਰਾਣਾ ਦੀ ਰਿਹਾਇਸ਼ 'ਤੇ ਗਈ ਸੀ ਤਾਂ ਉਸ ਮੌਕੇ ਗਵਾਹਾਂ ਦੀ ਮੌਜੂਦਗੀ 'ਚ ਰਾਣਾ ਦੇ ਪੁੱਤਰ ਹਰਸ਼ ਰਾਣਾ ਨੇ ਆਪਣੇ ਪਿਤਾ ਨੂੰ ਫ਼ੋਨ ਲਾ ਕੇ ਸੀ ਬੀ ਆਈ ਦੀ ਜਾਣਕਾਰੀ ਦਿੱਤੀ ਅਤੇ ਘਰ ਆਉਣ ਲਈ ਕਿਹਾ। ਅੱਗੋਂ ਰਾਣਾ ਨੇ ਸੈਕਟਰ ਸੱਤ 'ਚ ਕਿਸੇ ਰਿਸ਼ਤੇਦਾਰ ਦੀ ਪਾਰਟੀ 'ਚ ਜਾਣ ਦੀ ਗੱਲ ਕਹੀ। ਅਦਾਲਤ 'ਚ ਇਹ ਵੀ ਗੱਲ ਰਿਕਾਰਡ 'ਤੇ ਹੈ ਕਿ ਰਾਣਾ ਦੀ ਪਤਨੀ ਨੀਨਾ ਰਾਣਾ ਨੇ ਵੀ ਸੀ ਬੀ ਆਈ ਟੀਮ ਨੂੰ ਕਿਹਾ ਕਿ ਉਸ ਦੇ ਪਤੀ ਘਰ ਦੇ ਪਿਛਲੇ ਪਾਸੇ ਮੌਜੂਦ ਹਨ।ਜਦੋਂ ਟੀਮ ਉਸ ਜਗ੍ਹਾ 'ਤੇ ਗਈ ਤਾਂ ਰਾਣਾ ਉੱਥੇ ਮੌਜੂਦ ਨਹੀਂ ਸੀ ਅਤੇ ਰਾਣਾ ਦਾ ਡਰਾਈਵਰ ਪੰਕਜ ਚੋਪੜਾ ਘਬਰਾਇਆ ਹੋਇਆ ਖੜ੍ਹਾ ਸੀ ਜਿਸ ਨੇ ਟੀਮ ਨੂੰ ਦੱਸਿਆ ਕਿ ਰਾਣਾ ਗੱਡੀ ਚੋਂ ਉੱਤਰ ਕੇ ਕਿਸੇ ਪ੍ਰਾਈਵੇਟ ਵਾਹਨ 'ਚ ਚਲਾ ਗਿਆ। ਟੀਮ ਸੈਕਟਰ ਸੱਤ ਦੇ ਹੋਟਲ 'ਚ ਵੀ ਗਈ ਜਿੱਥੇ ਰਾਣਾ ਮੌਜੂਦ ਨਹੀਂ ਸੀ। ਸੀ ਬੀ ਆਈ ਅਦਾਲਤ ਨੇ ਬਹਿਸ ਦੀ ਸੁਣਵਾਈ ਮਗਰੋਂ ਓ ਪੀ ਰਾਣਾ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਰੱਦ ਕਰ ਦਿੱਤੀ।

ਅਦਾਲਤੀ ਫ਼ੈਸਲੇ ਵਿੱਚ ਸਾਹਮਣੇ ਆਇਆ ਕਿ ਓ ਪੀ ਰਾਣਾ ਗੈਰ ਕਾਨੂੰਨੀ ਤੌਰ 'ਤੇ ਰੀਡਰ ਦੇ ਅਹੁਦੇ 'ਤੇ ਬੈਠਾ ਹੋਇਆ ਸੀ। ਰਾਣਾ ਦੇ 29 ਜੁਲਾਈ 2020 ਨੂੰ ਆਖ਼ਰੀ ਆਰਡਰ ਏਡੀਜੀਪੀ ਟਰੈਫ਼ਿਕ ਐੱਸ ਐੱਸ ਚੌਹਾਨ ਨਾਲ ਬਤੌਰ ਰੀਡਰ ਹੋਏ ਸਨ। ਰਿਕਾਰਡ ਮੁਤਾਬਿਕ ਉਹ ਏਡੀਜੀਪੀ ਟਰੈਫ਼ਿਕ ਦਾ ਰੀਡਰ ਹੈ ਪਰ ਹਕੀਕਤ 'ਚ ਰਾਣਾ ਵਿਜੀਲੈਂਸ ਮੁਖੀ ਦੇ ਰੀਡਰ ਵਜੋਂ ਬਿਨਾਂ ਆਰਡਰਾਂ ਤੋਂ ਹੀ ਵਿਚਰ ਰਿਹਾ ਸੀ। ਪੰਜਾਬ ਸਰਕਾਰ ਨੇ 18 ਮਈ ਨੂੰ ਰਾਣਾ ਨੂੰ ਮੁਅੱਤਲ ਕਰ ਦਿੱਤਾ ਹੈ।

# ਸੁਖਨਾ ਵਾਇਲਡਲਾਇਫ ਸੈਂਕਚੁਅਰੀ ਅਤੇ ਚੰਡੀਗੜ੍ਹ ਦੇ ਵਣ ਖੇਤਰਾਂ ਵਿੱਚ ਸਮ੍ਰਿੱਧ ਜੈਵਵਿਵਿਧਤਾ ਦਾ ਖੁਲਾਸਾ

ਚੰਡੀਗੜ੍ਹ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਣ ਅਤੇ ਵਣਜੀਵ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਵਾਇਲਡਲਾਇਫ ਇੰਸਟੀਟਿਊਟ ਆਵ? ਇੰਡੀਆ (ਡਬਲਿਊਆਈਆਈ ਦੇ ਸਹਿਯੋਗ ਨਾਲ 20 ਤੋਂ 27 ਨਵੰਬਰ, 2025 ਤੱਕ ਸੁਖਨਾ ਵਾਇਲਡਲਾਇਫ ਸੈਂਕਚੁਅਰੀ ਅਤੇ ਚੰਡੀਗੜ੍ਹ ਦੇ ਆਸਪਾਸ ਦੇ ਵਣ ਖੇਤਰਾਂ ਵਿੱਚ ਵਿਆਪਕ ਰੈਪਿਡ ਮਲਟੀ-ਟੈਕਸਨ ਵਾਇਲਡਲਾਇਫ ਸਰਵੇਖਣ ਸਫ਼ਲਤਾਪੂਰਵਕ ਆਯੋਜਿਤ ਕੀਤਾ।

ਇਹ ਸਰਵੇਖਣ ਲੇਕ ਬੀਟ, ਪਟਿਆਲਾ ਕੀ ਰਾਓ, ਸੁਖਨਾ ਚੋਅ ਫੋਰੈਸਟ, ਬੋਟੈਨੀਕਲ ਗਾਰਡਨ, ਬਟਰਫਲਾਈ ਪਾਰਕ ਅਤੇ ਸਿਟੀ ਬਰਡ ਸੈਂਕਚੁਅਰੀ ਸਹਿਤ ਵਾਤਾਵਰਣ ਪੱਖੋਂ ਮਹੱਤਵਪੂਰਨ
ਖੇਤਰਾਂ ਵਿੱਚ ਕੀਤਾ ਗਿਆ। ਇਸ ਮੁਹਿੰਮ ਵਿੱਚ ਵਣ ਅਧਿਕਾਰੀਆਂ, ਖੋਜਕਰਤਾਵਾਂ, ਗ਼ੈਰ-ਸਰਕਾਰੀ ਸੰਗਠਨਾਂ, ਵਲੰਟੀਅਰਾਂ, ਮੀਡੀਆ ਪ੍ਰਤੀਨਿਧੀਆਂ ਅਤੇ ਹੋਰ ਹਿਤਧਾਰਕਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।

ਮੈਦਾਨੀ ਸਰਵੇਖਣ ਤੋਂ ਪਹਿਲਾਂ 18 ਅਤੇ 19 ਨਵੰਬਰ, 2025 ਨੂੰ ÷ਵਣਜੀਵ ਸਰਵੇਖਣ ਅਤੇ ਤਕਨੀਕਾਂ÷ ਵਿਸ਼ੇ 'ਤੇ ਦੋ ਦਿਨਾਂ ਦੀ ਸਮਰੱਥਾ ਨਿਰਮਾਣ ਵਰਕਸ਼ਾਪ ਆਯੋਜਿਤ ਕੀਤੀ ਗਈ,।ਜਿਸ ਦਾ ਉਦੇਸ਼ ਵਿਭਾਗੀ ਅਧਿਕਾਰੀਆਂ ਅਤੇ ਪ੍ਰਤੀਭਾਗੀਆਂ ਨੂੰ ਵਿਗਿਆਨਿਕ ਸਰਵੇਖਣ ਪੱਧਤੀਆਂ ਦੀ ਟ੍ਰੇਨਿੰਗ ਦੇਣਾ ਸੀ।



ਸਰਵੇਖਣ ਦੇ ਦੌਰਾਨ ਜੈਵ ਵਿਵਿਧਤਾ ਦੇ ਮੁੱਲਾਂਕਣ ਹਿਤ ਲਾਇਨ ਟ੍ਰਾਂਸੈਕਟ, ਸਾਇਨ ਸਰਵੇਖਣ, ਕੈਮਰਾ ਟ੍ਰੈਪਿੰਗ, ਪੁਆਇੰਟ ਕਾਊਂਟ ਸਰਵੇਖਣ ਅਤੇ ਔਡਿਮੈਟ੍ਰਿਕ ਸੈਂਪਲਿੰਗ ਜਿਹੀਆਂ ਵਿਗਿਆਨਿਕ ਤਕਨੀਕਾਂ ਦਾ ਉਪਯੋਗ ਵਰਤੋਂ ਕੀਤਾ ਗਿਆ।

ਸੈਂਕਚੁਅਰੀ ਦੇ 12 ਸਥਾਨਾਂ 'ਤੇ 50 ਨੈਸਟਡ ਕੁਆਡ੍ਰੇਟ ਪਲਾਟ ਲਗਾਏ ਗਏ, ਜਿਨ੍ਹਾਂ ਵਿੱਚ ਕੁੱਲ 79 ਪੌਦਿਆਂ ਦੀਆਂ ਕਿਸਮਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿੱਚ 43 ਰੁੱਖਾਂ ਦੀਆਂ ਕਿਸਮਾਂ, 14 ਝਾੜੀਆਂ ਦੀਆਂ ਕਿਸਮਾਂ ਅਤੇ 22 ਜੜੀ-ਬੂਟੀਆਂ ਦੀਆਂ ਕਿਸਮਾਂ ਸ਼ਾਮਲ ਹਨ। ਯੂਕੇਲਿਪਟਸ ਪ੍ਰਜਾਤੀਆਂ ਪ੍ਰਮੁੱਖ ਰੁੱਖਾਂ ਦੀਆਂ ਕਿਸਮਾਂ ਦੇ ਰੂਪ ਵਿੱਚ ਸਾਹਮਣੇ ਆਈਆਂ, ਜਦਕਿ ਜਸਟਿਸੀਆ ਅਧਾਟੋਡਾ ਨੂੰ ਸਭ ਤੋਂ ਘਣੀ ਝਾੜੀ ਪ੍ਰਜਾਤੀ ਪਾਇਆ ਗਿਆ, ਜੋ ਮਿੱਟੀ ਅਤੇ ਨਮੀ ਦੀ ਸੰਭਾਲ਼ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਬਟਰਫਲਾਈ ਸਰਵੇਖਣ ਵਿੱਚ ਪੰਜ ਪਰਿਵਾਰਾਂ ਨਾਲ ਸਬੰਧਿਤ ਕੁੱਲ 73 ਤਿਤਲੀ ਪ੍ਰਜਾਤੀਆਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿੱਚ ਨਿਮਫਾਲਿਡੀ ਪਰਿਵਾਰ ਪ੍ਰਮੁੱਖ ਰਿਹਾ, ਜਦਕਿ ਯੈਲੋ ਔਰੇਂਜ ਟਿਪ ਸਭ ਤੋਂ ਅਧਿਕ ਸੰਖਿਆ ਵਿੱਚ ਪਾਈ ਗਈ ਪ੍ਰਜਾਤੀ ਰਹੀ। ਸਰਵੇਖਣ ਵਿੱਚ ਪੀ ਬਲੂ, ਕਾਮਨ ਓਨਿਕਸ ਅਤੇ ਇੰਡੀਗੋ ਫਲੈਸ਼ ਜਿਹੀਆਂ ਸ਼ਡਿਊਲ-2 ਤਿਤਲੀ ਪ੍ਰਜਾਤੀਆਂ ਵੀ ਦਰਜ ਕੀਤੀਆਂ ਗਈਆਂ।

ਪੰਛੀ ਸਰਵੇਖਣ ਵਿੱਚ ਕੁੱਲ 132 ਪੰਛੀ ਪ੍ਰਜਾਤੀਆਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 13 ਪ੍ਰਜਾਤੀਆਂ ਵਣਜੀਵ ਸੁਰੱਖਿਆ ਐਕਟ ਦੇ ਤਹਿਤ ਸ਼ਡਿਊਲ-1 ਅਤੇ 117 ਪ੍ਰਜਾਤੀਆਂ ਸ਼ਡਿਊਲ-2 ਦੇ ਤਹਿਤ ਆਉਂਦੀਆਂ ਹਨ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਮੇਅਰ ਗੋਗੀਆ ਵੱਲੋਂ 55 ਲੱਖ ਦੀ ਸੜਕ ਦਾ ਉਦਘਾਟਨ



ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਸ਼ਹਿਰ ਦੇ ਦਸਮੇਸ਼ ਨਗਰ ਤੋਂ ਮੇਨ ਜੇਲ ਰੋਡ ਤੱਕ ਬਣ ਰਹੀ ਲਗਭਗ 2 ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ।

ਓਹਨਾ ਕਿਹਾ ਕਿ ਕਰੀਬ 55 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋ ਰਹੀ ਇਹ ਸੜਕ ਇਲਾਕਾ ਵਾਸੀਆਂ ਦੀ ਪਿਛਲੇ 15 ਸਾਲਾਂ ਤੋਂ ਚੱਲ ਰਹੀ ਮੁੱਖ ਮੰਗ ਸੀ। ਇਸ ਮੌਕੇ ਪਟਿਆਲਾ ਦੇ ਮੇਅਰ ਸ੍ਰੀ ਕੁੰਦਨ ਗੋਗੀਆ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਉਦਘਾਟਨ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰਾਂ ਅਤੇ ਪਿੰਡਾਂ ਦੇ ਵਿਕਾਸ ਲਈ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਸਫਾਈ ਪ੍ਰਬੰਧਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪਹਿਲ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਦਸਮੇਸ਼ ਨਗਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕ ਲੰਮੇ ਸਮੇਂ ਤੋਂ ਇਸ ਸੜਕ ਦੀ ਮੁਰੰਮਤ ਅਤੇ ਨਵੀਂ ਉਸਾਰੀ ਦੀ ਮੰਗ ਕਰ ਰਹੇ ਸਨ। ਸੜਕ ਦੀ ਖਰਾਬ ਹਾਲਤ ਕਾਰਨ ਲੋਕਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਖ਼ਾਸ ਕਰਕੇ ਬਰਸਾਤ ਦੇ ਮੌਸਮ ਵਿੱਚ ਹਾਲਾਤ ਹੋਰ ਵੀ ਮੁਸ਼ਕਿਲ ਬਣ ਜਾਂਦੇ ਸਨ। ਉਨ੍ਹਾਂ ਕਿਹਾ ਕਿ ਹੁਣ ਇਹ ਸੜਕ ਬਣਨ ਨਾਲ ਆਵਾਜਾਈ ਸੁਗਮ ਹੋਵੇਗੀ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਪਟਿਆਲਾ ਸ਼ਹਿਰ ਵਿੱਚ ਹੋਰ ਕਈ ਵਿਕਾਸ ਪ੍ਰੋਜੈਕਟਾਂ 'ਤੇ ਵੀ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ ਤਾਂ ਜੋ ਲੋਕਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਸਕੇ।

ਇਸ ਮੌਕੇ ਮੇਅਰ ਸ੍ਰੀ ਕੁੰਦਨ ਗੋਗੀਆ ਨੇ ਕਿਹਾ ਕਿ ਨਗਰਨਿਗਮ ਪਟਿਆਲਾ ਵੱਲੋਂ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਲੜੀ ਜਾਰੀ ਰਹੇਗੀ।

ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਅਤੇ ਨਗਰ ਨਿਗਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸੜਕ ਉਨ੍ਹਾਂ ਲਈ ਲੰਬੇ ਸਮੇਂ ਤੋਂ ਇੱਕ ਵੱਡੀ ਲੋੜ ਸੀ ਅਤੇ ਹੁਣ ਇਸ ਦੇ ਬਣਨ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੇਗੀ।

ਇਸ ਮੌਕੇ ਜਸਵੀਰ ਗਾਂਧੀ, ਚਰਨਜੀਤ ਐਸ ਕੇ, ਐਮ ਸੀ ਮਨਦੀਪ ਸਿੰਘ ਵਿਰਦੀ, ਐਮ ਸੀ ਦੇਵਿੰਦਰ ਕੌਰ, ਉਪਕਾਰ ਸਿੰਘ ਅਤੇ ਨਗਰ ਨਿਗਮ ਦੇ ਅਧਿਕਾਰੀ ਵੀ ਹਾਜ਼ਰ ਸਨ।

# ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਧੂਰੀ 'ਚ ਕੀਤਾ ਚੋਣ ਪ੍ਰਚਾਰ



ਧੂਰੀ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਅੱਜ ਧੂਰੀ ਦੇ ਵਾਰਡ ਨੰਬਰ 9 ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਅਮਨਦੀਪ ਕੌਰ ਦੇ ਹੱਕ ਵਿੱਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਮਨਦੀਪ ਕੌਰ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣ।

ਇਸ ਦੌਰਾਨ ਸੰਬੋਧਨ ਕਰਦਿਆਂ ਹਰਪਾਲ ਜੁਨੇਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਚਹੁੰ ਪੱਖੀ ਵਿਕਾਸ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਵਿਕਾਸ ਦੇ ਆਧਾਰ 'ਤੇ ਹੀ ਪਾਰਟੀ ਵੱਲੋਂ ਨਗਰ ਕੌਂਸਲ ਚੋਣਾਂ ਵਿੱਚ ਲੋਕਾਂ ਕੋਲੋਂ ਸਮਰਥਨ ਮੰਗਿਆ ਜਾ ਰਿਹਾ ਹੈ।ਉਨ੍ਹਾਂ ਵਾਰਡ ਨੰਬਰ 9 ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਧੂਰੀ ਸ਼ਹਿਰ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ ਹੋਏ ਵਿਕਾਸ ਕਾਰਜ ਸਭ ਦੇ ਸਾਹਮਣੇ ਹਨ ਅਤੇ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਬਾਕੀ ਰਹਿੰਦੇ ਕੰਮ ਮੁਕੰਮਲ ਹੋਣ ਉਪਰੰਤ ਧੂਰੀ ਸੂਬੇ ਦਾ ਇੱਕ ਮਾਡਲ ਸ਼ਹਿਰ ਬਣੇਗਾ।

ਚੋਣ ਪ੍ਰਚਾਰ ਦੌਰਾਨ ਧੂਰੀ ਹਲਕੇ ਦੇ ਮੀਡੀਆ ਕੋਆਰਡੀਨੇਟਰ ਮੰਨੂ ਸ਼ਰਮਾ ਬੇਨੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਵਾਰਡ ਨੰਬਰ 9 ਦੇ ਰਾਮਗੜੀਆ ਪਰਿਵਾਰ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਨਦੀਪ ਕੌਰ ਦੇ ਹੱਕ ਵਿੱਚ ਖੁੱਲ੍ਹ ਕੇ ਸਮਰਥਨ ਦਾ ਐਲਾਨ ਕਰਦਿਆਂ ਵਿਸ਼ਵਾਸ ਜਤਾਇਆ ਕਿ ਉਹ ਵੱਡੀ ਲੀਡ ਨਾਲ ਜਿੱਤ ਦਰਜ ਕਰਨਗੇ।

ਇਸ ਮੌਕੇ ਬਲਵਿੰਦਰ ਸਿੰਘ ਬਿੱਲੂ, ਰਣਧੀਰ ਸਿੰਘ ਧੀਰਾ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਵਾਰਡ ਨੰਬਰ 9 ਦੇ ਨਿਵਾਸੀ ਹਾਜ਼ਰ ਸਨ।

# ਜ਼ਮੀਨ 'ਤੇ ਸੁੱਟ ਕੇ ਮਾਰਿਆ ਦਾਤ, ਖੋਹ ਲਿਆ ਸਕੂਟਰ; ਇੱਕ ਮਹੀਨੇ ਬਾਅਦ ਹੋਈ ਐਫਆਈ ਆਰ ਦਰਜ

ਲੁਧਿਆਣਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਬਿਹਾਰ ਭੇਜਣ ਲਈ ਭੈਣ ਨੂੰ ਟ੍ਰੇਨ ਤੇ ਬਿਠਾਉਣ ਗਈ ਮਹਿਲਾਂ ਨੂੰ ਨਿਸ਼ਾਨਾ ਬਣਾਉਂਦਿਆਂ ਦੋ ਬਦਮਾਸ਼ਾਂ ਨੇ ਉਸਨੂੰ ਜ਼ਮੀਨ ਤੇ ਸੁੱਟ ਕੇ ਪੁੱਠੇ ਦਾਤਾਂ ਨਾਲ ਵਾਰ ਕੀਤੇ ਅਤੇ ਉਸਦਾ ਐਕਟਿਵਾ ਸਕੂਟਰ ਲੁੱਟ ਲਿਆ। ਸੀਤਾ ਦੇਵੀ ਨੇ ਦੱਸਿਆ ਕਿ ਉਹ ਇੱਕ ਮਹੀਨੇ ਤੱਕ ਥਾਣੇ ਦੇ ਗੇੜੇ ਲਗਾਉਂਦੀ ਰਹੀ ਪਰ ਪੁਲਿਸ ਨੇ ਮੁਕਦਮਾ ਦਰਜ ਨਹੀਂ ਕੀਤਾ।

ਕਈ ਵਾਰ ਥਾਣੇ ਦੇ ਚੱਕਰ ਮਾਰਨ ਤੋਂ ਬਾਅਦ ਪੁਲਿਸ ਨੇ ਆਖਰਕਰ ਐਫਆਈਆਰ ਦਰਜ ਕਰਕੇ ਅਗਲੇਰੀ ਪੜਤਾਲ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦਿਆਂ ਸੀਤਾ ਦੇਵੀ ਨੇ ਦੱਸਿਆ ਕਿ ਕੁਝ ਸਮਾਂ ਪਹਿਲੋਂ ਉਸ ਦੀ ਛੋਟੀ ਭੈਣ ਬਿਹਾਰ ਤੋਂ ਉਸ ਦੇ ਘਰ ਸਤਿਗੁਰੂ ਨਗਰ ਆਈ ਸੀ।

24ਅਪਰੈਲ ਤੜਕੇ ਉਹ ਆਪਣੀ ਭੈਣ ਨੂੰ ਬਿਹਾਰ ਭੇਜਣ ਲਈ ਸਟੇਸ਼ਨ ਵੱਲ ਰਵਾਨਾ ਹੋਈ। ਸੀਤਾ ਦੇਵੀ ਨੇ ਗੱਡੀ ਚ ਬਿਠਾਇਆ ਅਤੇ ਸਕੂਟਰ ਤੇ ਸਵਾਰ ਹੋ ਕੇ ਘਰ ਵੱਲ ਪਰਤ ਗਈ। ਸੀਤਾ ਦੇਵੀ ਨੇ ਦੱਸਿਆ ਕਿ ਸਵੇਰੇ 5 ਵਜੇ ਦੇ ਕਰੀਬ ਉਹ ਜਿਵੇਂ ਹੀ ਲੁਹਾਰਾ ਪੁੱਲ ਤੇ ਪਹੁੰਚੀ ਤਾਂ ਮੋਟਰਸਾਈਕਲ ਤੇ ਸਵਾਰ ਹੋ ਕੇ ਦੋ ਨੌਜਵਾਨ ਆਏ। ਬਦਮਾਸ਼ਾਂ ਦੇ ਮਨਸੂਬਿਆਂ ਨੂੰ ਭਾਂਪਦੀ ਹੋਈ ਸੀਤਾ ਦੇਵੀ ਨੇ ਆਪਣੇ ਸਕੂਟਰ ਦੀ ਰਫਤਾਰ ਤੇਜ਼ ਕਰ ਲਈ।ਇਸੇ ਦੌਰਾਨ ਨੂੰ ਬਦਮਾਸ਼ਾਂ ਨੇ ਮੋਟਰਸਾਈਕਲ ਅੱਗੇ ਲਗਾ ਕੇ ਉਸ ਨੂੰ ਜਮੀਨ ਤੇ ਸੁੱਟ ਦਿੱਤਾ। ਸਕੂਟਰ ਬਚਾਉਣ ਲਈ ਸੀਤਾ ਦੇਵੀ ਨੇ ਚਾਬੀ ਕੱਢ ਲਈ ਪਰ ਬਦਮਾਸ਼ਾਂ ਨੇ ਪੁੱਠੇ ਦਾਤ ਨਾਲ ਸੀਤਾ ਦੇਵੀ ਤੇ ਵਾਰ ਕੀਤੇ ਅਤੇ ਉਸਦਾ ਸਕੂਟਰ ਲੁੱਟ ਲਿਆ। ਔਰਤ ਨੇ ਦੱਸਿਆ ਕਿ ਪੂਰੇ ਇੱਕ ਮਹੀਨੇ ਤੱਕ ਉਸਨੇ ਥਾਣੇ ਦੇ ਗੇੜੇ ਮਾਰੇ ਪਰ ਉਸ ਦੀ ਸੁਣਵਾਈ ਨਹੀਂ ਹੋਈ। ਵਾਰਦਾਤ ਦੇ ਇੱਕ ਮਹੀਨੇ ਬਾਅਦ ਪੁਲਿਸ ਨੇ ਐਫਆਈਆਰ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਹਰਚੰਦ ਸਿੰਘ ਬਰਸਟ ਵੱਲੋਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਵਿਸ਼ੇਸ਼ ਮੁਲਾਕਾਤ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਲੁਧਿਆਣਾ ਦੌਰੇ ਦੌਰਾਨ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਸ. ਬਰਸਟ ਨੇ ਸ੍ਰੀ ਅਰਵਿੰਦ ਕੇਜਰੀਵਾਲ ਦਾ ਨਿੱਘਾ ਸਵਾਗਤ ਕੀਤਾ ਅਤੇ ਪੰਜਾਬ ਦੀਆਂ ਮੌਜੂਦਾ ਸਿਆਸੀ ਗਤੀਵਿਧੀਆਂ ਸਮੇਤ ਪਾਰਟੀ ਦੀ ਮਜ਼ਬੂਤੀ ਲਈ ਕੀਤੇ ਜਾ ਰਹੇ ਕਾਰਜਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ।
ਇਸ ਅਹਿਮ ਬੈਠਕ ਦੌਰਾਨ ਸੂਬੇ ਦੇ ਮੌਜੂਦਾ ਰਾਜਨੀਤਿਕ ਹਾਲਾਤ ਅਤੇ ਆਗਾਮੀ ਚੋਣਾਂ ਦੇ ਮੱਦੇਨਜ਼ਰ ਬਣਾਈਆਂ ਜਾ ਰਹੀਆਂ ਰਣਨੀਤੀਆਂ ਅਤੇ ਯੋਜਨਾਵਾਂ ਨੂੰ ਸਾਂਝਾ ਕੀਤਾ ਗਿਆ। ਸ. ਹਰਚੰਦ ਸਿੰਘ ਬਰਸਟ ਨੇ ਕੌਮੀ ਕਨਵੀਨਰ ਨੂੰ ਜਾਣੂ ਕਰਵਾਇਆ ਕਿ ਪੰਜਾਬ ਵਿੱਚ ਪਾਰਟੀ ਦੇ ਵਰਕਰ ਅਤੇ ਆਗੂ ਪੂਰੀ ਤਨਦੇਹੀ ਨਾਲ ਜ਼ਮੀਨੀ



ਪੱਧਰ 'ਤੇ ਸਰਗਰਮ ਹਨ ਅਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾ ਰਹੇ ਹਨ।
ਸ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕ ਪੱਖੀ ਕੰਮ ਕੀਤੇ ਜਾ ਰਹੇ ਹਨ, ਜਿਸਦੇ ਸਦਕਾ ਅੱਜ ਪੰਜਾਬ ਤਰੱਕੀ ਦੀ ਰਾਹ @ਤੇ ਅੱਗੇ ਵੱਧ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਾਰ ਸਾਲਾਂ ਦੌਰਾਨ ਸਾਰਿਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ। ਸਿਹਤ, ਸਿੱਖਿਆ, ਰੁਜ਼ਗਾਰ, ਕਿਸਾਨੀ ਸਮੇਤ ਹਰ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ। ਸ. ਬਰਸਟ ਨੇ ਦੱਸਿਆ ਕਿ ਸ੍ਰੀ ਅਰਵਿੰਦ ਕੇਜਰੀਵਾਲ ਦਾ ਮਾਰਗਦਰਸ਼ਨ ਹਮੇਸ਼ਾ ਹੀ ਸਾਡੇ ਲਈ ਊਰਜਾ ਦਾ ਸਰੋਤ ਰਿਹਾ ਹੈ।
ਪੰਜਾਬ ਦੀ ਲੀਡਰਸ਼ਿਪ ਅਤੇ ਪਾਰਟੀ ਵਰਕਰ ਆਗਾਮੀ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਵਚਨਬੱਧ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਸੂਬੇ ਵਿੱਚ ਹੋਰ ਵੀ ਵੱਡੀ ਇਤਿਹਾਸਕ ਜਿੱਤ ਦਰਜ ਕਰੇਗੀ।

ਤੁਹਾਡੀ ਸਿਹਤ

## ਕੁਦਰਤ ਦਾ ਵਰਦਾਨ ਮੇਥੀ



- ਡਾ. ਹਰਸ਼ਿੰਦਰ ਕੌਰ

ਇੱਕ ਮੈਡੀਕਲ ਕਾਨਫਰੰਸ ਵਿੱਚ ਇੱਕ ਨਵੀਂ ਦਵਾਈ ਬਾਰੇ ਦੱਸਿਆ ਗਿਆ ਕਿ ਇਹ ਸ਼ੱਕਰ ਰੋਗੀਆਂ ਲਈ ਬਹੁਤ ਫ਼ਾਇਦੇਮੰਦ ਸਾਬਤ ਹੋ ਰਹੀ ਹੈ। ਉਸ ਦਵਾਈ ਦਾ ਨਾਂ ਸੀ 'ਫੈਨਫਿਊਰੋ'। ਕਾਨਫਰੰਸ ਦੇ ਅੰਤ ਵਿੱਚ ਦੱਸਿਆ ਗਿਆ ਕਿ ਇਹ ਦਵਾਈ ਮੇਥੀ ਤੋਂ ਬਣਾਈ ਗਈ ਹੈ, ਜਿਸਨੂੰ ਸੁਣ ਕੇ ਸਾਰੇ ਜਣੇ ਹੈਰਾਨ ਰਹਿ ਗਏ ਕਿ ਇਹ ਨਿੱਕੀਆਂ ਜਿਹੀਆਂ ਹਰੀਆਂ ਪੱਤੀਆਂ ਏਨੀਆਂ ਲਾਹੇਵੰਦ ਕਿਵੇਂ ਹੋ ਸਕਦੀਆਂ ਹਨ ? ਉਸ ਕਾਨਫਰੰਸ ਤੋਂ ਬਾਅਦ ਅਮਰੀਕਾ ਵਿੱਚ ਵਰਤੇ ਜਾ ਰਹੇ 'ਫੇਸ ਪੈਕ' ਵਿਖਾਏ ਗਏ, ਜੋ ਮੂੰਹ ਉੱਤੇ ਬਣ ਰਹੇ ਬਲੈਕ ਹੈੱਡਜ਼, ਫਿੰਸੀਆਂ, ਕਿਲ, ਝੁਰੜੀਆਂ ਆਦਿ ਲਈ ਕਮਾਲ ਦਾ ਅਸਰ ਵਿਖਾ ਰਹੇ ਸਨ ਤੇ ਅਮਰੀਕੀ ਔਰਤਾਂ ਦੀ ਪਹਿਲੀ ਪਸੰਦ ਬਣ ਚੁੱਕੇ ਸਨ। ਉਨ੍ਹਾਂ ਵਿੱਚ ਅਸਲ ਚੀਜ਼ 'ਮੇਥੀ' ਸੀ ! ਉੱਥੋਂ ਦੇ ਕਈ ਬਿਊਟੀ ਕਲੀਨਿਕ ਮੇਥੀ ਦੇ ਬੀਜ (ਮੇਥਰੇ) ਪਾਣੀ ਵਿੱਚ ਉਬਾਲ ਕੇ ਉਸ ਨਾਲ ਆਪਣੀਆਂ ਗਾਹਕ ਔਰਤਾਂ ਦਾ ਮੂੰਹ ਚੰਗੀ ਤਰ੍ਹਾਂ ਧੋ ਕੇ, ਤਾਜ਼ੀ ਮੇਥੀ ਦਾ ਲੇਪ ਵੀਹ ਮਿੰਟ ਲਈ ਮੂੰਹ ਉੱਤੇ ਲਾ ਦਿੰਦੇ ਹਨ। ਇਹ ਝੁਰੜੀਆਂ ਅਤੇ ਮੁਹਾਸਿਆਂ ਵਾਸਤੇ ਕਮਾਲ ਦਾ ਅਸਰ ਵਿਖਾਉਂਦੀ ਹੈ।

ਵਾਲਾਂ ਲਈ ਵੀ ਮੇਥੀ ਤੋਂ ਬਣੇ ਸ਼ੈਂਪੂ ਸਭ ਤੋਂ ਮਹਿੰਗੇ ਵਿਕਦੇ ਹਨ। ਸਿਕਰੀ ਅਤੇ ਵਾਲ ਝੜਨ ਤੋਂ ਰੋਕਣ ਲਈ ਮੇਥੀ ਦੀ ਵਰਤੋਂ ਜ਼ੋਰਾਂ ਉੱਤੇ ਹੈ। ਭਾਵੇਂ ਰੋਜ਼ ਖਾਧੀ ਜਾਵੇ ਅਤੇ ਭਾਵੇਂ ਵਾਲਾਂ ਉੱਤੇ ਪੇਸਟ ਬਣਾ ਕੇ ਲਾ ਲਈ ਜਾਵੇ, ਇਸ ਨਾਲ ਹੌਲੀ-ਹੌਲੀ ਵਾਲ ਲਿਸ਼ਕਵੇਂ ਤੇ ਕਾਲੇ ਹੋਣ ਲੱਗ ਪੈਂਦੇ ਹਨ। ਵਾਲਾਂ ਅਤੇ ਚਮੜੀ ਵਿੱਚ ਮੇਥੀ ਦੀ ਏਨੀ ਜ਼ਿਆਦਾ ਵਰਤੋਂ ਕਈ ਵਾਰ ਤਾਂ ਸ਼ੱਕ ਹੀ ਪਾ ਦਿੰਦੀ ਹੈ ਕਿ ਇਹ ਖਾਣ ਦੀ ਚੀਜ਼ ਹੈ ਵੀ ਕਿ ਸਿਰਫ਼ ਲਾਉਣ ਵਾਲੀ ਹੀ ਹੈ। ਮੇਥੀ ਦੇ ਲਾਭ ਇੰਜ ਹਨ:

➢ ਮੇਥੀ ਦੇ ਬੀਜ ਪਾਣੀ ਵਿੱਚ ਉਬਾਲ ਕੇ ਅਤੇ ਰਾਤ ਭਰ ਖੋਪੇ ਦੇ ਤੇਲ ਵਿੱਚ ਭਿਉਂ ਕੇ ਰੱਖ ਕੇ ਉਸ ਨਾਲ ਰੋਜ਼ ਹਲਕੀ ਹਲਕੀ ਸਿਰ ਦੀ ਮਾਲਿਸ਼ ਕਰਨ ਨਾਲ ਵਾਲ ਝੜਨੇ ਵੀ ਰੁਕਦੇ ਹਨ ਤੇ ਸਿਕਰੀ ਵੀ ਠੀਕ ਹੋ ਜਾਂਦੀ ਹੈ।

➢ ਜਿਹੜੇ ਜਣੇ ਭਾਰ ਘਟਾਉਣ ਬਾਰੇ ਸੋਚ ਰਹੇ ਹੋਣ, ਉਹ ਤਾਂ ਅੱਜ ਤੋਂ ਹੀ ਮੇਥੀ ਖਾਣੀ ਸ਼ੁਰੂ ਕਰ ਦੇਣ ਕਿਉਂਕਿ ਇਸ ਤੋਂ ਵਧੀਆ ਕੁਦਰਤੀ ਦਵਾਈ ਮਿਲਣੀ ਔਖੀ ਹੀ ਹੈ। ਜੇ ਕਿਸੇ ਦੀ ਚਮੜੀ ਉੱਤੇ ਦਾਗ਼ ਹਨ ਜਾਂ ਸੜਨ ਦੇ ਤਾਜ਼ੇ ਦਾਗ਼, ਛਾਲੇ, ਐਗਜ਼ੀਮਾ ਆਦਿ ਹਨ ਤਾਂ ਵੀ ਮੇਥੀ ਦੇ ਬੀਜਾਂ ਨੂੰ ਰਗੜ ਕੇ ਪਤਲਾ ਪੇਸਟ ਬਣਾ ਕੇ ਚਮੜੀ ਉੱਤੇ ਲੇਪ ਵਾਂਗ ਲਾ ਕੇ ਉੱਤੇ ਸਾਫ਼ ਕੱਪੜੇ ਨਾਲ ਢਕ ਕੇ ਰੱਖਣ ਨਾਲ ਹੌਲੀ-ਹੌਲੀ ਕੁਝ ਆਰਾਮ ਪੈ ਜਾਂਦਾ ਹੈ। ਅੰਤੜੀਆਂ ਦੇ ਕੈਂਸਰ (ਕੋਲਨ ਕੈਂਸਰ) ਵਿੱਚ ਵੀ ਮੇਥੀ ਵਿਚਲੇ ਭਰਵੇਂ ਫਾਈਬਰ ਦੇ ਸਦਕਾ ਫ਼ਾਇਦਾ ਲਿਆ ਜਾ ਸਕਦਾ ਹੈ ਕਿਉਂਕਿ ਇਹ ਖਾਣੇ ਵਿਚਲੇ ਮਾੜੇ ਤੱਤਾਂ ਨੂੰ ਅੰਤੜੀਆਂ ਦੀ ਨਰਮ ਪਰਤ ਉੱਤੇ ਵਾਰ ਨਹੀਂ ਕਰਨ ਦਿੰਦੀ ਤੇ ਕੈਂਸਰ ਹੋਣ ਤੋਂ ਬਚਾਅ ਕਰ ਸਕਦੀ ਹੈ।

➢ ਮੇਥੀ ਸਿਰਫ਼ ਫਾਈਬਰ ਸਦਕਾ ਹੀ ਗੁਣਕਾਰੀ ਨਹੀਂ ਬਲਕਿ ਇਸ ਵਿਚਲੇ ਪ੍ਰੋਟੀਨ, ਵਿਟਾਮਿਨ- ਸੀ, ਨਾਇਆਸਿਨ, ਪੋਟਾਸ਼ੀਅਮ, ਲੋਹ ਕਣ, ਐਲਕਾਲੌਇਡ ਤੇ ਡਾਇਓਸਜੈਨਿਨ ਵੀ ਰਲ ਕੇ ਸਰੀਰ ਵਿੱਚ ਕਮਾਲ ਦਾ ਅਸਰ ਵਿਖਾਉਂਦੇ ਹਨ।

# ਕੁਪੋਸ਼ਣ ਤੋਂ ਬਚਣ ਲਈ ਪ੍ਰੋਟੀਨ ਜ਼ਰੂਰੀ



**ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ।**

ਇੱਕ ਸਿਹਤਮੰਦ ਸਰੀਰ ਲਈ ਮੁੱਖ ਤੌਰ 'ਤੇ ਛੇ ਤੱਤਾਂ ਦੀ ਲੋੜ ਹੁੰਦੀ ਹੈ ਜਿਵੇਂ ਪ੍ਰੋਟੀਨ, ਕਾਰਬੋਹਾਈਡ੍ਰੇਟਸ, ਚਰਬੀ, ਵਿਟਾਮਿਨ, ਖਣਿਜ ਪਦਾਰਥ ਅਤੇ ਪਾਣੀ। ਇਨ੍ਹਾਂ ਸਾਰਿਆਂ ਨੂੰ ਮਿਲਾ ਕੇ ਹੀ ਸੰਤੁਲਿਤ ਖ਼ੁਰਾਕ ਬਣਦੀ ਹੈ। ਪਾਣੀ ਤੋਂ ਬਾਅਦ ਸਾਡੇ ਸਰੀਰ ਵਿੱਚ ਪ੍ਰੋਟੀਨ ਹੀ ਸਭ ਤੋਂ ਵੱਧ ਮਾਤਰਾ ਵਿੱਚ ਪਾਇਆ ਜਾਂਦਾ ਹੈ। ਸਾਡਾ ਸਰੀਰ ਸੈੱਲਾਂ ਦਾ ਬਣਿਆ ਹੋਇਆ ਹੈ। ਕਈ ਸੈੱਲ ਮਿਲ ਕੇ ਟਿਸ਼ੂ ਅਤੇ ਕਈ ਟਿਸ਼ੂ ਮਿਲ ਕੇ ਇੱਕ ਅੰਗ ਬਣਾਉਂਦੇ ਹਨ। ਵੱਖ-ਵੱਖ ਸੈੱਲ ਮਿਲ ਕੇ ਹੱਡੀਆਂ, ਮਾਸਪੇਸ਼ੀਆਂ, ਨਾੜਾਂ ਅਤੇ ਚਮੜੀ ਦੇ ਖ਼ਾਸ ਕੰਮ ਕਰਨ ਵਿੱਚ ਯਤਨਸ਼ੀਲ ਰਹਿੰਦੇ ਹਨ। ਇਨ੍ਹਾਂ ਸੈੱਲਾਂ ਦੀ ਜ਼ਿੰਦਗੀ ਸਾਡੀ ਖ਼ੁਰਾਕ ਉੱਤੇ ਨਿਰਭਰ ਕਰਦੀ ਹੈ। ਪ੍ਰੋਟੀਨ ਇਨ੍ਹਾਂ ਸੈੱਲਾਂ ਲਈ ਸਭ ਤੋਂ ਜ਼ਰੂਰੀ ਤੱਤ ਹੈ। ਸਾਡੀ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਇਹ ਸੈੱਲ ਕੰਮ ਕਰਨਾ ਬੰਦ ਕਰ ਦਿੰਦੇ ਹਨ ਅਤੇ ਨਤੀਜੇ ਵਜੋਂ ਸਰੀਰ ਵਿੱਚ ਚੱਲਦੇ ਵੱਖ-ਵੱਖ ਅੰਗਾਂ ਦੇ ਕੰਮਾਂ ਵਿੱਚ ਵਿਘਨ ਪੈ ਜਾਂਦਾ ਹੈ।

ਕੀ ਹਨ ਪ੍ਰੋਟੀਨ ਦੇ ਲਾਭ

➢ ਸਰੀਰ ਵਿਚਲੇ ਹਰੇਕ ਸੈੱਲ ਲਈ ਪ੍ਰੋਟੀਨ ਜ਼ਰੂਰੀ ਤੱਤ ਹੈ। ਪ੍ਰੋਟੀਨ ਜਿੱਥੇ ਨਵੇਂ ਸੈੱਲ ਬਣਾਉਣ ਵਿੱਚ ਮਦਦ ਕਰਦੇ ਹਨ, ਉੱਥੇ ਪੁਰਾਣੇ ਟੁੱਟੇ-ਭੱਜੇ ਸੈੱਲਾਂ ਦੀ ਮੁਰੰਮਤ ਕਰਦੇ ਹਨ।

➢ ਪ੍ਰੋਟੀਨ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤੀ ਪ੍ਰਦਾਨ ਕਰਦੇ ਹਨ।

➢ ਪ੍ਰੋਟੀਨ ਮਾਸਪੇਸ਼ੀਆਂ ਦੇ ਵਿਕਾਸ ਲਈ ਬੇਹੱਦ ਲਾਹੇਵੰਦ ਤੱਤ ਹੈ।

➢ ਪ੍ਰੋਟੀਨ ਸਾਡੇ ਸਰੀਰ ਵਿਚ ਹਾਰਮੋਨ, ਐੱਨਜ਼ਾਇਮ ਅਤੇ ਐਂਟੀ-ਬਾਡੀ ਬਣਾਉਣ ਵਿਚ ਮਦਦ ਕਰਕੇ ਸਰੀਰ ਦਾ ਸੁਰੱਖਿਆ ਅਤੇ ਪਾਚਨ ਤੰਤਰ ਮਜ਼ਬੂਤ ਬਣਾਉਂਦਾ ਹੈ।

➢ ਪ੍ਰੋਟੀਨ ਖ਼ੂਨ ਦੇ ਸੈੱਲ ਬਣਾਉਣ ਵਿੱਚ ਵੀ ਮਦਦ ਕਰਦੇ ਹਨ।

➢ ਪ੍ਰੋਟੀਨ ਚਮੜੀ, ਨਹੁੰਆਂ ਅਤੇ ਵਾਲਾਂ ਦੀ ਸਿਹਤ ਲਈ ਵੀ ਜ਼ਿੰਮੇਵਾਰ ਹਨ।

➢ ਪ੍ਰੋਟੀਨ ਜ਼ਖ਼ਮ ਭਰਨ ਵਿੱਚ ਵੀ ਮਦਦ ਕਰਦੇ ਹਨ।

ਪ੍ਰੋਟੀਨ ਦੀ ਕਮੀ

ਪ੍ਰੋਟੀਨ ਦੀ ਕਮੀ ਨਾਲ ਹੋਣ ਵਾਲੀ ਸਭ ਤੋਂ ਵੱਡੀ ਬੀਮਾਰੀ ਦਾ ਨਾਂ 'ਕਵੇਸ਼ਰਕਰ' ਹੈ। ਪ੍ਰੋਟੀਨ ਦੀ ਕਮੀ ਤੋਂ ਇਲਾਵਾ ਕੈਲਰੀ ਦੀ ਕਮੀ ਵੀ ਹੋ ਜਾਣ ਨਾਲ 'ਮੈਰਸਮਸ' ਨਾਂ ਦੀ ਬੀਮਾਰੀ ਹੋ ਜਾਂਦੀ ਹੈ। ਕਵੇਸ਼ਰਕਰ 'ਕੁਪੋਸ਼ਣ' ਦਾ ਹੀ ਇੱਕ ਰੂਪ ਹੈ। ਭਾਰਤ ਵਿੱਚ 50 ਫ਼ੀਸਦੀ ਬੱਚਿਆਂ ਦੀ ਮੌਤ ਕੁਪੋਸ਼ਣ ਕਾਰਨ ਹੋ ਜਾਂਦੀ ਹੈ। ਸੰਸਾਰ ਭਰ ਵਿੱਚ ਹਰੇਕ ਤਿੰਨ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਵਿੱਚੋਂ ਇੱਕ ਬੱਚਾ ਸਾਡੇ ਦੇਸ਼ ਦਾ ਹੈ। ਇਹ ਗੰਭੀਰ ਬੀਮਾਰੀ ਆਮ ਕਰਕੇ 1-4 ਸਾਲ ਦੀ ਉਮਰ ਤਕ ਦੇ ਬੱਚਿਆਂ ਵਿੱਚ ਵੇਖਣ ਨੂੰ ਮਿਲਦੀ ਹੈ। ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ। ਇਨ੍ਹਾਂ ਤੋਂ ਇਲਾਵਾ ਗੁਰਦਿਆਂ ਦੀ ਬੀਮਾਰੀ, ਸ਼ਰਾਬ ਦੀ ਲਤ, ਆਂਦਰਾਂ ਵਿੱਚ ਭੋਜਨ ਜਜ਼ਬ ਹੋਣ ਦੀ ਕਿਰਿਆ ਵਿੱਚ ਖ਼ਰਾਬੀ ਕਾਰਨ ਵੀ ਹੋ ਸਕਦੇ ਹਨ। ਜਾਗਰੂਕਤਾ ਦੀ ਘਾਟ ਹੋਣ ਕਰਕੇ ਮਾਵਾਂ ਬੱਚੇ ਨੂੰ ਆਪਣਾ ਪ੍ਰੋਟੀਨ ਭਰਪੂਰ ਦੁੱਧ ਦੇਣਾ ਛੇਤੀ ਹੀ ਛੁਡਾ ਦਿੰਦੀਆਂ ਹਨ, ਜਿਸ ਕਰਕੇ ਬੱਚੇ ਵਿੱਚ ਪ੍ਰੋਟੀਨ ਦੀ ਕਮੀ ਪੈਦਾ ਹੋ ਜਾਂਦੀ ਹੈ।

ਲੱਛਣ

➢ ਜਲੋਧਰ ਰੋਗ (ਅਡੀਮਾ)

ਪ੍ਰੋਟੀਨ ਸਾਡੇ ਸਰੀਰ ਵਿੱਚ ਪਾਣੀ ਦਾ ਸੰਤੁਲਨ ਬਣਾਉਣ ਲਈ ਜ਼ਿੰਮੇਵਾਰ ਹੁੰਦੇ ਹਨ। ਇਨ੍ਹਾਂ ਦੀ ਕਮੀ ਕਾਰਨ ਪਾਣੀ ਖ਼ਾਸ ਕਰਕੇ ਲੱਤਾਂ, ਗਿੱਟਿਆਂ ਅਤੇ ਪੈਰਾਂ ਵਿੱਚ ਜਮ੍ਹਾਂ ਹੋਣ ਲੱਗ ਪੈਂਦਾ ਹੈ ਤੇ ਸਰੀਰ ਵਿੱਚ ਸੋਜ ਆਉਣ ਲੱਗ ਪੈਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਅਕਸਰ ਪੇਟ ਫੁੱਲਿਆ ਨਜ਼ਰ ਆਉਂਦਾ ਹੈ।



➢ ਮਾਸਪੇਸ਼ੀਆਂ ਵਿੱਚ ਕਮਜ਼ੋਰੀ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਸਰੀਰ ਮਾਸਪੇਸ਼ੀਆਂ ਵਿੱਚੋਂ ਪ੍ਰੋਟੀਨ ਲੈਣ ਲੱਗ ਪੈਂਦਾ ਹੈ, ਜਿਸ ਕਰਕੇ ਮਰੀਜ਼ ਦਾ ਭਾਰ ਖਾਸਾ ਘੱਟ ਜਾਂਦਾ ਹੈ।

➢ ਹੱਡੀਆਂ ਅਤੇ ਜੋੜਾਂ ਦਾ ਦਰਦ

ਸਾਡਾ ਸਰੀਰ ਪ੍ਰੋਟੀਨ ਨੂੰ ਜੋੜਾਂ ਵਿੱਚ ਮੌਜੂਦ ਤਰਲ ਪਦਾਰਥਾਂ ਵਿੱਚ ਜਮ੍ਹਾਂ ਕਰਕੇ ਰੱਖਦਾ ਹੈ। ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਜੋੜਾਂ ਵਿਚਲੇ ਪ੍ਰੋਟੀਨ ਭੰਡਾਰ ਖ਼ਤਮ ਹੋਣ ਲੱਗਦੇ ਹਨ ਤੇ ਇਸ ਕਰਕੇ ਜੋੜ ਜਾਮ ਹੋਣ ਮਗਰੋਂ ਦੁਖਣ ਲੱਗ ਪੈਂਦੇ ਹਨ। ਲੱਤਾਂ ਅਤੇ ਬਾਹਾਂ ਪਤਲੀਆਂ ਹੋ ਜਾਂਦੀਆਂ ਹਨ।

➢ ਅਨੀਮੀਆ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਨਾਲ ਖ਼ੂਨ ਵਿੱਚ ਪਾਏ ਜਾਣ ਵਾਲ ਪ੍ਰੋਟੀਨ 'ਹੀਮੋਗਲੋਬਿਨ' ਦੀ ਕਮੀ ਹੋ ਜਾਂਦੀ ਹੈ, ਜਿਸ ਕਰਕੇ ਖ਼ੂਨ ਦੇ ਸੈੱਲ ਬਣਨੇ ਬੰਦ ਹੋ ਜਾਂਦੇ ਹਨ।

➢ ਵਾਲ ਝੜਨਾ

ਵਾਲਾਂ ਵਿਚਲਾ ਪ੍ਰੋਟੀਨ 'ਕੈਰੇਟਿਨ' ਭੋਜਨ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਨਹੀਂ ਬਣਦਾ ਜਿਸ ਕਰਕੇ ਵਾਲ ਬੇਹੱਦ ਪਤਲੇ, ਕਮਜ਼ੋਰ ਤੇ ਦੋ-ਮੂੰਹੇ ਹੋ ਜਾਂਦੇ ਹਨ।

➢ ਸੁਰੱਖਿਆ ਅਤੇ ਪਾਚਨ-ਤੰਤਰ ਵਿੱਚ ਕਮਜ਼ੋਰੀ

ਪ੍ਰੋਟੀਨ ਦੀ ਕਮੀ ਕਾਰਨ ਸਰੀਰ ਦੀ ਸੁਰੱਖਿਆ ਪ੍ਰਣਾਲੀ ਕਮਜ਼ੋਰ ਹੋ ਜਾਣ ਕਾਰਨ ਇਨਫੈਕਸ਼ਨ ਹੋਣ ਦਾ ਖ਼ਤਰਾ ਵਧ ਜਾਂਦਾ ਹੈ।

➢ ਦਸਤ

ਕਾਫ਼ੀ ਸਮੇਂ ਤਕ ਦਸਤ ਹੋਣ ਕਰਕੇ ਸਰੀਰ ਦਾ ਵਾਧਾ ਰੁਕ ਜਾਂਦਾ ਹੈ ਅਤੇ ਮਰੀਜ਼ ਹੱਡੀਆਂ ਦੀ ਮੁੱਠ ਬਣ ਕੇ ਰਹਿ ਜਾਂਦਾ ਹੈ।

➢ ਪ੍ਰੋਟੀਨ ਦੀ ਕਮੀ ਕਾਰਨ ਜ਼ਖ਼ਮ ਭਰਨ ਦੀ ਕਿਰਿਆ ਹੌਲੀ ਹੋ ਜਾਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਮਿਹਦੇ ਦਾ ਆਕਾਰ ਵੱਡਾ ਹੋ ਜਾਂਦਾ ਹੈ, ਜਿਸਨੂੰ 'ਫੈਟੀ ਲਿਵਰ' ਕਿਹਾ ਜਾਂਦਾ ਹੈ।

ਪ੍ਰੋਟੀਨ ਦੀ ਘਾਟ ਦੇ ਲੱਛਣ

➢ ਚਮੜੀ ਦੇ ਰੰਗ ਵਿੱਚ ਕਈ ਤਰ੍ਹਾਂ ਦੇ ਬਦਲਾਅ ਆਉਂਦੇ ਹਨ। ਗੱਲਾਂ ਉੱਤੇ ਚਿੱਟੇ ਰੰਗ ਦੇ ਦਾਗ਼ ਪੈ ਜਾਂਦੇ ਹਨ। ਪੈਰਾਂ ਅਤੇ ਹੱਥਾਂ ਦੇ ਨਹੁੰਆਂ ਉੱਤੇ ਚਿੱਟੇ ਰੰਗ ਦੀਆਂ ਲਾਈਨਾਂ ਪ੍ਰੋਟੀਨ ਦੀ ਕਮੀ ਦੇ ਲੱਛਣ ਦਰਸਾਉਂਦੀਆਂ ਹਨ।

➢ ਪ੍ਰੋਟੀਨ ਦੀ ਕਮੀ ਕਾਰਨ ਦੰਦਾਂ ਨੂੰ ਕੀੜਾ ਲੱਗਣ ਦਾ ਖ਼ਤਰਾ ਵਧ ਜਾਂਦਾ ਹੈ ਅਤੇ ਥੁੱਕ ਬਣਾਉਣ ਵਾਲੀਆਂ ਗ੍ਰੰਥੀਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਮਰੀਜ਼ ਵਿੱਚ ਪ੍ਰੋਟੀਨਾਂ ਦੀ ਕਮੀ ਕਾਰਨ ਚਿੰਤਾ, ਘਬਰਾਹਟ, ਤਣਾਅ, ਇੱਛਾ-ਸ਼ਕਤੀ ਦਾ ਖ਼ਤਮ ਹੋਣਾ, ਸਿਰਦਰਦ, ਬੇਹੋਸ਼ ਹੋ ਕੇ ਡਿੱਗਣਾ, ਨੀਂਦ ਨਾ ਆਉਣਾ ਆਦਿ ਲੱਛਣ ਵੀ ਪੈਦਾ ਹੋ ਜਾਂਦੇ ਹਨ।

ਕਿੰਜ ਕਰੀਏ ਪ੍ਰੋਟੀਨ ਦੀ ਕਮੀ ਨੂੰ ਪੂਰਾ ?

ਪ੍ਰੋਟੀਨ ਦੀ ਕਮੀ ਨੂੰ ਸੰਤੁਲਿਤ ਖ਼ੁਰਾਕ ਲੈ ਕੇ ਪੂਰਾ ਕੀਤਾ ਜਾ ਸਕਦਾ ਹੈ। ਬੱਚਿਆਂ ਅਤੇ ਨੌਜਵਾਨਾਂ ਦੁਆਰਾ 'ਫਾਸਟ ਫੂਡ' ਦੀ ਵਾਧੂ ਵਰਤੋਂ ਮੋਟਾਪੇ ਦਾ ਕਾਰਨ ਬਣਨ ਤੋਂ ਇਲਾਵਾ ਕਈ ਹੋਰ ਬੀਮਾਰੀਆਂ ਨੂੰ ਵੀ ਸੱਦਾ ਦਿੰਦੀ ਹੈ। ਔਰਤਾਂ ਨੂੰ ਖ਼ਾਸ ਤੌਰ 'ਤੇ ਸਿਹਤ ਸਬੰਧੀ ਜਾਗਰੂਕ ਹੋਣ ਦੀ ਲੋੜ ਹੈ। ਅੱਜਕੱਲ੍ਹ ਪਤਲੇ ਹੋਣ ਦੀਆਂ ਚਾਹਵਾਨ ਔਰਤਾਂ ਰੋਟੀ-ਪਾਣੀ ਛੱਡ ਦਿੰਦੀਆਂ ਹਨ ਤੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸਾਨੂੰ ਰੋਜ਼ਾਨਾ ਖ਼ੁਰਾਕ ਵਿੱਚ ਪ੍ਰੋਟੀਨ ਨੂੰ ਸਹੀ ਮਾਤਰਾ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ ਜਿਵੇਂ ਅਨਾਜ, ਦਾਲਾਂ, ਮੂੰਗਫਲੀ, ਲੋਬੀਆ, ਸੋਇਆਬੀਨ, ਮਸਰ ਦੀ ਦਾਲ, ਦੁੱਧ, ਅੰਡੇ, ਪਨੀਰ, ਮੀਟ ਅਤੇ ਮੱਛੀ ਆਦਿ। ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ ਜਿਵੇਂ ਪਨੀਰ ਪ੍ਰੋਟੀਨ ਭਰਪੂਰ ਹੁੰਦੇ ਹਨ ਅਤੇ ਸਰੀਰ ਦੁਆਰਾ ਆਸਾਨੀ ਨਾਲ ਹਜ਼ਮ ਹੋ ਜਾਂਦੇ ਹਨ। ਬੀਮਾਰੀ ਵਾਲੇ ਮਰੀਜ਼ਾਂ ਨੂੰ ਖ਼ਾਸ ਤੌਰ 'ਤੇ ਮਾਸਾਹਾਰੀ ਖ਼ੁਰਾਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਦਾਲਾਂ ਵਿੱਚੋਂ 'ਸੋਇਆਬੀਨ' ਪ੍ਰੋਟੀਨ ਦਾ ਸਭ ਤੋਂ ਵਧੀਆ ਸਰੋਤ ਹੈ। ਸੋਇਆਬੀਨ ਵਿੱਚ ਮੀਟ ਨਾਲੋਂ ਦੁੱਗਣਾ ਤੇ ਅੰਡਿਆਂ ਨਾਲੋਂ ਚਾਰ ਗੁਣਾਂ ਵੱਧ ਪ੍ਰੋਟੀਨ ਹੁੰਦਾ ਹੈ। ਇਸ ਵਿੱਚ ਸਾਰੇ ਜ਼ਰੂਰੀ ਵਿਟਾਮਿਨ ਹੋਣ ਦੇ ਨਾਲ ਹੀ ਕਲੈਸਟਰੋਲ ਤੇ ਕਾਰਬੋਹਾਈਡ੍ਰੇਟਸ ਬਹੁਤ ਘੱਟ ਮਾਤਰਾ ਵਿੱਚ ਹੁੰਦੇ ਹਨ ਜਿਸ ਕਰਕੇ ਸੋਇਆਬੀਨ ਦੀ ਵਰਤੋਂ ਸ਼ੂਗਰ ਦੇ ਰੋਗੀ ਵੀ ਕਰ ਸਕਦੇ ਹਨ। ਜਿਹੜੇ ਬੱਚਿਆਂ ਨੂੰ ਗਾਂ ਜਾਂ ਮੱਝ ਦੇ ਦੁੱਧ ਤੋਂ ਐਲਰਜੀ ਹੋਵੇ, ਉਹ ਸੋਇਆਬੀਨ ਦੇ ਦੁੱਧ ਦਾ ਸੇਵਨ ਕਰ ਸਕਦੇ ਹਨ।

- ਡਾ. ਗੁਰਜੀਤਪਾਲ ਕੌਰ

ਹੱਡੀ ਹੰਢਾਇਆ ਸੱਚ

# ਰੱਬ ਦਾ ਰੂਪ ਨਹੀਂ, ਕਸਾਈ ਬਣਦਾ ਜਾ ਰਿਹਾ ਡਾਕਟਰ

ਅਕਸਰ ਹੀ ਸਿਆਣਿਆਂ ਨੂੰ ਕਹਿੰਦੇ ਸੁਣਿਆ ਹੈ ਕਿ ਡਾਕਟਰ ਰੱਬ ਦਾ ਰੂਪ ਹੁੰਦੇ ਨੇ , ਡਾਕਟਰ ਤਾਂ ਮਰੇ ਬੰਦੇ ਵਿਚ ਜਾਨ ਪਾ ਦਿੰਦੇ ਹਨ, ਸ਼ਾਇਦ ਇਹ ਸੱਚ ਹੁੰਦਾ ਹੋਵੇਗਾ। ਪਿਛਲੇ ਸਮਿਆਂ 'ਚ ਜਦੋਂ ਡਾਕਟਰ ਪੈਸੇ ਦੇ ਲਾਲਚ ਤਿਆਗਕੇ ਮਰੀਜ਼ ਦਾ ਇਲਾਜ ਆਪਣਾ ਫਰਜ਼ ਸਮਝਕੇ ਕਰਦੇ ਹੋਣਗੇ। ਪਰ ਅੱਜ ਚਾਰੇ ਪਾਸੇ ਪੈਸੇ ਦੀ ਅੰਨ੍ਹੀ ਦੌੜ ਲੱਗੀ ਹੋਈ ਹੈ। ਅੱਜ ਦਾ ਡਾਕਟਰ ਰੱਬ ਦਾ ਰੂਪ ਨਹੀਂ ਬਲਕਿ ਚੰਦ ਛਿੱਲੜਾਂ ਬਦਲੇ ਕਸਾਈ ਦਾ ਰੂਪ ਧਾਰਨ ਕਰੀ ਬੈਠਾ ਹੈ। ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ। ਹਰ ਪਾਸੇ ਤੋ ਲੋਕਾਂ ਤੋਂ ਸੁਣਿਆ ਜਾਂਦਾ ਹੈ ਕਿ ਅਸੀਂ ਬਹੁਤ ਤਰੱਕੀ ਕਰ ਲਈ ਹੈ, ਹਰ ਸ਼ਹਿਰ, ਕਸਬੇ, ਮੰਡੀਆਂ ਵਿਚ ਕਈ-ਕਈ ਮੰਜ਼ਿਲਾਂ ਦੀ ਆਲੀਸ਼ਾਨ ਇਮਾਰਤਾਂ ਉਪਰ ਵੱਡੇਵੱਡੇ ਬੋਰਡ ਫਲਾਣੀ ਬਿਮਾਰੀ ਦੇ ਮਾਹਿਰ, ਸਪੈਸ਼ਲਿਸਟ, ਹਸਪਤਾਲ ਅੰਦਰ ਏ. ਸੀ. ਰੂਮੀ, ਟੈਲੀਵਿਜ਼ਨ ਅਤੇ ਹਰ ਸੁੱਖ ਸਹੂਲਤ ਦਾ ਦਿਖਾਵਾ ਕੀਤਾ ਜਾਂਦਾ ਹੈ। ਪੈਸੇ ਵਾਲੇ ਲੋਕ ਤਾਂ ਆਪਣੀ ਛੋਟੀ-ਮੋਟੀ ਬਿਮਾਰੀ ਸਮੇਂ ਇਨ੍ਹਾਂ ਹਸਪਤਾਲਾਂ ਵਿਚ ਇੰਜ ਜਾਂਦੇ ਹਨ, ਜਿਵੇਂ ਪਿਕਨਿਕ ਮਨਾਉਣ ਆਏ ਹੋਣ, ਪਰ ਜਦ ਇੰਨ੍ਹਾਂ ਹਸਪਤਾਲਾਂ ਵਿਚ ਕੋਈ ਸਾਧਾਰਨ ਜਾਂ ਗਰੀਬ ਫਸ ਜਾਂਦਾ ਹੈ ਤਾਂ ਉਸਦੀ ਮੋਟੀ ਛਿੱਲ ਲਾਹੀ ਜਾਂਦੀ ਹੈ। ਸ਼ਹਿਰਾਂ ਦੇ ਨਿੱਜੀ ਹਸਪਤਾਲਾਂ ਵਿਚੋਂ ਆਮ ਵਿਅਕਤੀ ਤਾਂ ਇਲਾਜ ਕਰਵਾ ਹੀ ਨਹੀਂ ਸਕਦਾ। ਜਿੰਨ੍ਹੇ ਪੈਸੇ ਡਾਕਟਰ ਨੇ ਮੂੰਹੋਂ ਮੰਗ ਲਏ ਦੇਣੇ ਪੈਣਗੇ। ਉਪਰੋਂ ਹਰੇਕ ਹਸਪਤਾਲ ਵਿਚ ਖੁੱਲੀਆਂ ਦਵਾਈਆਂ ਦੀਆਂ ਦੁਕਾਨਾਂ 'ਚੋਂ ਵੀ ਡਾਕਟਰਾਂ ਨੂੰ ਮੋਟਾ ਕਮਿਸ਼ਨ ਮਿਲਦਾ ਹੈ। 10 ਰੁਪਏ ਦਵਾਈ ਦਾ ਪੱਤਾ 50 ਰੁਪਏ ਯਾਨਿ ਡਾਕਟਰ ਦੇ ਨਾਲ ਨਾਲ ਮੈਡੀਕਲ ਸਟੋਰਾਂ ਵਾਲੇ ਵੀ ਲੁੱਟ ਕਰਦੇ ਹਨ। ਇਹ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਤਾਂ ਕਈ ਵਾਰ ਮਰੇ ਬੰਦੇ ਨੂੰ ਵੀ ਕਈ-ਕਈ ਦਿਨ ਵੈਂਟੀਲੇਟਰ ਸ਼ੀਸ਼ੇ ਵਾਲੇ ਕੈਬਿਨ ਵਿਚ ਰੱਖਕੇ ਪੀੜ੍ਹਤ ਪਰਿਵਾਰ ਦੀ ਚੰਗੀ ਛਿੱਲ ਲਾਹੁੰਦੇ ਹਨ। ਅਨੇਕਾਂ ਵਾਰ ਡਾਕਟਰਾਂ ਦੀ ਅਣਗਹਿਲੀ ਕਾਰਨ ਮਰੇ ਵਿਅਕਤੀਆਂ ਦੇ ਪਰਿਵਾਰ ਹਸਪਤਾਲਾਂ ਅੱਗੇ ਧਰਨੇ ਲਾਉਂਦੇ ਹਨ ਡਾਕਟਰ ਦਾ ਪਿੱਟ ਸਿਆਪਾ ਕਰਦੇ ਦੇਖੇ ਹਨ। ਪਰ ਡਾਕਟਰ ਆਪਣੇ ਅਸਰ ਰਸੂਖ ਨਾਲ ਸਾਫ਼ ਬਰੀ ਹੋ ਜਾਂਦਾ ਹੈ ਕਿਉਂਕਿ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨੂੰ ਵੀ ਐਸੇ ਡਾਕਟਰਾਂ ਦੀ ਲੋੜ ਹੁੰਦੀ ਹੈ। ਇੰਨ੍ਹਾਂ ਡਾਕਟਰਾਂ ਨੇ ਆਪਣੀ ਯੂਨੀਅਨ ਵੀ ਬਣਾਈ ਹੋਈ ਹੈ। ਵੈਸੇ ਤਾਂ ਪੰਜਾਬ ਦੇ ਹਰ ਸ਼ਹਿਰ ਵਿਚਲੇ ਵੱਡੇ-ਵੱਡੇ ਹਸਪਤਾਲ ਆਮ ਲੋਕਾਂ ਦੀ ਲੁੱਟ ਦੇ ਅੱਡੇ ਬਣੇ ਹੋਏ ਹਨ ਪਰ ਬਠਿੰਡਾ ਵਿਚ ਵੀ ਕੁਝ ਐਸੇ ਹਸਪਤਾਲ ਹਨ ਜਿਨ੍ਹਾਂ ਦੇ ਮੁੱਖੀਆਂ ਉਪਰ ਕਈ ਵਾਰ ਮਰੀਜ਼ਾਂ ਨੂੰ ਅਣਗਹਿਲੀ ਕਰਕੇ ਮਾਰਨ ਦੀਆਂ ਖ਼ਬਰਾਂ ਮੀਡੀਏ ਵਿਚ ਨਸ਼ਰ ਹੋਈਆਂ ਹਨ। ਮੈਂ ਉਨ੍ਹਾਂ ਲੋਕਾਂ ਪਾਸੋਂ ਪੁੱਛਣਾ ਚਾਹੁੰਦਾ ਹਾਂ ਜੋ ਡਾਕਟਰ ਨੂੰ ਰੱਬ ਦੀ ਉਪਾਧੀ ਦਿੰਦੇ ਹਨ ਕਿ ਡਾਕਟਰ ਤਾਂ ਮਰੀਜ਼ ਦਾ ਇਲਾਜ, ਅਪਰੇਸ਼ਨ, ਮੋਟੇ ਪੈਸੇ ਲੈ ਕੇ ਕਰਦਾ ਹੈ ਫੇਰ ਵੀ ਅਸੀਂ ਉਸਦਾ ਧੰਨਵਾਦ ਕਰਦੇ ਹਾਂ ਕਿ ਅਕਾਲ ਪੁਰਖ, ਅੱਲਾ, ਰਾਮ ਦਾ ਸ਼ੁਕਰ ਕੀਤਾ ਹੈ ਜਿਸਨੇ ਸਾਨੂੰ ਮਨੁੱਖਾ ਦੇਹੀ ਜਿਸ ਵਿਚ ਹੱਥ, ਪੈਰ, ਨੱਕ, ਕੰਨ, ਮੂੰਹ ਬਲਕਿ ਸਰੀਰ ਨੂੰ ਚਲਾਉਣ ਵਾਲਾ ਹਰੇਕ ਅੰਗ ਦੇ ਕੇ ਦੁਨੀਆਂ ਵਿਚ ਭੇਜਿਆ ਹੈ। ਸਵਾਸਥ, ਸਰੀਰ, ਮਾਨਵਤਾ ਦੀ ਸੇਵਾ ਕਰਨ ਲਈ ਹੱਥ ਪੈਰ, ਚੰਗਾ ਕਰਨ ਲਈ ਦਿਮਾਗ, ਚੰਗਾ ਸੁਣਨ ਲਈ ਕੰਨ ਅਤੇ ਚੰਗਾ ਬੋਲਣ ਲਈ ਮੂੰਹ ਦਿੱਤਾ ਹੈ। ਕੀ ਕਦੇ ਉਸ ਅਕਾਲ ਪੁਰਖ ਦਾ ਦੋ ਪਲ ਸ਼ੁਕਰੀਆ ਅਦਾ ਕੀਤਾ ਹੈ। ਜਿਸ ਨੇ ਬਿਨ੍ਹਾਂ ਪੈਸੇ, ਬਿਨ੍ਹਾਂ ਕਿਸੇ ਸਵਾਰਥ ਲਈ ਇਸ ਸੰਸਾਰ ਵਿਚ ਭੇਜਿਆ ਹੈ। ਫੇਰ ਉਸ ਡਾਕਟਰ ਦਾ ਧੰਨਵਾਦ ਜਾਂ ਡਾਕਟਰ ਰੱਬ ਦਾ ਰੂਪ ਕਿਉਂ ? ਜੋ ਸਾਡੇ ਇਲਾਜ ਦੇ ਨਾਂਅ 'ਤੇ ਅੰਨ੍ਹੀ ਲੁੱਟ ਕਰਦਾ ਹੈ।



ਹੁਣ ਮੈਂ ਆਪਣੇ ਪਾਠਕਾਂ ਨਾਲ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਬਾਰੇ ਆਪਣੀ ਹੱਡਬੀਤੀ ਸਾਂਝੀ ਕਰਨ ਜਾ ਰਿਹਾ ਹਾਂ। ਇਸ ਰੱਬ ਦੇ ਰੂਪ ਡਾਕਟਰ ਨੇ ਜਿੱਥੇ ਮੇਰੀ ਇਲਾਜ ਦੇ ਨਾਂਅ 'ਤੇ ਮੋਟੀ ਛਿੱਲ ਲਾਹੀ ਉਥੇ ਮੈਨੂੰ ਨਕਾਰਾ ਬਣਾ ਦਿੱਤਾ। ਘਟਨਾ 2 ਦਸੰਬਰ 2011 ਦੀ ਹੈ ਜਦੋਂ ਮੈਨੂੰ ਰਾਤ ਦੇ ਦੋ ਵਜੇ ਅਟੈਕ ਹੋ ਗਿਆ ਸੀ, ਮੈਨੂੰ ਰਾਤ ਸਮੇਂ ਬਠਿੰਡਾ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਪਹਿਲਾਂ ਤਾਂ ਡਾਕਟਰ ਨੇ ਮੇਰੀ ਨਾਜ਼ੁਕ ਹਾਲਤ ਦੇਖਕੇ ਜ਼ਿੰਮੇਵਾਰੀ ਨਾ ਲਈ ਪਰ ਫੇਰ ਇਲਾਜ ਸ਼ੁਰੂ ਕਰ ਦਿੱਤਾ। ਮੈਨੂੰ ਕੋਈ ਸੁਰਤ ਨਹੀਂ ਸੀ ਮੇਰੇ ਪਰਿਵਾਰਿਕ ਮੈਂਬਰਾਂ ਦੇ ਦੱਸਣ ਮੁਤਾਬਿਕ ਮੈਨੂੰ ਐਮਰਜੈਂਸੀ ਰੂਮ ਵਿਚ ਆਈ. ਸੀ. ਯੂ. ਵਿਚ ਆਕਸੀਜਨ ਦੇ ਕੇ ਪਾਇਆ ਗਿਆ। 16 ਘੰਟਿਆਂ ਬਾਅਦ ਮੈਨੂੰ ਹੋਸ਼ ਆਵੁਣੀ ਸ਼ੁਰੂ ਹੋਈ ਤਾਂ ਮੇਰੇ ਮੋਢੇ ਤੋਂ ਪੀੜ੍ਹਾਂ ਸ਼ੁਰੂ ਹੋ ਗਈਆਂ। ਬਠਿੰਡਾ ਦੇ ਹੀ ਗੁਰਦੇਵ ਹੱਡੀਆਂ ਦੇ ਮਾਹਿਰ ਡਾਕਟਰ ਨੂੰ ਦਿਖਾਇਆ ਤਾਂ ਉਸਨੇ ਮੇਰਾ ਮੋਢਾ ਟੋਹਕੇ ਕਿਹਾ ਕਿ ਮੋਢੇ ਦੀ ਹੱਡੀ ਟੁੱਟਕੇ ਅੰਦਰ ਧਸ ਗਈ ਹੈ। ਅਪਰੇਸ਼ਨ ਹੋਵੇਗਾ। ਪਰ ਇਸ ਦਾ ਦਿਲ ਦੀ ਬਿਮਾਰੀ ਦਾ ਇਲਾਜ ਚੱਲ ਰਿਹਾ ਹੈ ਪਹਿਲਾਂ ਉਧਰੋਂ ਇਲਾਜ ਕਰਵਾਓ। 4 ਦਸੰਬਰ ਨੂੰ ਮੈਨੂੰ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਨੇ ਛੁੱਟੀ ਦੇ ਦਿੱਤੀ ਤਾਂ ਬਠਿੰਡਾ ਦੇ ਗਣੇਸ਼ਾ ਬਸਤੀ ਨੇੜਲੇ ਗੁਰਦੇਵ ਹੱਡੀਆਂ ਅਤੇ ਜੋੜਾਂ ਦੇ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਕਿਉਂਕਿ ਡਾਕਟਰ ਨੂੰ ਪਤਾ ਸੀ ਕਿ ਮਰੀਜ਼ ਪੱਤਰਕਾਰ ਹੈ ਉਸਨੇ ਆਨਾ ਕਾਨੀ ਕਰਨੀ ਸ਼ੁਰੂ ਕਰ ਦਿੱਤੀ। ਮੇਰੀ ਮਾਤਾ ਅਤੇ ਮੇਰੀ ਪਤਨੀ ਨੇ ਡਾਕਟਰ ਅੱਗੇ ਤਰਲੇ ਕੀਤੇ ਤਾਂ ਡਾਕਟਰ ਅਪਰੇਸ਼ਨ ਲਈ ਮੰਨ ਗਿਆ। ਡਾਕਟਰ ਨੇ ਆਪਣੇ ਕਮਰੇ ਜਿੱਥੇ ਮਰੀਜ਼ਾਂ ਦੀ ਜਾਂਚ ਕਰਦਾ ਸੀ ਵਿਚ ਗੁਰਬਾਣੀ ਦੇ ਪਵਿੱਤਰ ਵਾਕ ਅਤੇ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਾ ਰੱਖੀਆਂ ਸਨ ਤਾਂ ਕਿ ਮਰੀਜ਼ ਨੂੰ ਪਹਿਲੀ ਨਜ਼ਰੇ ਪਤਾ ਲੱਗ ਸਕੇ ਕਿ ਡਾਕਟਰ ਧਾਰਮਿਕ ਬਿਰਤੀ ਵਾਲਾ ਗੁਰਸਿੱਖ ਬੰਦਾ ਹੈ। ਉਸ ਦਿਨ ਮੇਰੇ ਮੋਢੇ ਦਾ ਚਾਰ ਘੰਟਿਆਂ ਦੀ ਜੱਦੋ ਜਹਿਦ ਬਾਅਦ ਅਪਰੇਸ਼ਨ ਹੋ ਗਿਆ। ਮੈਂ ਆਪਣੀ ਪਹਿਲੀ ਬਿਮਾਰੀ ਕਰਕੇ ਅਤੇ ਅਪਰੇਸ਼ਨ ਦੌਰਾਨ ਲੱਗੀਆਂ ਬੇਹੋਸ਼ੀ ਦੀਆਂ ਦਵਾਈਆਂ ਕਾਰਨ ਜਦੋਂ ਦੂਜੇ ਦਿਨ ਕੁਝ ਹੋਸ਼ ਵਿਚ ਆਇਆ ਤਾਂ ਮੈਂ ਮੇਰੀ ਧਰਮਪਤਨੀ ਕੁਲਦੀਪ ਕੌਰ ਨੂੰ ਕਿਹਾ ਕਿ ਭਾਈ ਘਨੱਈਆ ਸਕੀਮ ਤਹਿਤ ਮੇਰਾ ਬੀਮਾ ਹੋਇਆ ਹੈ ਕੀ ਤੁਸੀਂ ਡਾਕਟਰ ਨੂੰ ਮੇਰਾ ਬੀਮਾ ਕਾਰਡ ਦਿਖਾ ਦਿੱਤਾ ਤਾਂ ਮੇਰੀ ਪਤਨੀ ਅਤੇ ਮੇਰੀ ਬੀਬੀ ਜੀ ਨੇ ਕਿਹਾ ਕਿ ਅਸੀਂ ਤਾਂ ਡਰਦੇ ਮਾਰਿਆ ਨੇ ਡਾਕਟਰ ਨੂੰ ਤੇਰੇ ਬੀਮੇ ਬਾਰੇ ਨਹੀਂ ਦੱਸਿਆ ਕਿ ਡਾਕਟਰ ਕਿਤੇ ਤੇਰੇ ਅਪਰੇਸ਼ਨ ਤੋਂ ਹੀ ਜਵਾਬ ਨਾ ਦੇ ਦੇਵੇ ਜਾਂ ਕਿਤੇ ਇਲਾਜ ਹੀ ਸਹੀ ਢੰਗ ਨਾਲ ਨਾ ਕਰੇ। ਇਸ ਲਈ ਨਹੀਂ ਦੱਸਿਆ। ਮੈਂ ਕਿਹਾ ਕਿ ਮੇਰੇ ਬੀਮੇ ਕਾਰਨ ਡਾਕਟਰ ਦਾ ਕੋਈ ਨੁਕਸਾਨ ਨਹੀਂ ਹੋਣਾ ਸੀ ਸਗੋਂ ਡਾਕਟਰ ਨੂੰ ਤਾਂ ਅਪਰੇਸ਼ਨ ਅਤੇ ਮੇਰੇ ਇਲਾਜ ਕਰਨ ਦੇ ਬੀਮਾ ਕੰਪਨੀ ਤੋਂ ਪੈਸੇ ਮਿਲ ਜਾਣੇ ਸਨ। ਸੋ ਮੈਂ ਬੀਮੇ ਸੰਬੰਧੀ ਡਾਕਟਰ ਗੁਰਦੇਵ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾਕਿ ਤੁਸੀਂ ਆਪਣਾ ਬੀਮਾ ਕਾਰਡ, ਵੋਟ ਕਾਰਡ ਮੈਨੂੰ ਦਿਓ ਮੈਂ ਬੀਮਾ ਕੰਪਨੀ ਨੂੰ ਲਿਖਕੇ ਭੇਜ ਦਿੰਦਾ ਹਾਂ। ਮੈਂ ਆਪਣੇ ਸਾਰੇ ਕਾਗਜ਼ ਡਾਕਟਰ ਨੂੰ ਫੜਾ ਦਿੱਤੇ। ਡਾਕਟਰ ਦੇ ਕੰਪਾਊਡਰ ਗੁਰਮੇਲ ਸਿੰਘ ਜਿਸਨੂੰ ਮੈਂ ਆਪਣਾ ਵਧੀਆ ਦੋਸਤ ਮੰਨਦਾ ਸੀ ਨੇ ਬੀਮਾ ਕੰਪਨੀ ਨੂੰ ਈਮੇਲ ਕਰ ਦਿੱਤੀ। ਦੂਜੇ-ਤੀਜੇ ਦਿਨ ਬੀਮਾ ਕੰਪਨੀ ਤੋਂ ਇਕ ਮੁਲਾਜ਼ਮ ਆਇਆ ਤਾਂ ਉਸਨੇ ਮੇਰੇ ਅਪਰੇਸ਼ਨ ਵਾਲੇ ਮੋਢੇ ਤੋਂ ਪੱਟੀਆਂ ਲਹਾਕੇ ਫੋਟੋ ਅਤੇ ਪੂਰੀ ਜਾਂਚ ਪੜ੍ਹਤਾਲ ਕਰਨ ਉਪਰੰਤ ਮੈਥੋਂ ਇਕ ਫ਼ਾਰਮ ਤੇ ਦਸਤਖਤ ਕਰਵਾਕੇ ਡਾਕਟਰ ਨੂੰ ਫਾਰਮ ਫੜਾ ਦਿੱਤਾ ਕਿ ਜਲਦੀ ਇਲਾਜ ਦੀ ਸਾਰੀ ਫ਼ਾਇਲ ਬਣਾਕੇ ਸਾਡੀ ਕੰਪਨੀ ਨੂੰ ਭੇਜੀ ਜਾਵੇ। ਪਰ ਮੈਨੂੰ ਬਾਅਦ ਵਿਚ ਪਤਾ ਚੱਲਿਆ ਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਮੈਨੂੰ ਛੁੱਟੀ ਦੇਣ ਤੱਕ ਹਜ਼ਾਰਾਂ ਰੁਪਏ ਲੈ ਲਏ ਹਨ। ਮੈਂ ਡਾਕਟਰ ਨਾਲ ਇਸ ਸਬੰਧੀ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਾ ਕਿ ਤੇਰੀ ਬੀਮਾ ਕੰਪਨੀ ਨੂੰ ਫਾਇਲ ਭੇਜ ਦਿੱਤੀ ਹੈ, ਬੀਮਾ ਮਿਲਣ ਤੱਕ ਕਈ ਦਿਨ ਜਾਂ ਮਹੀਨੇ ਵੀ ਲੱਗ ਸਕਦੇ ਹਨ। ਮੈਨੂੰ ਛੁੱਟੀ ਮਿਲਣ ਤੋਂ ਬਾਅਦ ਵੀ ਮੇਰੇ ਮੋਢੇ ਉਪਰ ਹਰ ਹਫ਼ਤੇ ਪੱਟੀ ਬਦਲੀ ਜਾਂਦੀ ਮੈਂ ਹਰ ਵਾਰ ਡਾਕਟਰ ਤੋਂ ਆਪਣੇ ਬੀਮੇ ਦੇ ਪੈਸੇ ਬਾਰੇ ਪੁੱਛਦਾ ਤਾਂ ਦੋ-ਤਿੰਨ ਮਹੀਨਿਆਂ ਬਾਅਦ ਡਾਕਟਰ ਕਹਿਣ ਲੱਗਿਆ ਤੂੰ ਪੱਤਰਕਾਰ ਏ ਬੀਮਾ ਕੰਪਨੀ 'ਤੇ ਕੇਸ ਕਰ ਦੇ, ਮੈਂ ਬੀਮਾ ਕੰਪਨੀ ਤੋਂ ਜਦ ਤਿੰਨ ਕੁ ਮਹੀਨਿਆਂ ਬਾਅਦ ਆਪਣੇ ਬੀਮੇ ਬਾਰੇ ਪਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਅਜੇ ਤੱਕ ਤੇਰੇ ਬੀਮੇ ਦੀ ਡਾਕਟਰ ਨੇ ਫਾਇਲ ਹੀ ਨਹੀਂ ਭੇਜੀ। ਮੈਂ ਜਦ ਡਾਕਟਰ ਦੇ ਸਹਾਇਕ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਤੇਰੀ ਫਾਇਲ ਗੁੰਮ ਹੋ ਗਈ ਹੈ, ਉਹ ਮੈਨੂੰ ਫਾਇਲ ਲੱਭਣ ਦੇ ਕਈ ਮਹੀਨੇ ਲਾਰੇ ਲਾਉਂਦਾ ਰਿਹਾ। ਅਖ਼ੀਰ ਫਾਇਲ ਗੁੰਮ ਹੋਣ ਬਾਰੇ ਮੈਂ ਡਾਕਟਰ ਨੂੰ ਦੱਸ ਦਿੱਤਾ ਤਾਂ ਉਨ੍ਹਾਂ ਕਿਹਾ ਕਿ ਛੱਡ ਯਾਰ ਬੀਮੇ ਦੀ ਗੱਲ, ਬੀਮਾ ਕੰਪਨੀ ਨੇ ਕਿਹੜਾ ਤੈਨੂੰ ਕੁਝ ਦੇਣਾ ਸੀ। ਉਨ੍ਹਾਂ ਅਪਰੇਸ਼ਨ ਅਤੇ ਦਵਾਈਆਂ, ਐਕਸਰੇ, ਪੱਟੀਆਂ ਦੇ ਨਾਂਅ 'ਤੇ ਮੇਰੀ ਪੂਰੀ ਲੁੱਟ ਕੀਤੀ। ਮੇਰੇ ਚਾਚਾ ਜੀ ਜੋ ਡਾਕਟਰ ਦਾ ਚੰਗਾ ਦੋਸਤ ਸੀ, ਉਸਨੇ ਹੀ ਮੈਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਸੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਡਾਕਟਰ ਨਾਲ 20-25 ਸਾਲਾਂ ਦੀ ਬਣੀ ਹੈ, ਛੱਡ ਪਰੇ ਬੀਮੇ ਬਾਰੇ ਮੇਰਾ ਡਾਕਟਰ ਨਾਲ ਫ਼ਰਕ ਪੈ ਜਾਵੇਗਾ। ਪਰ ਮੈਂ ਚੁੱਪ ਕਰਕੇ ਬੈਠਣ ਵਾਲਾ ਨਹੀਂ ਸੀ। ਇਹ ਗੱਲ ਸਾਫ਼ ਹੋ ਗਈ ਸੀ ਕਿ ਡਾਕਟਰ ਨੇ ਹੀ ਬੇਈਮਾਨੀ ਕਰਕੇ ਮੇਰੀ ਫਾਇਲ ਉਪਰ ਭੇਜੀ ਹੀ ਨਹੀਂ ਸੀ। ਕਿਉਂਕਿ ਉਸ ਨੇ ਸਾਡੇ ਕੋਲੋਂ ਅਪਰੇਸ਼ਨ ਦੇ ਨਾਂਅ 'ਤੇ ਹਜ਼ਾਰਾਂ ਰੁਪਏ ਲੈ ਲਏ ਸਨ। ਮੈਂ ਆਪਣੇ ਪੱਤਰਕਾਰ ਦੋਸਤਾਂਤੱਕ ਇਹ ਮਾਮਲਾ ਡਾਕਟਰ ਤੱਕ ਪਹੁੰਚਾਇਆ ਪਰ ਉਸ ਨੇ ਕਿਹਾ ਕਿ ਮੈਂ ਫਾਇਲ ਉਪਰ ਭੇਜੀ ਹੈ। ਮੈਂ ਕੁਝ ਨਹੀਂ ਕਰ ਸਕਦਾ। ਪਰ ਹੌਲੀ-ਹੌਲੀ ਜਦ ਪੱਤਰਕਾਰਾਂ ਦਾ ਡਾਕਟਰ ਉਪਰ ਦਬਾਅ ਪੈ ਗਿਆ ਤਾਂ ਉਸ ਨੇ ਕਿਹਾ ਕਿ ਫਾਇਲ ਗੁੰਮ ਹੋ ਗਈ ਹੈ ਮੈਂ ਕੁਝ ਨਹੀਂ ਕਰ ਸਕਦਾ। ਡਾਕਟਰ ਨੇ ਫੇਰ ਮੇਰੇ ਚਾਚਾ ਕਿੱਕਰ ਸਿੰਘ ਜੋ ਇਸ ਘਟਨਾ ਤੋਂ ਤਿੰਨ ਸਾਲ ਬਾਅਦ 25 ਦਸੰਬਰ 2013 ਨੂੰ ਕਿਸੇ ਬਿਮਾਰੀ ਕਾਰਨ ਮੌਤ ਦੇ ਮੂੰਹ ਜਾ ਪਿਆ ਨੇ ਮੇਰੇ ਉਪਰ ਦਬਾਅ ਪਵਾਇਆ ਕਿ ਤੂੰ ਡਾਕਟਰ ਖਿਲਾਫ਼ ਕੋਈ ਕਾਰਵਾਈ ਨਾ ਕਰ, ਨਹੀਂ ਤਾਂ ਆਪਣਾ ਕੋਈ ਰਿਸ਼ਤਾ ਨਹੀਂ, ਏਥੋਂ ਤੱਕ ਕਿ ਡਾਕਟਰ ਨੇ ਮੇਰੇ ਰਿਸ਼ਤੇਦਾਰਾਂ ਰਾਂਹੀ ਵੀ ਕੋਈ ਕਾਰਵਾਈ ਨਾ ਕਰਨ ਲਈ ਮੇਰੇ ਉਪਰ ਦਬਾਅ ਪਵਾਇਆ। ਜਦੋਂ ਮੇਰੀ ਬੀਬੀ ਜੀ ਨੂੰ ਇਸ ਬਾਰੇ ਮੇਰੇ ਚਾਚਾ ਜੀ ਨੇ ਦੱਸਿਆ ਤਾਂ ਮੇਰੀ ਬੀਬੀ ਜੀ ਕਹਿਣ ਲੱਗੀ ਕਿ ਤੂੰ ਬਚ ਗਿਆ। ਪੈਸਾ ਬੰਦੇ ਤੋਂ ਵੱਡਾ ਨਹੀਂ ਹੁੰਦਾ। ਜੇਕਰ ਤੈਨੂੰ ਕੁਝ ਹੋ ਜਾਂਦਾ ਫੇਰ ਕੀ ਅਸੀਂ ਕਰ ਲੈਂਦੇ। ਡਾਕਟਰਾਂ ਤੱਕ ਕਦੇ ਵੀ ਕੋਈ ਕੰਮ ਪੈ ਸਕਦਾ ਹੈ। ਤੂੰ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ। ਮੇਰੀ ਧਰਮਪਤਨੀ ਕੁਲਦੀਪ ਕੌਰ ਨੇ ਵੀ ਕਿਹਾ ਕਿ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ ਤੂੰ ਸਹੀ ਸਲਾਮਤ ਏਂ, ਪੈਸੇ ਦਾ ਕੀ ਏ, ਬਥੇਰਾ ਆਈ ਜਾਈ ਜਾ ਰਿਹਾ ਹੈ। ਪਰ ਮੈਨੂੰ ਡਾਕਟਰ ਉਪਰ ਇਸ ਗੱਲ ਦਾ ਗਿਲਾ ਸੀ ਕਿ ਡਾਕਟਰ ਨੇ ਆਪਣੇ ਫਰਜ਼ ਤੋਂ ਕੋਤਾਹੀ ਵਰਤੀ ਹੈ। ਮੇਰੇ ਪਰਿਵਾਰ ਨੇ ਮੇਰੇ ਇਲਾਜ ਲਈ ਕਰਜ਼ਾ ਚੁੱਕ ਕੇ ਡਾਕਟਰ ਨੂੰ ਦਿੱਤਾ ਹੈ।

**ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ।**



ਡਾਕਟਰ ਉਪਰ ਅਗਲੀ ਕਾਰਵਾਈ ਲਈ ਮੈਂ ਆਪਣੇ ਪੱਤਰਕਾਰ ਦੋਸਤਾਂ ਨਾਲ ਮਿਲਕੇ ਬਠਿੰਡਾ ਦੇ ਐਸ. ਐਸ. ਪੀ. ਅੱਗੇ ਪੇਸ਼ ਹੋ ਗਿਆ ਤਾਂ ਉਸ ਨੇ ਥਾਣਾ ਕੋਤਵਾਲੀ ਇੰਚਾਰਜ ਨੂੰ ਮਾਮਲੇ ਦੀ ਜਾਂਚ ਲਈ ਲਿਖ ਦਿੱਤਾ। ਥਾਣਾ ਮੁੱਖੀ ਨੇ ਮੈਨੂੰ ਮਹੀਨੇ ਬਾਅਦ ਸੱਦਿਆ ਤਾਂ ਕਿਹਾ ਕਿ ਅਸੀਂ ਇਸ ਮਾਮਲੇ 'ਚ ਕੁਝ ਨਹੀਂ ਕਰ ਸਕਦੇ। ਕਿਉਂਕਿ ਤੇਰੀ ਸਾਰੀ ਫਾਇਲ ਡਾਕਟਰ ਕੋਲ ਹੈ, ਤੇਰੇ ਕੋਲ ਕੋਈ ਸਬੂਤ ਨਹੀਂ। ਥਾਣਾ ਮੁੱਖੀ ਨੇ ਡਾਕਟਰ ਨੂੰ ਥਾਣੇ ਸੱਦਿਆ ਤਾਂ ਡਾਕਟਰ ਨੇ ਮਾਮਲਾ ਨਿਬੇੜਨ ਲਈ ਮੇਰੇ ਚਾਚੇ ਉਪਰ ਦਬਾਅ ਪਾਇਆ ਅਤੇ ਬਚਣ ਲਈ ਮੇਰੇ ਅਪਰੇਸ਼ਨ ਅਤੇ ਹੋਰ ਖਰਚੇ ਦੀ ਝੂਠੀ ਰਸੀਦ ਪੇਸ਼ ਕਰ ਦਿੱਤੀ, ਜਿਸ ਵਿਚ ਉਸ ਨੇ ਸਿਰਫ਼ ਸੋਲਾਂ ਹਜ਼ਾਰ ਦੀ ਰਸੀਦ ਦਿੱਤੀ ਹੈ। ਜਦੋਂਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਛੁੱਟੀ ਵਾਲੇ ਦਿਨ ਚਾਲੀ ਹਜ਼ਾਰ ਦੇ ਕਰੀਬ ਨਕਦ ਲਿਆ ਸੀ, ਦਵਾਈਆਂ ਦਾ ਖਰਚਾ ਵੱਖਰਾ, ਇਸ ਤੋਂ ਬਾਅਦ ਤਿੰਨ ਮਹੀਨੇ ਹਸਪਤਾਲ ਵਿਚ ਪੱਟੀ ਅਤੇ ਹੋਰ ਖਰਚੇ ਵੱਖਰੇ। ਚਲੋ ਮੇਰੇ ਮੋਢੇ ਦਾ ਅਪਰੇਸ਼ਨ ਠੀਕ ਹੋ ਜਾਂਦਾ ਤਾਂ ਮੈਂ ਇਹ ਸਭ ਭੁੱਲਜਾਂਦਾ ਪਰ ਡਾਕਟਰ ਨੇ ਮੇਰਾ ਸੱਜਾ ਮੋਢਾ ਨਕਾਰਾ ਕਰ ਦਿੱਤਾ ਹੈ। ਮੇਰਾ ਅਪਰੇਸ਼ਨ ਸਹੀ ਨਾ ਹੋਣ ਕਰਕੇ ਹੁਣ ਲੋਹੜੇ ਦੀ ਪੈ ਰਹੀ ਠੰਡ ਕਰਕੇ ਪੂਰੀ ਬਾਂਹ ਦਰਦ ਕਰਦੀ ਹੈ। ਮੈਂ ਕਿਸੇ ਹੋਰ ਡਾਕਟਰ ਨੂੰ ਅਪਰੇਸ਼ਨ ਵਾਲਾ ਮੋਢਾ ਦਿਖਾਇਆ ਤਾਂ ਉਨ੍ਹਾਂ ਕਿਹਾ ਕਿ ਅਪਰੇਸ਼ਨ ਸਹੀ ਨਹੀਂ ਹੋਇਆ। ਮੋਢੇ ਵਿਚ ਅਪਰੇਸ਼ਨ ਦੌਰਾਨ ਪਏ ਸਕਰਿਊ ਕੱਢਣੇ ਪੈਣੇ ਨੇ, ਪਰ ਫੇਰ ਵੀ ਬਾਂਹ ਠੀਕ ਹੋਵੇ ਇਸ ਦੀ ਕੋਈ ਗਾਰੰਟੀ ਨਹੀਂ।

ਮੈਂ ਤਿੰਨ ਸਾਲ ਪਹਿਲਾਂ ਮੋਢੇ ਦੇ ਅਪਰੇਸ਼ਨ ਉਪਰ ਲੱਗੇ ਪੈਸੇ ਵੀ ਨਹੀਂ ਮੋੜ ਸਕਿਆ। ਉਪਰੋਂ ਹੋਰ ਖਰਚਾ ਖੜਾ ਹੈ। ਪੁਲਿਸ ਪ੍ਰਸ਼ਾਸ਼ਨ ਨੇ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕੀਤੀ। 25 ਦਸੰਬਰ ਨੂੰ ਮੇਰੇ ਚਾਚਾ ਜੀ ਦੀ ਵੀ ਮੌਤ ਹੋ ਗਈ ਹੈ। ਜੇਕਰ ਮੈਨੂੰ ਬੀਮਾ ਕੰਪਨੀ ਵੱਲੋਂ ਮੇਰੇ ਅਪਰੇਸ਼ਨ ਉੱਪਰ ਲੱਗਿਆ ਪੈਸਾ ਮਿਲ ਜਾਂਦਾ ਤਾਂ ਡਾਕਟਰ ਨੂੰ ਕੀ ਨੁਕਸਾਨ ਸੀ। ਮੈਂ ਹੁਣ ਡਾਕਟਰ ਨੂੰ ਰੱਬ ਦਾ ਰੂਪ ਨਹੀਂ ਬਲਕਿ ਕਸਾਈ ਦਾ ਦਰਜਾ ਦਿੰਦਾ ਹਾਂ ਜੋ ਮਰੀਜ਼ ਨੂੰ ਜੀਵਨ ਦੇਣ ਦੀ ਥਾਂ ਸਰੀਰਕ ਪੱਖੋਂ ਆਪਣੇ ਸਵਾਰਥ ਲਈ ਨਕਾਰਾ ਬਣਾ ਰਿਹਾ ਹੈ। ਐਸੇ ਡਾਕਟਰ ਵੀ ਹਨ ਜੋ ਆਪਣੇ ਫਰਜ਼ ਪ੍ਰਤੀ ਇਮਾਨਦਾਰ ਹਨ। ਡਾਕਟਰ ਗੁਰਦੇਵ ਸਿੰਘ ਜੋ ਇਕ ਗੁਰਸਿੱਖ ਆਪਣੇ ਆਫ਼ਿਸ ਵਿਚ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਗਾਕੇ ਧਰਮ ਦੀ ਆੜ ਹੇਠ ਮਰੀਜ਼ਾਂ ਦੀ ਲੁੱਟ ਕਰ ਰਿਹਾ ਹੈ। ਐਸੇ ਡਾਕਟਰ ਖਿਲਾਫ਼ ਪੁਲਿਸ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਨਾ ਕਰਨਾ ਵੀ ਪੁਲਿਸ ਪ੍ਰਸ਼ਾਸ਼ਨ ਅੱਗੇ ਵੀ ਪ੍ਰਸ਼ਨ ਚਿੰਨ੍ਹ ਲੱਗਦਾ ਹੈ। ਮੈਂ ਡਾਕਟਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਤੁਹਾਡੇ ਵੀ ਬੱਚੇ ਹੋਣਗੇ, ਜੋ ਤੁਸੀਂ ਮਰੀਜ਼ਾਂ ਤੋਂ ਆਪਣੇ ਫਰਜ਼ ਤੋਂ ਕੋਤਾਹੀ ਕਰਕੇ ਮੋਟਾ ਪੈਸਾ ਲੈ ਕੇ ਉਨ੍ਹਾਂ ਦੀ ਲੁੱਟ ਕਰਦੇ ਹੋ, ਇਹ ਤੁਹਾਡੇ ਬੱਚਿਆਂ ਲਈ ਜ਼ਹਿਰ ਹੈ। ਠੀਕ ਹੈ ਤੁਸੀਂ ਡਾਕਟਰੀ ਪੇਸ਼ੇ ਲਈ ਚੰਗੀ ਪੜ੍ਹਾਈ, ਕੋਰਸ ਉਪਰ ਲੱਖਾਂ ਲਾਏ ਹਨ, ਹਸਪਤਾਲਾਂ ਦੇ ਵੀ ਖਰਚੇ ਹਨ ਪਰ ਕੀ ਕਦੇ ਸੋਚਿਆ ਕਿ ਕਿਸੇ ਗਰੀਬ ਜਾਂ ਕਿਸੇ ਬੇਸਹਾਰਾ ਤੋਂ ਇਲਾਜ ਦੇ ਨਾਂਅ ਹੇਠ ਮੋਟੀ ਕਮਾਈ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰਵਾ ਸਕਦੇ, ਗਰੀਬਾਂ ਦੀ ਰੱਤ ਚੂਸਨਾ ਜ਼ਹਿਰ ਸਾਮਾਨ ਹੈ। ਲੋਕ ਤੁਹਾਨੂੰ ਰੱਬ ਦਾ ਰੂਪ ਸਮਝਦੇ ਹਨ ਤਾਂ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਆਪਣਾ ਫਰਜ਼ ਇਮਾਨਦਾਰੀ ਨਾਲ ਨਿਭਾਓ।

ਵੇਰਵਾ : ਗੁਰਨੈਬ ਸਾਜਨ ਦਿਓਣ

# ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਵਾਰਡ ਨੰਬਰ 4 ਅਤੇ 16 ਵਿੱਚ ਕੀਤਾ ਚੋਣ ਪ੍ਰਚਾਰ



**ਧੂਰੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਧੂਰੀ ਦੀਆਂ 26 ਮਈ ਨੂੰ ਹੋਣ ਵਾਲੀਆਂ ਚੋਣਾਂ ਲਈ ਆਮ ਆਦਮੀ ਪਾਰਟੀ ਵੱਲੋਂ ਚੋਣ ਪ੍ਰਚਾਰ ਨੂੰ ਪੂਰੀ ਤਰ੍ਹਾਂ ਤੇਜ਼ ਕਰ ਦਿੱਤਾ ਗਿਆ ਹੈ। ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਵੱਖ-ਵੱਖ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕੀਤਾ ਜਾ ਰਿਹਾ ਹੈ ਅਤੇ ਮੁੱਖ ਤੌਰ 'ਤੇ ਵਿਕਾਸ ਦੇ ਮੁੱਦੇ 'ਤੇ ਸਮਰਥਨ ਮੰਗਿਆ ਜਾ ਰਿਹਾ ਹੈ।

ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਵਾਰਡ ਨੰਬਰ 4 ਤੋਂ ਉਮੀਦਵਾਰ ਰਾਜੀਵ ਸ਼ਰਮਾ ਅਤੇ ਵਾਰਡ ਨੰਬਰ 16 ਤੋਂ ਉਮੀਦਵਾਰ ਦੀਪਕ ਬਾਂਸਲ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਇਸ ਦੌਰਾਨ ਉਨ੍ਹਾਂ ਨੇ ਇਲਾਕੇ ਦੇ ਵਸਨੀਕਾਂ ਨਾਲ ਮੁਲਾਕਾਤ ਕਰਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦੇਣ ਦੀ ਅਪੀਲ ਕੀਤੀ।

ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧੂਰੀ ਵਿੱਚ ਕਰੀਬ 200 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ 'ਤੇ ਕੰਮ ਚੱਲ ਰਿਹਾ ਹੈ, ਜਿਸ ਵਿੱਚ ਸੜਕਾਂ ਦੀ ਮੁਰੰਮਤ ਅਤੇ ਨਿਰਮਾਣ, ਸਟਰੀਟ ਲਾਈਟਾਂ ਅਤੇ ਸ਼ਹਿਰ ਦੇ ਸੁੰਦਰਿਕਰਨ ਨਾਲ ਸੰਬੰਧਿਤ ਕਈ ਪ੍ਰੋਜੈਕਟ ਸ਼ਾਮਲ ਹਨ।

ਉਨ੍ਹਾਂ ਨੇ ਹੋਰ ਕਿਹਾ ਕਿ ਆਉਣ ਵਾਲੇ ਕੁਝ ਮਹੀਨਿਆਂ ਵਿੱਚ ਜਿਵੇਂ ਹੀ ਇਹ ਸਾਰੇ ਵਿਕਾਸ ਕਾਰਜ ਮੁਕੰਮਲ ਹੋਣਗੇ, ਧੂਰੀ ਸ਼ਹਿਰ ਦੀ ਨੁਹਾਰ ਪੂਰੀ ਤਰ੍ਹਾਂ ਬਦਲ ਜਾਵੇਗੀ ਅਤੇ ਇਹ ਸ਼ਹਿਰ ਇੱਕ ਮਾਡਲ ਸ਼ਹਿਰ ਵਜੋਂ ਉਭਰੇਗਾ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਵਾਅਦੇ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜਮੀਨੀ ਪੱਧਰ 'ਤੇ ਲਾਗੂ ਕਰਨਾ ਹੈ।

ਦਲਵੀਰ ਸਿੰਘ ਢਿੱਲੋਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਿਕਾਸ ਦੀ ਰਫਤਾਰ ਨੂੰ ਹੋਰ ਤੇਜ਼ ਕਰਨ ਲਈ ਸ਼ਹਿਰ ਵਾਸੀ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਲਾਕਾ ਵਾਸੀ ਵੀ ਮੌਜੂਦ ਸਨ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਆਪਣਾ ਸਮਰਥਨ ਜ਼ਾਹਿਰ ਕੀਤਾ।

## ਪੀ.ਆਰ.ਟੀ.ਸੀ ਦੇ ਐਮ.ਡੀ ਮਨੀਸ਼ਾ ਰਾਣਾ ਵੱਲੋਂ ਪੀ.ਆਰ.ਟੀ.ਸੀ. ਨਵੇਂ ਬੱਸ ਸਟੈਂਡ ਤੇ ਵਰਕਸ਼ਾਪ ਦਾ ਦੌਰਾ

# ਪੀ.ਆਰ.ਟੀ.ਸੀ ਦੀ ਮਾਲਕੀ ਵਾਲੀਆਂ ਮਿੰਨੀ ਤੇ ਵੱਡੀਆਂ ਬੱਸਾਂ ਛੇਤੀ ਹੀ ਪੀ.ਆਰ.ਟੀ.ਸੀ ਬੇੜੇ 'ਚ ਸ਼ਾਮਿਲ ਹੋਣਗੀਆਂ: ਮਨੀਸ਼ਾ ਰਾਣਾ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੇ ਪਟਿਆਲਾ ਦੇ ਨਵੇਂ ਬੱਸ ਸਟੈਂਡ ਅਤੇ ਵਰਕਸ਼ਾਪ ਦਾ ਦੌਰਾ ਕੀਤਾ। ਉਨ੍ਹਾਂ ਇਸ ਮੌਕੇ ਪਟਿਆਲਾ ਡਿਪੂ ਵਿੱਚ ਬਰਾਂਚ ਵਾਈਜ ਕੰਮ-ਕਾਜ਼ ਦੀ ਸਮੀਖਿਆ ਕੀਤੀ। ਇਸ ਦੌਰੇ ਦੌਰਾਨ ਮੈਨੇਜਿੰਗ ਡਾਇਰੈਕਟਰ ਨੇ ਸਮੂਹ ਬ੍ਰਾਂਚਾਂ ਦੇ ਇੰਚਾਰਜਾਂ ਤੋਂ ਉਨ੍ਹਾਂ ਦੇ ਅਧੀਨ ਚੱਲ ਰਹੇ ਕੰਮਾਂ ਸਬੰਧੀ ਜਾਣਕਾਰੀ ਲਈ ਅਤੇ ਦਫ਼ਤਰੀ ਕੰਮ ਨੂੰ ਹੋਰ ਸੁਚਾਰੂ ਢੰਗ ਨਾਲ ਕਰਨ ਲਈ ਪ੍ਰੇਰਿਤ ਕੀਤਾ।



ਮਨੀਸ਼ਾ ਰਾਣਾ ਨੇ ਇਸ ਮੌਕੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਆਮਦਨ ਵਿੱਚ ਹੋਰ ਇਜਾਫਾ ਕਰਨ ਲਈ ਆਉਣ ਵਾਲੇ ਸਮੇਂ ਵਿੱਚ ਪੀ.ਆਰ.ਟੀ.ਸੀ ਦੀ ਆਪਣੀ ਮਾਲਕੀ ਵਾਲੀਆਂ ਮਿੰਨੀ ਅਤੇ ਵੱਡੀਆਂ ਬੱਸਾਂ ਛੇਤੀ ਹੀ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਸ਼ਾਮਿਲ ਕੀਤੀਆਂ ਜਾ ਰਹੀਆਂ ਹਨ।

ਐਮ ਡੀ ਮਨੀਸ਼ਾ ਰਾਣਾ ਨੇ ਯੂਨੀਅਨਾਂ ਦੀਆਂ ਮੰਗਾਂ ਸਬੰਧੀ ਜਾਣਕਾਰੀ ਲਈ ਅਤੇ ਇਨ੍ਹਾਂ ਦਾ ਨਿਪਟਾਰਾ ਕਰਨ ਲਈ ਸੁਝਾਅ ਵੀ ਲਏ। ਉਨ੍ਹਾਂ ਨੇ ਮੁਲਾਜਮਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਪੀਣ ਵਾਲੇ ਪਾਣੀ ਦੀ ਸਹੂਲਤ ਲਈ ਹੋਰ ਨਵਾਂ ਆਰ.ਓ. ਲਗਾਉਣ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਉਨ੍ਹਾਂ ਨੇ ਡਿਪੂ ਦੇ ਵਰਕਸ਼ਾਪ ਅਤੇ ਓਪਰੇਸ਼ਨ ਸਟਾਫ ਨੂੰ ਹੋਰ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਆ ਤਾਂ ਜੋ ਪੀ.ਆਰ.ਟੀ.ਸੀ. ਆਮ ਜਨਤਾ ਨੂੰ ਨਿਰੰਤਰ ਸਫਰ ਸਹੂਲਤ ਪ੍ਰਦਾਨ ਕਰ ਸਕੇ। ਐਮ.ਡੀ. ਰਾਣਾ ਨੇ ਨਵੇਂ ਬੱਸ ਸਟੈਂਡ ਦਾ ਮੌਕਾ ਦੇਖਿਆ ਅਤੇ ਇੱਥੇ ਮੌਜੂਦ ਸਵਾਰੀਆਂ ਨਾਲ ਗੱਲਬਾਤ ਕਰਕੇ ਫੀਡਬੈਕ ਹਾਸਲ ਕੀਤੀ ਅਤੇ ਉਨ੍ਹਾਂ ਨੇ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਸਵਾਰੀਆਂ ਦੀ ਸਹੂਲਤ ਲਈ ਬੱਸ ਸਟੈਂਡ ਵਿਖੇ ਹੋਰ ਨਵਾਂ ਆਰ.ਓ. ਲਗਾਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਬੱਸ ਅੱਡੇ ਦੀ ਸਾਫ ਸਫਾਈ, ਪਖਾਨਿਆਂ ਅਤੇ ਬੱਸ ਸਟੈਂਡ ਵਿਖੇ ਸਵਾਰੀਆਂ ਦੀ ਸਹੂਲਤ ਲਈ ਲਗਾਏ ਗਏ ਪੱਖਿਆ ਸਬੰਧੀ ਤਸੱਲੀ ਪ੍ਰਗਟਾਈ। ਇਸ ਮੌਕੇ ਪੀ.ਆਰ.ਟੀ.ਸੀ. ਪਟਿਆਲਾ ਡਿਪੂ ਦੇ ਜਨਰਲ ਮੈਨੇਜਰ ਇੰਜ. ਜਤਿੰਦਰਪਾਲ ਸਿੰਘ ਗਰੇਵਾਲ, ਲੇਖਾ ਅਧਿਕਾਰੀ ਧਰਵਿੰਦਰ ਸਹਿਗਲ, ਪਰਮਜੀਤ ਕੌਰ ਸੁਪਰਡੰਟ ਅਤੇ ਡਿਪੂ ਦੇ ਹੋਰ ਅਧਿਕਾਰੀ ਵੀ ਮੌਜੂਦ ਰਹੇ।

# ਮੇਰੀ ਰਸੋਈ ਸਕੀਮ ਨਾਲ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਮਿਲ ਰਿਹਾ ਸਹਾਰਾ : ਡਾ ਬਲਬੀਰ ਸਿੰਘ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਪਟਿਆਲਾ ਦੇ ਦਸਮੇਸ਼ ਨਗਰ ਵਿਖੇ ਮੇਰੀ ਰਸੋਈ ਸਕੀਮ ਅਧੀਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਕਰੀਬ 500 ਪਰਿਵਾਰਾਂ ਨੂੰ ਰੋਜ਼ਾਨਾ ਦੀ ਵਰਤੋਂ ਵਾਲੀਆਂ ਰਾਸ਼ਨ ਸਮੱਗਰੀ ਨਾਲ ਭਰੀਆਂ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ।



ਇਸ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਪਰਿਵਾਰ ਆਪਣੇ ਆਪ ਨੂੰ ਇਕੱਲਾ, ਬੇਸਹਾਰਾ ਜਾਂ ਲਾਚਾਰ ਨਾ ਸਮਝੇ। ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਦੀਆਂ ਮੁੱਢਲੀਆਂ ਲੋੜਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਮੇਰੀ ਰਸੋਈ ਸਕੀਮ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਹੈ ਤਾਂ ਜੋ ਉਹਨਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਹੋਰ ਵੀ ਕਈ ਸਕੀਮਾਂ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਘਰ ਤੱਕ ਸੁਵਿਧਾਵਾਂ ਪਹੁੰਚਾਉਣਾ ਅਤੇ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਤਰੱਕੀ ਦੇ ਰਾਹ 'ਤੇ ਅੱਗੇ ਵਧਣਾ ਹੈ।

ਇਸ ਮੌਕੇ ਇਲਾਕਾ ਨਿਵਾਸੀਆਂ ਨੇਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹਾਇਤਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਮੇਰੀ ਰਸੋਈ ਵਰਗੀਆਂ ਯੋਜਨਾਵਾਂ ਲੋੜਵੰਦ ਲੋਕਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀਆਂ ਹਨ। ਲੋਕਾਂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਇਹ ਉਪਰਾਲੇ ਸਮਾਜ ਵਿੱਚ ਸਾਂਝ ਅਤੇ ਭਰੋਸੇ ਨੂੰ ਹੋਰ ਮਜ਼ਬੂਤ ਕਰ ਰਹੇ ਹਨ ਇਸ ਮੌਕੇ ਜਸਵੀਰ ਸਿੰਘ ਗਾਂਧੀ, ਚਰਨਜੀਤ ਸਿੰਘ ਐਸ ਕੇ, ਗਜਨ ਸਿੰਘ ਤੋਂ ਇਲਾਵਾ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਮੌਜੂਦ ਸਨ।

# ਸਿਡਨੀ ਵਿੱਚ ਮਨੀਸ਼ ਤਿਵਾੜੀ ਦੀ ਅਗਵਾਈ ਹੇਠ ਆਈਓਸੀ ਮੀਟਿੰਗ



**ਲੁਧਿਆਣਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਕੇਂਦਰੀ ਮੰਤਰੀ ਅਤੇ ਚੰਡੀਗੜ੍ਹ ਤੋਂ ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਆਸਟ੍ਰੇਲੀਆ ਦੇ ਸਿਡਨੀ ਵਿਖੇ ਇੰਡੀਅਨ ਓਵਰਸੀਜ਼ ਕਾਂਗਰਸ (ਆਈਓਸੀ) ਦੇ ਅਹੁਦੇਦਾਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਦੀ ਅਗਵਾਈ ਕਰਦਿਆਂ ਵਿਦੇਸ਼ਾਂ ਵਿੱਚ ਵੱਸਦੇ ਭਾਰਤੀ ਭਾਈਚਾਰੇ ਨਾਲ ਕਾਂਗਰਸ ਪਾਰਟੀ ਦੇ ਸੰਪਰਕ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।

ਗ੍ਰੈਂਡ ਬਾਵਰਚੀ ਵਿੱਚ ਹੋਈ ਇਸ ਮੀਟਿੰਗ ਦੌਰਾਨ ਤਿਵਾੜੀ ਨੇ ਆਈਓਸੀ ਆਸਟ੍ਰੇਲੀਆ ਦੇ ਪ੍ਰਧਾਨ ਮਨੋਜ ਸ਼ਿਓਰਾਨ ਅਤੇ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰਤੀ ਪ੍ਰਵਾਸੀ ਵਿਸ਼ਵ ਪੱਧਰ 'ਤੇ ਭਾਰਤ ਦੀ ਲੋਕਤਾਂਤਰਿਕ ਸੋਚ, ਅਰਥਵਿਵਸਥਾ ਅਤੇ ਸਮਾਜਿਕ ਸਾਂਝ ਦੀ ਮਜ਼ਬੂਤ ਨੁਮਾਇੰਦਗੀ ਕਰ ਰਹੇ ਹਨ।

ਉਨ੍ਹਾਂ ਨੇ ਆਸਟ੍ਰੇਲੀਆ ਨਾਲ ਆਪਣੇ ਪੁਰਾਣੇ ਸਬੰਧਾਂ ਨੂੰ ਯਾਦ ਕਰਦਿਆਂ ਕਿਹਾ ਕਿ 1992 ਤੋਂ ਲੈ ਕੇ ਅੱਜ ਤੱਕ ਭਾਰਤੀ ਭਾਈਚਾਰੇ ਦੀ ਮੌਜੂਦਗੀ ਅਤੇ ਪ੍ਰਭਾਵ ਵਿੱਚ ਵੱਡਾ ਵਾਧਾ ਹੋਇਆ ਹੈ ਅਤੇ ਹੁਣ 10 ਲੱਖ ਤੋਂ ਵੱਧ ਭਾਰਤੀ ਆਸਟ੍ਰੇਲੀਆ ਵਿੱਚ ਵੱਸ ਰਹੇ ਹਨ।

ਤਿਵਾੜੀ ਨੇ ਕਿਹਾ ਕਿ ਭਾਰਤੀ ਸਮਾਜ ਨੇ ਆਸਟ੍ਰੇਲੀਆਈ ਸਭਿਆਚਾਰ ਅਤੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਮੀਟਿੰਗ ਦੌਰਾਨ ਆਈਓਸੀ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਕਰਨ ਅਤੇ ਸੋਸ਼ਲ ਮੀਡੀਆ ਰਾਹੀਂ ਡਿਜ਼ਿਟਲ ਪਹੁੰਚ ਵਧਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਬੁਲਾਰੇ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਯੂਨੀਵਰਸਿਟੀ ਵਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਜਿਕਰਯੋਗ ਹੈ ਕਿ ਪਟਿਆਲਾ ਵਿਖੇ ਸਥਿਤ ਇਹ ਯੂਨੀਵਰਸਿਟੀ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਹੈ ਜੋ ਸਮੁੱਚੇ ਪੰਜਾਬ ਦੇ ਵਿਚ ਵਿਦਿਆ ਮੁਹਈਆ ਕਰਵਾ ਰਹੀ ਹੈ।

ਬੁਲਾਰੇ ਨੇ ਦੱਸਿਆ ਕਿ ਯੂਨੀਵਰਸਿਟੀ ਦੀ ਵੱਧਦੀ ਲੋਕ ਪ੍ਰਿਯਤਾ ਨੂੰ ਧਿਆਨ ਵਿਚ ਰੱਖਦਿਆਂ ਹੋਇਆ ਪੰਜਾਬ ਸਰਕਾਰ ਦੇ ਉਚੇਰੀ ਸਿਖਿਆ ਵਿਭਾਗ, ਪੰਜਾਬ ਦੇ ਕਾਲਜ ਐਜੂਕੇਸ਼ਨ ਸ਼ਾਖਾ ਵਲੋਂ ਪੰਜਾਬ ਦੇ ਸਮੂਹ ਸਰਕਾਰੀ / ਏਡਿਡ ਅਤੇ ਪ੍ਰਾਈਵੇਟ ਕਾਲਜਾਂ ਨੂੰ ਪੱਤਰ ਲਿਖ ਕੇ ਹਦਾਇਤ ਜਾਰੀ ਕੀਤੀ ਗਈ ਹੈ ਕਿ ਜੋ ਵੀ ਕਾਲਜ ਆਪਣੇ ਕਾਲਜ ਵਿਚ ਰੈਗੂਲਰ ਦੇ ਨਾਲ ਓਪਨ ਡਿਸਟੈਂਸ ਮੋਡ ਦੇ ਵਿਚ ਸਿੱਖਿਆ ਮੁਹਈਆ ਕਰਵਾਉਣਾ ਚਾਹੁੰਦੇ ਹਨ, ਉਹ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨਾਲ ਜੁੜ ਕੇ ਯੂਨੀਵਰਸਿਟੀ ਦਾ ਲਰਨਰ ਸਪੋਰਟ ਸੈਂਟਰ ਬਣ ਸਕਦੇ ਹਨ।

ਉਨ੍ਹਾਂ ਕਿਹਾ ਕਿ ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਇੱਕ ਲੋੜਵੰਦ ਨੌਜਵਾਨ ਤੱਕ ਪਹੁੰਚਾਇਆ ਜਾ ਸਕੇ।

# ਲੂ ਤੋਂ ਬਚਾਅ ਲਈ ਸਿਹਤ ਐਡਵਾਈਜਰੀ ਕੀਤੀ ਜਾਰੀ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਨੇ ਗਰਮੀ ਦੇ ਮੌਸਮ ਦੌਰਾਨ ਲਗਾਤਾਰ ਵੱਧ ਰਹੇ ਤਾਪਮਾਨ ਅਤੇ ਲੂ ਕਾਰਨ ਪੈਦਾ ਹੋ ਸਕਦੇ ਸਿਹਤ ਖਤਰਿਆਂ ਤੋਂ ਬਚਾਓ ਸਬੰਧੀ ਸਿਹਤ ਐਡਵਾਈਜਰੀ ਜਾਰੀ ਕੀਤੀ ਹੈ। ਗਰਮੀ ਤੋਂ ਬਚਣ ਬਾਰੇ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਨੇ ਕਿਹਾ ਕਿ ਗਰਮੀ ਤੋਂ ਆਪਣੇ ਆਪ ਨੂੰ ਬਚਾਉਣ ਲਈ ਤਰਲ ਪਦਾਰਥਾਂ ਜਿਵੇਂ ਲੱਸੀ, ਨਿੰਬੂ ਪਾਣੀ ਆਦਿ ਦਾ ਵੱਧ ਤੋ ਵੱਧ ਸੇਵਨ ਕਰਨਾ ਚਾਹੀਦਾ ਹੈ, ਤਿੱਖੀ ਧੁੱਪ ਤੋ ਬੱਚਣ ਲਈ ਦੁਪਿਹਰ ਵੇਲੇ ਘਰ ਤੋ ਬਾਹਰ ਘੱਟ ਤੋ ਘੱਟ ਨਿਕਲਿਆ ਜਾਵੇਂ ਗਰਮੀ ਦੇ ਦਿਨਾਂ ਦੌਰਾਨ ਹਮੇਸ਼ਾ ਹਲਕੇ ਰੰਗ ਦੇ ਸੂਤੀ ਕਪੜੇ ਪਾਏ ਜਾਣ ਅਤੇ ਛੱਤਰੀ ਦਾ ਪ੍ਰਯੋਗ ਕੀਤਾ ਜਾਵੇ।



ਉਹਨਾਂ ਦੱਸਿਆ ਕਿ ਨਵ ਜੰਮੇ ਬੱਚਿਆਂ,ਮੋਟਾਪੇ ਤੋਂ ਪੀੜਤ ਲੋਕਾਂ,ਮਾਨਸਿਕ ਰੂਪ ਵਿੱਚ ਬੀਮਾਰ ਲੋਕਾਂ,ਦਿਲ ਦੇ ਰੋਗਾਂ ਤੋਂ ਪੀੜਤ ਵਿਅਕਤੀ , ਬਜੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਗਰਮੀ ਲਗਣ ਦਾ ਜਿਆਦਾ ਖਤਰਾ ਹੁੰਦਾ ਹੈ, ਇਸ ਲਈ ਗਰਮੀ ਦੇ ਦਿਨਾਂ ਵਿਚ ਬੱਚਿਆਂ, ਬਜੁਰਗਾਂ ਅਤੇ ਗਰਭਵਤੀ ਔਰਤਾਂ ਦਾ ਖਾਸ ਧਿਆਨ ਰਖਿਆ ਜਾਵੇ ਅਤੇ 10 ਵਜੇ ਤੋ ਬਾਅਦ ਬੱਚਿਆਂ ਨੂੰ ਧੁੱਪ ਵਿਚ ਖਡਾਉਣ ਤੋ ਗੁਰੇਜ਼ ਕਰਨ ਦੀ ਸਲਾਹ ਦਿੱਤੀ।

# ਕਾਂਗਰਸੀ ਉਮੀਦਵਾਰ ਸੋਨੂੰ ਖਰੇਰਾ ਵੱਲੋਂ ਨੌਰਥ ਸਟੇਟ ਇਲਾਕੇ ਵਿੱਚ ਕੀਤਾ ਗਿਆ ਘਰ-ਘਰ ਪ੍ਰਚਾਰ



**ਬਠਿੰਡਾ,24 ਮਈ/**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਰਡ ਨੰਬਰ 10 ਤੋਂ ਕਾਂਗਰਸ ਪਾਰਟੀ ਦੇ ਹਰਮਨ ਪਿਆਰੇ ਉਮੀਦਵਾਰ ਸੋਨੂੰ ਖਰੇਰਾ ਜੀ ਵੱਲੋਂ ਚੋਣ ਮੁਹਿੰਮ ਤਹਿਤ ਨੌਰਥ ਸਟੇਟ ਇਲਾਕੇ ਵਿੱਚ 'ਡੋਰ-ਟੂ-ਡੋਰ' (ਘਰ-ਘਰ) ਚੋਣ ਪ੍ਰਚਾਰ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਸਾਂਝਾ ਕੀਤਾ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸੋਨੂੰ ਖਰੇਰਾ ਨੇ ਕਿਹਾ ਕਿ ਵਾਰਡ ਵਿੱਚ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ, ਸਾਡੇ ਕੰਮ ਹੀ ਸਾਡੀ ਪਹਿਚਾਨ ਸੀ ਤੇ ਅੱਗੇ ਕੰਮ ਹੀ ਸਾਡੀ ਪਹਿਚਾਣ ਬਣੀ ਰਹੇਗੀ।

ਇਸ ਪ੍ਰੋਗਰਾਮ ਵਿੱਚ ਪਹੁੰਚਣ ਲਈ ਇਲਾਕਾ ਨਿਵਾਸੀਆਂ ਨੂੰ ਪਰਿਵਾਰ ਸਮੇਤ ਖੁੱਲ੍ਹਾ ਸੱਦਾ ਦਿੱਤਾ ਗਿਆ ਸੀ, ਜਿਸ ਦਾ ਹੁੰਗਾਰਾ ਦਿੰਦੇ ਹੋਏ ਲੋਕਾਂ ਨੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਪ੍ਰੋਗਰਾਮ ਦੀ ਸ਼ੋਭਾ ਵਧਾਈ।

ਇਸ ਵਿਸ਼ੇਸ਼ ਮੌਕੇ 'ਤੇ ਇਲਾਕੇ ਦੇ ਪ੍ਰਮੁੱਖ ਆਗੂ ਬਲਜਿੰਦਰ ਠੇਕੇਦਾਰ, ਕੂਕਾ ਢਿੱਲੋਂ, ਅਜੇ ਖਾਤਕ, ਪ੍ਰਕਾਸ਼ ਨਿਨਾਣੀਆਂ, ਵਿਨੋਦ ਨੁਗਰੀਆ, ਪ੍ਰਿਥੀ ਸ਼ਿਵਾਨ, ਮਹੇਸ਼ ਸ਼ਿਵਾਨ, ਰੋਹਿਤ ਸ਼ਿਵਾਨ, ਜਗਦੀਸ਼ ਖੁਰਾਣਾ, ਨਰੇਸ਼ ਗਰਗ ਅਤੇ ਹੈਪੀ ਸੋਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਾਰਿਆਂ ਨੇ ਸਾਂਝੇ ਤੌਰ 'ਤੇ ਉਮੀਦਵਾਰ ਸੋਨੂੰ ਖਰੇਰਾ ਜੀ ਦੀ ਹਮਾਇਤ ਕੀਤੀ।

## ਆਮ ਆਦਮੀ ਪਾਰਟੀ ਵੱਲੋਂ ਧੂਰੀ 'ਚ ਚੋਣ ਪ੍ਰਚਾਰ ਜ਼ੋਰਾਂ 'ਤੇ

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਰਵਾਏ ਵਿਕਾਸ ਕਾਰਜਾਂ ਨੂੰ ਮਿਲ ਰਿਹਾ ਜਨ ਸਮਰਥਨ



**ਧੂਰੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਧੂਰੀ ਦੀਆਂ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਪ੍ਰਚਾਰ ਮੁਹਿੰਮ ਨੂੰ ਪੂਰੇ ਜੋਸ਼ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਤਹਿਤ ਪਾਰਟੀ ਦੇ ਆਗੂਆਂ ਵੱਲੋਂ ਵੱਖ-ਵੱਖ ਵਾਰਡਾਂ ਵਿੱਚ ਜਨ ਸਭਾਵਾਂ ਅਤੇ ਘਰ-ਘਰ ਸੰਪਰਕ ਰਾਹੀਂ ਲੋਕਾਂ ਤੱਕ ਪਹੁੰਚ ਬਣਾਈ ਜਾ ਰਹੀ ਹੈ।

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਵੱਲੋਂ ਵਾਰਡ ਨੰਬਰ 14 ਤੋਂ ਉਮੀਦਵਾਰ ਸੰਦੀਪ ਬਾਂਸਲ ਦੇ ਹੱਕ 'ਚ ਇਕ ਵੱਡੀ ਪਬਲਿਕ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ। ਲੋਕਾਂ ਦੀ ਭਾਰੀ ਹਾਜ਼ਰੀ ਸਦਕਾ ਇਹ ਮੀਟਿੰਗ ਇੱਕ ਵੱਡੀ ਰੈਲੀ ਵਿੱਚ ਤਬਦੀਲ ਹੋ ਗਈ, ਜਿਸ ਨਾਲ ਪਾਰਟੀ ਦੇ ਹੱਕ ਵਿੱਚ ਬਣ ਰਹੀ ਲਹਿਰ ਦਾ ਅੰਦਾਜ਼ਾ ਲੱਗਦਾ ਹੈ।

ਸੁਖਵੀਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧੂਰੀ ਸ਼ਹਿਰ ਦੇ ਵਿਕਾਸ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਆਧੁਨਿਕ ਢਾਂਚਾਗਤ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਨਵਾਂ ਹਸਪਤਾਲ, ਲਾਇਬ੍ਰੇਰੀ ਬਣ ਚੁੱਕੀ ਹੈ ਅਤੇ ਸ਼ਹਿਰ ਦੇ ਸੁੰਦਰੀਕਰਨ ਦੇ ਕੰਮ ਜ਼ੋਰਾਂ 'ਤੇ ਚੱਲ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ ਇਹ ਸਾਰੇ ਵਿਕਾਸ ਕਾਰਜ ਮੁੱਖ ਮੰਤਰੀ ਦੀ ਦੂਰਦਰਸ਼ੀ ਸੋਚ ਦਾ ਨਤੀਜਾ ਹਨ, ਜਿਨ੍ਹਾਂ ਨਾਲ ਧੂਰੀ ਦੀ ਪੁਰਾਣੀ ਤਸਵੀਰ ਬਦਲ ਕੇ ਇੱਕ ਨਵਾਂ ਆਧੁਨਿਕ ਰੂਪ ਸਾਹਮਣੇ ਆ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰਪੂਰ ਪਿਆਰ ਅਤੇ ਸਮਰਥਨ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਿਆ ਹੈ।

ਤਿੱਖੀ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਨੂੰ ਸੁਖਵੀਰ ਸਿੰਘ ਨੇ ਮੁੱਖ ਮੰਤਰੀ ਦੇ ਕੰਮਾਂ 'ਤੇ ਲੋਕਾਂ ਦੇ ਭਰੋਸੇ ਦੀ ਨਿਸ਼ਾਨੀ ਦੱਸਿਆ। ਉਨ੍ਹਾਂ ਕਿਹਾ ਕਿ ਇਹ ਜਨ ਸਮਰਥਨ ਹੀ ਸਰਕਾਰ ਦੀ ਅਸਲ ਕਮਾਈ ਹੈ।

ਇਸ ਮੌਕੇ ਹੈਪੀ ਗਰਗ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਸੁਖਵੀਰ ਸਿੰਘ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਵਿੱਚ ਵਧ ਰਹੀ ਸ਼ਮੂਲੀਅਤ ਇਹ ਦਰਸਾਉਂਦੀ ਹੈ ਕਿ ਲੋਕ ਵਿਕਾਸ ਦੀ ਰਾਜਨੀਤੀ ਨਾਲ ਜੁੜਨਾ ਚਾਹੁੰਦੇ ਹਨ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਮਤਾਂ ਨਾਲ ਜਿਤਾ ਕੇ ਵਿਕਾਸ ਦੀ ਇਸ ਲੜੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਇਸ ਮੌਕੇ ਪਾਰਟੀ ਦੇ ਕਈ ਆਗੂ, ਵਰਕਰ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

# ਸਮੂਹ ਕਰਮਚਾਰੀਆਂ ਵੱਲੋਂ ਸਰਕਾਰ ਨੂੰ ਆਰ-ਪਾਰ ਦੀ ਲੜਾਈ ਲਈ ਚੇਤਾਵਨੀ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀਆਂ ਸਮੂਹ ਕਰਮਚਾਰੀ ਅਤੇ ਭਰਾਤਰੀ ਜੱਥੇਬੰਦੀਆਂ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਪ੍ਰਭਾਤ ਪਰਵਾਨਾ



ਮੈਮੋਰੀਅਲ ਹਾਲ, ਬਾਰਾਂਦਰੀ ਪਟਿਆਲਾ ਵਿਖੇ ਇੱਕ ਰੋਜ਼ਾ ਵਿਸ਼ਾਲ ਕਨਵੈਨਸ਼ਨ ਕੀਤਾ ਗਿਆ। ਇਸ ਕਨਵੈਨਸ਼ਨ ਦੌਰਾਨ ਆਉਣ ਵਾਲੇ ਤਿੰਨ ਮਹੀਨਿਆਂ ਲਈ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਗਈ ਅਤੇ ਸਰਕਾਰ ਨੂੰ ਆਰ-ਪਾਰ ਦੀ ਲੜਾਈ ਲਈ ਚੇਤਾਵਨੀ ਦਿੱਤੀ ਗਈ।

ਕਨਵੈਨਸ਼ਨ ਵਿੱਚ ਕਰਮਚਾਰੀ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਾਲ 2022 ਦੀਆਂ ਚੋਣਾਂ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਵਾਅਦਾ ਕੀਤਾ ਸੀ ਅਤੇ 18 ਨਵੰਬਰ 2022 ਨੂੰ ਇਸ ਸੰਬੰਧੀ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਸੀ। ਪਰ ਅਜੇ ਤੱਕ ਸਰਕਾਰ ਵੱਲੋਂ ਇਸ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਲਈ ਕੋਈ ਐੱਸ.ਓ.ਪੀ. ਜਾਰੀ ਨਹੀਂ ਕੀਤੀ ਗਈ, ਜਿਸ ਕਾਰਨ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਕਰਮਚਾਰੀ ਆਗੂਆਂ ਨੇ ਕਿਹਾ ਕਿ ਜਿੱਥੇ ਕਾਂਗਰਸ ਪਾਰਟੀ ਨੇ ਆਪਣੇ ਵਾਅਦੇ ਅਨੁਸਾਰ ਹਿਮਾਚਲ ਪ੍ਰਦੇਸ਼ ਵਿੱਚ ਪਹਿਲੀ ਕੈਬਿਨੇਟ ਮੀਟਿੰਗ ਦੌਰਾਨ ਹੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰ ਦਿੱਤੀ, ਉੱਥੇ ਪੰਜਾਬ ਵਿੱਚ ਆਪ ਸਰਕਾਰ ਨੂੰ ਬਣੇ ਸਾਢੇ ਚਾਰ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ, ਪਰ ਕਰਮਚਾਰੀਆਂ ਨਾਲ ਕੀਤਾ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਨੇ ਖੁਦ ਕਰਮਚਾਰੀ ਰੈਲੀਆਂ ਵਿੱਚ ਆ ਕੇ ਪਹਿਲੀ ਕੈਬਿਨੇਟ ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਭਰੋਸਾ ਦਿੱਤਾ ਸੀ, ਪਰ ਹੁਣ ਪੂਰੇ ਪੰਜਾਬ ਦੇ ਕਰਮਚਾਰੀ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ।

ਇਸ ਮੌਕੇ ਮੇਜਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਕਰਮਚਾਰੀਆਂ ਵੱਲੋਂ ਕਾਨੂੰਨੀ ਲੜਾਈ ਵੀ ਲਗਾਤਾਰ ਲੜੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਕਰਮਚਾਰੀਆਂ ਵੱਲੋਂ ਅਨੂਪ ਸ਼ਰਮਾ ਅਤੇ ਹੋਰ ਸਾਥੀਆਂ ਦੇ ਨਾਮ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੇਸ ਦਾਇਰ ਕੀਤਾ ਗਿਆ ਹੈ, ਜਿਸ ਵਿੱਚ ਪੰਜਾਬ ਸਰਕਾਰ ਨੂੰ 18 ਨਵੰਬਰ 2022 ਦੇ ਜਾਰੀ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਅਤੇ ਐੱਸ.ਓ.ਪੀ. ਜਾਰੀ ਕਰਨ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਹਾਈਕੋਰਟ ਇੰਪਲਾਈਜ਼ ਐਸੋਸੀਏਸ਼ਨ ਵੱਲੋਂ ਵੀ ਪੁਰਾਣੀ ਪੈਨਸ਼ਨ ਸਕੀਮ ਦੇ ਹੱਕ ਵਿੱਚ ਕਾਨੂੰਨੀ ਪੱਖ ਮਜ਼ਬੂਤੀ ਨਾਲ ਰੱਖਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਕੋਰਟ ਵਿੱਚ ਵਾਰ-ਵਾਰ ਤਰੀਕਾਂ ਲੈ ਕੇ ਮਾਮਲੇ ਨੂੰ ਲਟਕਾਉਣ ਦੀ ਕੋਸ਼ਿਸ ਕਰ ਰਹੀ ਹੈ, ਪਰ ਕਰਮਚਾਰੀ ਆਪਣੀ ਕਾਨੂੰਨੀ ਅਤੇ ਲੋਕਤਾਂਤਰਿਕ ਲੜਾਈ ਪੂਰੀ ਦ੍ਰਿੜਤਾ ਨਾਲ ਜਾਰੀ ਰੱਖਣਗੇ।

ਇਸ ਮੌਕੇ ਦੀਪਕ ਪੁਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦੇ ਸੰਬੰਧ ਵਿੱਚ ਜਾਰੀ ਕੀਤਾ ਗਿਆ ਨੋਟੀਫਿਕੇਸ਼ਨ ਸਿਰਫ ਕਾਗਜ਼ਾਂ ਤੱਕ ਸੀਮਿਤ ਕਰ ਦਿੱਤਾ ਗਿਆ ਹੈ, ਜਦਕਿ ਕਰਮਚਾਰੀ ਅਜੇ ਵੀ ਆਪਣੇ ਹੱਕ ਲਈ ਸੰਘਰਸ਼ ਕਰਨ ਲਈ ਮਜਬੂਰ ਹਨ। ਉਹਨਾਂ ਕਿਹਾ ਕਿ ਕਰਮਚਾਰੀਆਂ ਵੱਲੋਂ ਹਾਈ ਕੋਰਟ ਵਿੱਚ ਦਾਇਰ ਕੀਤੇ ਕੇਸਾਂ ਰਾਹੀਂ ਸਰਕਾਰ ਨੂੰ ਉਸਦੇ ਕੀਤੇ ਵਾਅਦੇ ਯਾਦ ਕਰਵਾਏ ਜਾ ਰਹੇ ਹਨ ਅਤੇ ਕੋਰਟ ਵਿੱਚ ਇਹ ਮੰਗ ਕੀਤੀ ਜਾ ਰਹੀ ਹੈ ਕਿ 18 ਨਵੰਬਰ 2022 ਦੇ ਨੋਟੀਫਿਕੇਸ਼ਨ ਨੂੰ ਤੁਰੰਤ ਲਾਗੂ ਕਰਕੇ ਐੱਸ.ਓ.ਪੀ. ਜਾਰੀ ਕੀਤੀ ਜਾਵੇ। ਉਹਨਾਂ ਕਿਹਾ ਕਿ ਜੇਕਰ ਸਰਕਾਰ ਨੇ ਹੁਣ ਵੀ ਕਰਮਚਾਰੀਆਂ ਦੀਆਂ ਭਾਵਨਾਵਾਂ ਨੂੰ ਨਾ ਸਮਝਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੀਬਰ ਕੀਤਾ ਜਾਵੇਗਾ ਅਤੇ ਪੰਜਾਬ ਪੱਧਰ 'ਤੇ ਵੱਡੇ ਐਕਸ਼ਨ ਉਲੀਕੇ ਜਾਣਗੇ।

# ਪੀ.ਆਰ.ਟੀ.ਸੀ ਪੈਨਸ਼ਨਰਾਂ ਦੀ ਹੋਈ ਮਾਸਿਕ ਮੀਟਿੰਗ ਰਹਿੰਦੇ ਬਕਾਏ ਦੇਣ ਦੀ ਕੀਤੀ ਮੰਗ

## ਅਦਾਰੇ ਅੰਦਰ ਕਿਲੋਮੀਟਰ ਸਕੀਮ ਅਧੀਨ ਬੱਸਾਂ ਪਾਉਣ ਦਾ ਕੀਤਾ ਵਿਰੋਧ, ਬਣਦਾ ਡੀ.ਏ ਦੇਣ ਦੀ ਕੀਤੀ ਮੰਗ

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਆਰ.ਟੀ.ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਪੀ.ਆਰ.ਟੀ.ਸੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਪ੍ਰਧਾਨਗੀ ਹੇਠ ਪੁਰਾਣੇ ਬੱਸ ਸਟੈਂਡ ਪਟਿਆਲਾ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਡਿਪੂਆਂ ਤੋਂ ਭਾਰੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਆਪਣੇ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਦੇਣ ਉਪਰੰਤ, ਸੂਬਾ ਪ੍ਰਧਾਨ ਵੱਲੋਂ ਪਿਛਲੇ ਦਿਨੀਂ ਹੋਈ ਮੈਨੇਜਮੈਂਟ ਨਾਲ ਮੀਟਿੰਗ ਦਾ ਬਿਉਰਾ ਦੇਣ ਨਾਲ ਮੀਟਿੰਗ ਸ਼ੁਰੂ ਹੋਈ। ਮੈਨੇਜਮੈਂਟ ਨਾਲ ਹੋਈ ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਮੈਨੇਜਮੈਂਟ ਨੇ ਸਾਡੀ ਮੰਗ ਅਨੁਸਾਰ ਅਪ੍ਰੈਲ ਮਹੀਨੇ ਦੀ ਪੈਨਸ਼ਨ 4 ਮਈ ਨੂੰ ਪਾ ਦਿੱਤੀ ਵੱਖ-ਵੱਖ ਡਿਪੂਆਂ ਵੱਲੋਂ ਆਈ ਮੰਗ ਅਨੁਸਾਰ ਸੋਧੀ ਗ੍ਰੇਚੁਟੀ ਅਤੇ 5 ਮਹੀਨੇ ਦੇ ਮੈਡੀਕਲ ਬਿੱਲਾਂ ਦੇ ਬਕਾਏ ਦਾ ਭੁਗਤਾਨ ਕਰ ਦਿੱਤਾ ਹੈ ਅਤੇ ਸੋਧੇ ਗ੍ਰੇਡਾਂ, 2016 ਦੇ ਬਕਾਇਆਂ ਦੀ ਪਹਿਲੀ ਕਿਸ਼ਤ ਮਈ ਦੀ ਪੈਨਸ਼ਨ ਦੇ ਨਾਲ ਜਾਂ 2-4 ਦਿਨ ਬਾਅਦ ਦੇ ਦਿੱਤੀ ਜਾਏਗੀ। ਸਮੁੱਚੇ ਡਿਪੂਆਂ ਦੇ ਬੁਲਾਰਿਆਂ ਨੇ ਕੇਂਦਰੀ ਬਾਡੀ ਦੀ ਕਾਰਗੁਜਾਰੀ ਦੀ ਸ਼ਲਾਘਾ ਕੀਤੀ ਅਤੇ ਰਹਿੰਦੇ ਕੁਝ ਹੋਰ ਬਕਾਇਆਂ ਦੀ ਅਦਾਇਗੀ ਕਰਾਉਣ ਦੀ ਮੰਗ ਕੀਤੀ।



ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਕਿਹਾ ਕਿ ਇਹ ਪ੍ਰਾਪਤੀ ਸਾਡੇ ਏਕੇ ਨਾਲ ਹੋਈ ਹੈ ਅਤੇ ਇਸਨੂੰ ਬਰਕਰਾਰ ਰੱਖਣਾ ਹੈ। ਉਨ੍ਹਾਂ ਨੇ ਆਪਣੀਆਂ ਮੰਗਾਂ ਸੰਬੰਧੀ ਸੰਘਰਸ਼ ਕਰ ਰਹੇ ਠੇਕੇ ਦੇ ਆਧਾਰ 'ਤੇ ਕੰਮ ਕਰ ਰਹੇ ਕਾਮਿਆਂ 'ਤੇ ਸਰਕਾਰੀ ਤਸ਼ੱਦਦ ਦੀ ਨਿਖੇਧੀ ਕੀਤੀ ਅਤੇ ਉਨ੍ਹਾਂ ਤੇ ਬਣਾਏ ਕੇਸ ਵਾਪਿਸ ਲੈ ਕੇ ਜੇਲ੍ਹ ਤੋਂ ਰਿਹਾਅ ਕਰਨ ਦੀ ਮੰਗ ਕੀਤੀ। ਉਨ੍ਹਾਂ ਨੇ ਅਦਾਰੇ ਅੰਦਰ ਕਿਲੋਮੀਟਰ ਸਕੀਮ ਦੀ ਥਾਂ ਪੀ.ਆਰ.ਟੀ.ਸੀ ਦੀਆਂ ਆਪਣੀਆਂ ਬੱਸਾਂ ਪਾਉਣ ਦੀ ਮੰਗ ਕੀਤੀ। ਉਨ੍ਹਾਂ ਨੇ ਕੀਤੀਆਂ ਅਦਾਇਗੀਆਂ ਲਈ ਪੀ.ਆਰ.ਟੀ.ਸੀ ਦੀ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਰਹਿੰਦੇ ਬਕਾਇਆਂ ਦੀ ਵੀ ਅਦਾਇਗੀ ਕਰਨ ਦੀ ਮੰਗ ਕੀਤੀ। ਉਨ੍ਹਾਂ ਨੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਏਕਾ ਬਣਾਈ ਰੱਖਣ 'ਤੇ ਜੋਰ ਦਿੱਤਾ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਨੂੰ ਸਰਵ ਸ੍ਰੀ ਬਚਨ ਸਿੰਘ ਅਰੋੜਾ ਜਨਰਲ ਸਕੱਤਰ ਕੇਂਦਰੀ ਬਾਡੀ, ਹਰਭਜਨ ਸਿੰਘ ਚੰਡੀਗੜ੍ਹ ਡਿਪੂ, ਹਰਦੇਵ ਸਿੰਘ ਲੁਧਿਆਣਾ, ਤਰਸੇਮ ਸਿੰਘ ਸੈਣੀ ਕਪੂਰਥਲਾ, ਪ੍ਰੀਤਮ ਸਿੰਘ ਬਾਗੜ ਬਠਿੰਡਾ, ਮਦਨਮੋਹਨ ਬਰਨਾਲਾ, ਸੁਖਦੇਵ ਸਿੰਘ ਜਖੇਪਲ ਬੁਢਲਾਢਾ, ਲਖਵੀਰ ਸਿੰਘ ਲੱਖੀ ਸੰਗਰੂਰ, ਕਾਲਾ ਸਿੰਘ ਕੋਟਕਪੂਰਾ ਫਰੀਦਕੋਟ ਅਤੇ ਜੋਗਿੰਦਰ ਸਿੰਘ ਪਟਿਆਲਾ ਨੇ ਵੀ ਸੰਬੋਧਨ ਕੀਤਾ। ਇਸ ਮੀਟਿੰਗ ਨੂੰ ਕਾਮਯਾਬ ਕਰਨ ਲਈ ਸਰਵ ਸ੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ, ਅਮੋਲਕ ਸਿੰਘ ਕੈਸ਼ੀਅਰ, ਬੀਰ ਸਿੰਘ, ਮਹਿੰਦਰ ਸਿੰਘ ਸੋਹੀ, ਸੂਰਜ ਭਾਨ ਜਨਰਲ ਸਕੱਤਰ ਪਟਿਆਲਾ, ਸੰਤੋਸ਼ ਕ੍ਰਿਸ਼ਨ ਚਪੜ, ਗੁਰਦੀਪ ਸਿੰਘ, ਬਲਵੰਤ ਸਿੰਘ ਕੈਸ਼ੀਅਰ, ਰਾਮੇਸ਼ਵਰ ਦਾਸ, ਸ਼ਾਮ ਸੁੰਦਰ, ਦਵਿੰਦਰ ਸਿੰਘ ਟਿਵਾਣਾ ਅਤੇ ਬਲਰਾਜ ਸਿੰਘ ਟਿਵਾਣਾ ਨੇ ਭਰਪੂਰ ਯੋਗਦਾਨ ਪਾਇਆ। ਸਟੇਜ ਦੀ ਜਿੰਮੇਵਾਰੀ ਬਚਨ ਸਿੰਘ ਅਰੋੜਾ ਨੇ ਬਾ-ਖੂਬੀ ਨਿਭਾਈ।

# ਥਾਣਿਆਂ 'ਚ ਨਹੀਂ ਲੱਗਣਗੇ ਪੁਰਾਣੇ ਵਾਹਨਾਂ ਦੇ ਢੇਰ : ਐਸਐਸਪੀ ਡਾ. ਦਰਪਣ ਆਹਲੂਵਾਲੀਆ



**ਲੁਧਿਆਣਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਜ਼ਿਲ੍ਹਾ ਖੰਨਾ ਵੱਲੋਂ ਥਾਣਿਆਂ ਅਤੇ ਪੁਲਿਸ ਲਾਈਨਾਂ ਵਿੱਚ ਲੰਬੇ ਸਮੇਂ ਤੋਂ ਖੜ੍ਹੇ ਜ਼ਬਤ ਅਤੇ ਲਾਵਾਰਿਸ ਵਾਹਨਾਂ ਦੀ ਡਿਸਪੋਜ਼ਲ ਪ੍ਰਕਿਰਿਆ ਨੂੰ ਤੇਜ਼ ਅਤੇ ਪਾਰਦਰਸ਼ੀ ਬਣਾਉਣ ਲਈ ਐਸਐਸਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸਮੂਹ ਐੱਸਪੀਜ਼, ਡੀਐੱਸਪੀਜ਼, ਵਹੀਕਲ ਡਿਸਪੋਜ਼ਲ ਕਮੇਟੀ ਮੈਂਬਰਾਂ ਅਤੇ ਹੋਰ ਅਧਿਕਾਰੀਆਂ ਨੇ ਭਾਗ ਲਿਆ।

ਐਸਐਸਪੀ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਥਾਣਿਆਂ ਵਿੱਚ ਪੁਰਾਣੇ ਵਾਹਨਾਂ ਦੇ ਢੇਰ ਕਾਰਨ ਜਗ੍ਹਾ ਦੀ ਕਮੀ ਪੈਦਾ ਹੁੰਦੀ ਹੈ, ਇਸ ਲਈ ਡਿਸਪੋਜ਼ਲ ਪ੍ਰਕਿਰਿਆ ਨੂੰ ਨਿਯਮਾਂ ਅਨੁਸਾਰ ਤੇਜ਼ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਕੇਸ ਦੀ ਕਾਨੂੰਨੀ ਕਾਰਵਾਈ ਪੂਰੀ ਕਰਨ ਤੋਂ ਬਾਅਦ ਹੀ ਵਾਹਨਾਂ ਦੀ ਨੀਲਾਮੀ ਜਾਂ ਨਿਪਟਾਰਾ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਖੰਨਾ ਪੁਲਿਸ ਦੇ ਥਾਣਿਆਂ ਵਿੱਚ ਇਸ ਵੇਲੇ 544 ਚਾਰ ਪਹੀਆ ਅਤੇ 884 ਦੋ ਪਹੀਆ ਵਾਹਨਾਂ ਸਮੇਤ ਕੁੱਲ 1428 ਵਾਹਨ ਮੌਜੂਦ ਹਨ।

ਹਰੇਕ ਥਾਣੇ ਲਈ ਇੱਕ ਗਜ਼ਟਿਡ ਅਫ਼ਸਰ ਦੀ ਡਿਊਟੀ ਲਗਾਈ ਗਈ ਹੈ। ਮੁਹਿੰਮ ਦੇ ਪਹਿਲੇ ਦਿਨ 117 ਵਾਹਨ ਉਨ੍ਹਾਂ ਦੇ ਵਾਰਸਾਂ ਨੂੰ ਸੌਂਪੇ ਗਏ, ਜਦਕਿ 79 ਵਾਹਨਾਂ ਦੀ ਨੀਲਾਮੀ ਲਈ ਅਦਾਲਤ ਤੋਂ ਮਨਜ਼ੂਰੀ ਵੀ ਲੈ ਲਈ ਗਈ ਹੈ।

ਐਸਐਸਪੀ ਨੇ ਕਿਹਾ ਕਿ ਪੁਲਿਸ ਦਾ ਮਕਸਦ ਸਿਰਫ਼ ਅਮਨ-ਕਾਨੂੰਨ ਕਾਇਮ ਰੱਖਣਾ ਹੀ ਨਹੀਂ, ਸਗੋਂ ਪ੍ਰਸ਼ਾਸਕੀ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਵੀ ਹੈ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਨਿਯਮਾਂ ਦੀ ਉਲੰਘਣਾ ਜਾਂ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਕੱਚੇ ਮਾਲ ਦੀ ਕਮੀ ਕਾਰਨ ਜੂਟ ਉਦਯੋਗ ਸੰਕਟ ਵਿਚ, 75,000 ਮਜ਼ਦੂਰਾਂ ’ਤੇ ਬੇਰੁਜ਼ਗਾਰੀ ਦਾ ਖ਼ਤਰਾ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 24 ਮਈ। ਕੱਚੇ ਜੂਟ ਦੀ ਭਾਰੀ ਕਮੀ ਅਤੇ ਕੀਮਤਾਂ ਵਿਚ ਤੇਜ਼ ਵਾਧੇ ਦੇ ਵਿਚਾਲੇ ਪੱਛਮੀ ਬੰਗਾਲ ਦੇ ਜੂਟ ਮਿੱਲ ਮਾਲਕਾਂ ਨੇ ਵੱਡੇ ਪੱਧਰ ’ਤੇ ਮਿੱਲਾਂ ਬੰਦ ਹੋਣ ਅਤੇ ਰੁਜ਼ਗਾਰ ’ਤੇ ਇਸ ਦੇ ਪੈਣ ਵਾਲੇ ਅਸਰ ਦੇ ਖ਼ਦਸ਼ੇ ਨੂੰ ਦੇਖਦਿਆਂ ਸੂਬੇ ਵਿਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੀ ਨਵੀਂ ਸਰਕਾਰ ਨੂੰ ਦਖਲ ਦੇਣ ਦੀ ਮੰਗ ਕੀਤੀ ਹੈ। ਇੰਡੀਅਨ ਜੂਟ ਮਿੱਲਜ਼ ਐਸੋਸੀਏਸ਼ਨ (ਆਈ.ਜੇ.ਐੱਮ.ਏ.) ਦੇ ਸੂਤਰਾਂ ਅਨੁਸਾਰ ਹੁਗਲੀ ਉਦਯੋਗਿਕ ਖੇਤਰ ਵਿਚ ਘੱਟੋ-ਘੱਟ 14 ਮਿੱਲਾਂ ਨੇ ਜਾਂ ਤਾਂ ਕੰਮਕਾਜ ਰੋਕ ਦਿੱਤਾ ਹੈ ਜਾਂ ਕੱਚੇ ਜੂਟ ਦੀ ਕਮੀ ਅਤੇ ਘਾਟੇ ਵਾਲੀ ਲਾਗਤ ਕਾਰਨ ਉਹ ਉਤਪਾਦਨ ਵਿਚ ਗੰਭੀਰ ਰੁਕਾਵਟ ਦਾ ਸਾਹਮਣਾ ਕਰ ਰਹੀਆਂ ਹਨ। ਆਈ.ਜੇ.ਐੱਮ.ਏ. ਦੇ ਇਕ ਸਾਬਕਾ ਚੇਅਰਮੈਨ ਨੇ ਕਿਹਾ ਕਿ ਜੂਟ ਬੇਲਰਜ਼ ਐਸੋਸੀਏਸ਼ਨ (ਜੇ.ਬੀ.ਏ.) ਦੀ ਦਰ 17,100 ਰੁਪਏ ਪ੍ਰਤੀ ਕੁਇੰਟਲ ’ਤੇ ਸਥਿਰ ਹੈ, ਵਪਾਰ ’ਤੇ ਰੋਕ ਲੱਗੀ ਹੋਈ ਹੈ ਅਤੇ ਨਵੀਂ ਫ਼ਸਲ ਆਉਣ ਵਿਚ ਅਜੇ 10 ਹਫ਼ਤੇ ਬਾਕੀ ਹਨ। ਅਜਿਹੇ ਵਿਚ ਬੰਗਾਲ ਦੀਆਂ ਮਿੱਲਾਂ ਨੂੰ ਬਿਨਾਂ ਕੱਚੇ ਮਾਲ ਦੇ ਕੰਮਕਾਜ ਚਲਾਉਣ ਲਈ ਕਿਹਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਿੱਲ ਮਾਲਕਾਂ ਨੂੰ ਉਮੀਦ ਹੈ ਕਿ ਨਵੀਂ ਸਰਕਾਰ ‘ਬਾਕੀ ਬਚਿਆ ਸਟਾਕ ਜਾਰੀ ਕਰਨ, ਐਮਰਜੈਂਸੀ ਇੰਪੋਰਟ ਦੀ ਇਜਾਜ਼ਤ ਦੇਣ ਅਤੇ ਮਿੱਲਾਂ ਨੂੰ ਸਹਾਰਾ ਦੇਣ ਲਈ ਕੀਮਤ ਦਾ ਦਾਇਰਾ ਬਹਾਲ ਕਰਨ ਲਈ ਕਦਮ ਚੁੱਕੇਗੀ। ਇਸ ਖੇਤਰ ਵਿਚ ਲੱਗਭਗ ਦੋ ਲੱਖ ਮਜ਼ਦੂਰ ਕੰਮ ਕਰ ਰਹੇ ਹਨ। ਮਿੱਲ ਮਾਲਕਾਂ ਦੇ ਅਨੁਮਾਨ ਅਨੁਸਾਰ ਅੰਸ਼ਕ ਤੌਰ ’ਤੇ ਮਿੱਲਾਂ ਬੰਦ ਹੋਣ, ਉਤਪਾਦਨ ਵਿਚ ਕਟੌਤੀ ਅਤੇ ਕੰਮਕਾਜ ਕਾਰਨ ਉੱਤਰੀ 24 ਪਰਗਨਾ ਅਤੇ ਹੁਗਲੀ



ਜ਼ਿਲਿਆਂ ਸਮੇਤ ਆਲੇ-ਦੁਆਲੇ ਦੇ ਉਦਯੋਗਿਕ ਖੇਤਰਾਂ ਵਿਚ ਲੱਗਭਗ 75,000 ਮਜ਼ਦੂਰ ਪਹਿਲਾਂ ਹੀ ਬੇਰੁਜ਼ਗਾਰੀ’ਦਾ ਸਾਹਮਣਾ ਕਰ ਰਹੇ ਹਨ। ਉਦਯੋਗ ਦੇ ਨੁਮਾਇੰਦਿਆਂ ਨੇ ਕਿਹਾ ਕਿ ਪਿਛਲੇ ਚਾਰ ਮਹੀਨਿਆਂ ਵਿਚ ਸੰਕਟ ਤੇਜ਼ੀ ਨਾਲ ਵਧਿਆ ਹੈ। ਕੇਂਦਰੀ ਟੈਕਸਟਾਈਲ ਸਕੱਤਰ ਨੂੰ ਦਿੱਤੇ ਇਕ ਮੰਗ ਪੱਤਰ ਵਿਚ ਜੇ.ਬੀ.ਏ. ਨੇ ਕਿਹਾ ਕਿ ਵਪਾਰਕ ਪਾਬੰਦੀਆਂ ਅਤੇ ਕਿਸੇ ਅਧਿਕਾਰਤ ਮਿਆਰੀ ਦਰ ਦੀ ਘਾਟ ਨੇ ਬਾਜ਼ਾਰ ਨੂੰ ‘ਪੂਰੀ ਅਨਿਸ਼ਚਿਤਤਾ’ ਵਿਚ ਪਾ ਦਿੱਤਾ ਹੈ, ਜਿਸ ਨਾਲ ਮਿੱਲਾਂ ਲਈ ਖ਼ਰੀਦ ਲਾਗਤ ਦਾ ਅੰਦਾਜ਼ਾ ਲਗਾਉਣਾ ਅਤੇ ਲੋੜੀਂਦੀ ਸਪਲਾਈ ਯਕੀਨੀ ਬਣਾਉਣਾ ਮੁਸ਼ਕਲ ਹੋ ਗਿਆ ਹੈ। ਯੂਨੀਅਨ ਨੇ ਚਿਤਾਵਨੀ ਦਿੱਤੀ ਕਿ ਮੌਜੂਦਾ ਸੰਕਟ ਸਿਰਫ਼ ਮੌਸਮੀ ਕਮੀ ਨਹੀਂ ਹੈ, ਸਗੋਂ ’ਲੰਬੇ ਸਮੇਂ ਤੋਂ ਜਾਰੀ ਸੱਟੇਬਾਜ਼ੀ ਵਾਲੀ ਜਮ?ਹਾਖੋਰੀ, ਵਿਗੜੇ ਹੋਏ ਬਾਜ਼ਾਰ ਦੇ ਹਾਲਾਤ ਅਤੇ ਪ੍ਰਸ਼ਾਸਨਿਕ ਨਾਕਾਮੀ’ ਦਾ ਨਤੀਜਾ ਹੈ। ਇਸ ਨੇ ਕੱਚੇ ਜੂਟ ਦੀਆਂ ਕੀਮਤਾਂ ਨੂੰ ਉਦਯੋਗ ਲਈ ਅਣਉਚਿਤ ਪੱਧਰ ’ਤੇ ਪਹੁੰਚਾ ਦਿੱਤਾ ਹੈ। ਇਕ ਜੂਟ ਮਿੱਲ ਦੇ ਮਾਲਕ ਨੇ ਕਿਹਾ ਕਿ ਸਾਲਾਂ ਤੋਂ ਬੇਲਗਾਮ ਜਮ?ਹਾਖੋਰੀ ਕਾਰਨ ਮਿੱਲਾਂ ਖ਼ਰੀਦ ਨਹੀਂ ਕਰ ਪਾ ਰਹੀਆਂ ਹਨ। ਪੱਛਮੀ ਬੰਗਾਲ ਨੇ ਸੱਤਾ ਪਰਿਵਰਤਨ ਲਈ ਵੋਟ ਪਾਈ ਹੈ। ਜੂਟ ਉਦਯੋਗ ਦੀ ਸਿਰਫ਼ ਇਹੀ ਉਮੀਦ ਹੈ ਕਿ ਇਸ ਬਦਲਾਅ ਦਾ ਹਾਂ-ਪੱਖੀ ਅਸਰ ਮਈ ਦੇ ਅਖੀਰ ਤੱਕ ਮਿੱਲ ਦੇ ਪੱਧਰ ’ਤੇ ਦਿਖਾਈ ਦੇਵੇ। ਉਦਯੋਗ ਨਾਲ ਜੁੜੇ ਲੋਕਾਂ ਨੇ ਦੋਸ਼ ਲਾਇਆ ਕਿ ਉਪਲਬਧ ਫ਼ਸਲ ਦਾ ਵੱਡਾ ਹਿੱਸਾ ਪਹਿਲਾਂ ਹੀ ਜਮ?ਹਾਖੋਰੀ ਕਰਨ ਵਾਲਿਆਂ ਨੇ ਉੱਚੀਆਂ ਕੀਮਤਾਂ ’ਤੇ ਖ਼ਰੀਦ ਲਿਆ ਹੈ, ਜਿਸ ਕਾਰਨ ਸੀਜ਼ਨ ਦੇ ਅਖੀਰ ਵਿਚ ਬਾਜ਼ਾਰ ਵਿਚ ਸਿਰਫ਼ ਦੋ ਤੋਂ ਤਿੰਨ ਲੱਖ ਗੱਠਾਂ ਹੀ ਉਪਲਬਧ ਹਨ। ਜੇ.ਬੀ.ਏ. ਦੇ ਮੈਂਬਰ ਓਮ ਸੋਨੀ ਨੇ ਕਿਹਾ ਕਿ ਵਪਾਰਕ ਗਤੀਵਿਧੀਆਂ ਅਤੇ ਮਿਆਰੀ ਦਰ ਦਾ ਪ੍ਰਕਾਸ਼ਨ ਬੰਦ ਹੋਣ ਤੋਂ ਬਾਅਦ ਬਾਜ਼ਾਰ ਲਗਭਗ ਠੱਪ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ੀਰੋ-ਸਟਾਕ ਹੁਕਮ ਦੋ ਧਾਰੀ ਤਲਵਾਰ ਹੈ। ਇਸ ਦਾ ਮਕਸਦ ਜਮ?ਹਾ ਕੀਤੇ ਗਏ ਕੱਚੇ ਜੂਟ ਨੂੰ ਬਾਜ਼ਾਰ ਵਿਚ ਲਿਆਉਣਾ ਹੈ, ਪਰ ਇਸ ਨਾਲ ਮਿੱਲਾਂ ਨੂੰ ਵੀ ਨੁਕਸਾਨ ਹੋ ਰਿਹਾ ਹੈ ਅਤੇ ਸਪਲਾਇਰ ਵਧਦੀ ਲਾਗਤ, ਬਕਾਇਆ ਭੁਗਤਾਨ ਅਤੇ ਸਖ਼ਤ ਜਮ?ਹਾਖੋਰੀ ਨਿਯਮਾਂ ਵਿਚਾਲੇ ਫਸ ਗਏ ਹਨ।’ ਉਨ੍ਹਾਂ ਕਿਹਾ ਕਿ ਸਾਡੀ ਸਿਰਫ਼ ਇਹੀ ਮੰਗ ਹੈ ਕਿ ਸਰਕਾਰ ਇਸ ਹੁਕਮ ਨੂੰ ਵਾਪਸ ਲਵੇ ਜਾਂ ਇਸ ਦੀ ਸਮਾਂ ਹੱਦ ਵਧਾਏ, ਤਾਂ ਜੋ ਬਾਕੀ ਬਚਿਆ ਕੱਚਾ ਜੂਟ ਬਾਜ਼ਾਰ ਵਿਚ ਆ ਸਕੇ ਅਤੇ ਸੰਕਟ ਦਾ ਸਾਹਮਣਾ ਕਰ ਰਹੀਆਂ ਮਿੱਲਾਂ ਕੁਝ ਸਮੇਂ ਲਈ ਬੰਦ ਹੋਣ ਤੋਂ ਬਚ ਸਕਣ।’ ਆਈ.ਜੇ.ਐੱਮ.ਏ.ਦੇ ਸਾਬਕਾ ਚੇਅਰਮੈਨ ਸੰਜੇ ਕਜਾਰੀਆ ਨੇ ਕਿਹਾ ਕਿ ਉਦਯੋਗ ਨੂੰ ਨਵੀਂ ਵਿਵਸਥਾ ਤਹਿਤ ਵਧੇਰੇ ਸੰਵੇਦਨਸ਼ੀਲ ਨੀਤੀਗਤ ਮਾਹੌਲ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਜੂਟ ਖੇਤਰ ਪੱਛਮੀ ਬੰਗਾਲ ਵਿਚ ਨਵੀਂ ਭਾਜਪਾ ਸਰਕਾਰ ਦਾ ਸਵਾਗਤ ਕਰਦਾ ਹੈ। ਅਸੀਂ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਨਾਲ ਮਿਲ ਕੇ ਕੱਚੇ ਜੂਟ ਦੀ ਸਪਲਾਈ ਨੂੰ ਸਥਿਰ ਕਰਨ ਅਤੇ ਉਦਯੋਗ ਵਿਚ ਰੁਜ਼ਗਾਰ ਦੀ ਰੱਖਿਆ ਕਰਨ ਦੀ ਦਿਸ਼ਾ ਵਿਚ ਕੰਮ ਕਰਨ ਦੀ ਉਮੀਦ ਕਰਦੇ ਹਾਂ। ‘ਡਬਲ ਇੰਜਣ’ ਸਰਕਾਰ ਤੋਂ ਉਦਯੋਗ ਦੀ ਉਮੀਦ ਟਕਰਾਅ ਦੀ ਬਜਾਏ ਸਥਿਰਤਾ ਅਤੇ ਆਪਸੀ ਸਲਾਹ-ਮਸ਼ਵਰੇ ’ਤੇ ਕੇਂਦਰਿਤ ਹੈ।

## ਗਰਮੀ ਤੋਂ ਬਚਣ ਦੇ ਚੱਕਰ ’ਚ ਬੁਝ ਗਏ ਘਰ ਦੇ ਦੋਵੇਂ ਚਿਰਾਗ !

ਨੈਸ਼ਨਲ ਡੈਸਕ 24 ਮਈ। ਉੱਤਰ ਪ੍ਰਦੇਸ਼ ਤੋਂ ਇਕ ਬੇਹੱਦ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ, ਜਿੱਥੇ ਗਾਜ਼ੀਪੁਰ ਜ਼ਿਲ੍ਹੇ ਦੇ ਸ਼ਾਦੀਆਬਾਦ ਥਾਣਾ ਖੇਤਰ ਦੇ ਅਧੀਨ ਪੈਂਦੇ ਪਿੰਡ ਕਨੂਵਾਨ ਵਿੱਚ ਵੀਰਵਾਰ ਨੂੰ ਇੱਕ ਦਰਦਨਾਕ ਹਾਦਸੇ ਦੌਰਾਨ ਨਹਿਰ ਵਿੱਚ ਡੁੱਬਣ ਕਾਰਨ ਦੋ ਸਕੇ ਨਾਬਾਲਗ ਭਰਾਵਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਕਿਸ਼ਨ ਕਨੌਜੀਆ (14) ਅਤੇ ਸ਼ਿਵਰਾਜ ਕਨੌਜੀਆ (13) ਵਜੋਂ ਹੋਈ ਹੈ। ਪੁਲਸ ਮੁਤਾਬਕ ਦੋਵੇਂ ਭਰਾ ਆਪਣੇ ਛੋਟੇ ਭਰਾ ਅਨੰਤਰਾਜ ਨਾਲ ਨਹਿਰ ਵਿੱਚ ਨਹਾਉਣ ਗਏ ਸਨ। ਨਹਾਉਂਦੇ ਸਮੇਂ ਸ਼ਿਵਰਾਜ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹ ਗਿਆ। ਉਸ ਨੂੰ ਡੁੱਬਦਾ ਦੇਖ ਵੱਡੇ ਭਰਾ ਕਿਸ਼ਨ ਨੇ ਉਸ ਨੂੰ ਬਚਾਉਣ ਲਈ ਨਹਿਰ ਵਿੱਚ ਛਾਲ ਮਾਰ ਦਿੱਤੀ, ਪਰ ਉਹ ਵੀ ਪਾਣੀ ਦੇ ਤੇਜ਼ ਵਹਾਅ ਅੱਗੇ ਬੇਵੱਸ ਹੋ ਗਿਆ ਅਤੇ ਦੋਵੇਂ ਡੁੱਬ ਗਏ। ਬਾਹਰ ਖੜ੍ਹੇ ਛੋਟੇ ਭਰਾ ਵੱਲੋਂ ਰੌਲਾ ਪਾਉਣ ’ਤੇ ਇਕੱਠੇ ਹੋਏ ਪਿੰਡ ਵਾਸੀਆਂ ਨੇ ਦੋਵਾਂ ਨੂੰ ਬਾਹਰ ਕੱਢ ਕੇ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।

### ਫੈਕਟਰੀ ਦੀ ਕੰਧ ਡਿੱਗਣ ਵਾਪਰਿਆ ਹਾਦਸਾ

ਬਠਿੰਡਾ 24 ਮਈ। ਪਿੰਡ ਨਰ ਸਿੰਘ ਕਲੋਨੀ ਵਿਚ ਕੰਧ ਹੇਠਾ ਦੱਬਣ ਨਾਲ ਇਕ ਮਜ਼ਦੂਰ ਔਰਤ ਦੀ ਮੌਤ ਹੋ ਗਈ, ਜਦੋਂ ਕਿ ਚਾਰ ਹੋਰ ਜ਼ਖਮੀ ਹੋ ਗਏ। ਸੰਗਤ ਪੁਲਸ ਨੇ ਦੋ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਨਰ ਸਿੰਘ ਕਲੋਨੀ ਦੇ ਵਸਨੀਕ ਰਜਿੰਦਰ ਕੁਮਾਰ ਨੇ ਪੁਲਸ ਨੂੰ ਦੱਸਿਆ ਕਿ ਉਸਦੀ ਪਤਨੀ ਸੁਨੀਤਾ ਰਾਣੀ ਇਕ ਗੈਸ ਏਜੰਸੀ ਦੇ ਗੋਦਾਮ ਵਿਚ ਮਜ਼ਦੂਰ ਵਜੋਂ ਕੰਮ ਕਰ ਰਹੀ ਸੀ। ਇਸ ਦੌਰਾਨ ਗੋਦਾਮ ਦੀ ਕੰਧ ਡਿੱਗ ਗਈ ਅਤੇ ਉਸਦੀ ਪਤਨੀ ਮਲਬੇ ਹੇਠ ਦੱਬ ਗਈ। ਇਸ ਘਟਨਾ ਵਿਚ ਸੁਨੀਤਾ ਦੀ ਮੌਤ ਹੋ ਗਈ, ਜਦਕਿ ਹੋਰ ਮਜ਼ਦੂਰ ਵੀਰਪਾਲ ਕੌਰ, ਮਹਿਕਪ੍ਰੀਤ ਕੌਰ, ਅੰਮ੍ਰਿਤ ਕੌਰ ਅਤੇ ਸੁਖਦੀਪ ਕੌਰ ਜ਼ਖਮੀ ਹੋ ਗਏ।

# ਸੜਕ ’ਤੇ ਪਲਟ ਗਈ 600 ਕਿਲੋ ਚਾਂਦੀ ਦੀਆਂ ਇੱਟਾਂ ਨਾਲ ਲੱਦੀ ਵੈਨ, 2 ਦੀ ਮੌਤ

ਪਾਲਘਰ 24 ਮਈ। ਮਹਾਰਾਸ਼ਟਰ ਦੇ ਪਾਲਘਰ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਸਵੇਰੇ ਮੁੰਬਈ-ਅਹਿਮਦਾਬਾਦ ਨੈਸ਼ਨਲ ਹਾਈਵੇਅ ’ਤੇ ਇੱਕ ਵੱਡਾ ਸੜਕ ਹਾਦਸਾ ਵਾਪਰਿਆ। ਕਰੋੜਾਂ ਰੁਪਏ ਦੀ ਚਾਂਦੀ ਲੈ ਕੇ ਜਾ ਰਹੀ ਇੱਕ ਵੈਨ ਡਿਵਾਈਡਰ ਨਾਲ ਟਕਰਾ ਕੇ ਦੂਜੀ ਲੇਨ ਵਿੱਚ ਜਾ ਕੇ ਇੱਕ ਟਰੱਕ ਨਾਲ ਭਿੜ ਗਈ, ਜਿਸ ਕਾਰਨ 2 ਲੋਕਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ ਅਤੇ ਇੱਕ ਹੋਰ ਵਿਅਕਤੀ ਜ਼ਖ਼ਮੀ ਹੋ ਗਿਆ। ਪੁਲਸ ਅਨੁਸਾਰ ਇਹ ਵੈਨ ਮੁੰਬਈ ਤੋਂ ਗੁਜਰਾਤ ਦੇ ਵਾਪੀ ਜਾ ਰਹੀ ਸੀ ਅਤੇ ਇਸ ਵਿੱਚ 600 ਕਿਲੋਗ੍ਰਾਮ ਚਾਂਦੀ ਦੀਆਂ 20 ਪਲੇਟਾਂ ਲੱਦੀਆਂ ਹੋਈਆਂ ਸਨ, ਜਿਸ ਦੀ ਕੀਮਤ ਲਗਭਗ 17 ਕਰੋੜ 66 ਲੱਖ ਰੁਪਏ ਦੱਸੀ ਜਾ ਰਹੀ ਹੈ। ਜਿਵੇਂ ਹੀ ਹਾਈਵੇਅ ’ਤੇ ਕਰੋੜਾਂ ਦੀ ਚਾਂਦੀ ਨਾਲ ਭਰੀ ਵੈਨ ਪਲਟਣ ਦੀ ਖ਼ਬਰ ਫੈਲੀ, ਆਲੇ-ਦੁਆਲੇ ਦੇ ਲੋਕਾਂ ਦੀ ਭਾਰੀ ਭੀੜ ਮੌਕੇ ’ਤੇ ਇਕੱਠੀ ਹੋ ਗਈ। ਇੰਨੀ ਵੱਡੀ ਮਾਤਰਾ ਵਿੱਚ ਕੀਮਤੀ ਸਾਮਾਨ ਹੋਣ ਕਾਰਨ ਪੁਲਸ ਨੇ ਤੁਰੰਤ ਸੁਰੱਖਿਆ ਵਿਵਸਥਾ ਵਧਾ ਦਿੱਤੀ। ਇਹ ਹਾਦਸਾ ਸਵੇਰੇ ਕਰੀਬ 6:20 ਵਜੇ ਚਾਰੋਟੀ ਪੁਲ ਨੇੜੇ ਵਾਪਰਿਆ ਜੋ ਕਾਸਾ ਪੁਲਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਪਾਲਘਰ ਦੇ ਪੁਲਸ ਸੁਪਰਡੈਂਟ ਨੇ ਦੱਸਿਆ ਕਿ ਡਰਾਈਵਰ ਨੇ ਵੈਨ ਤੋਂ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਵੈਨ ਡਿਵਾਈਡਰ ਨਾਲ ਟਕਰਾ ਕੇ ਗੁਜਰਾਤ ਜਾਣ ਵਾਲੀ ਲੇਨ ਤੋਂ ਦੂਜੇ ਪਾਸੇ ਚਲੀ ਗਈ ਅਤੇ ਸਾਹਮਣੇ ਤੋਂ ਆ ਰਹੇ ਇੱਕ ਟ?ਰੇਲਰ ਟਰੱਕ ਨਾਲ ਟਕਰਾ ਗਈ। ਟੱਕਰ ਇੰਨੀ ਭਿਆਨਕ ਸੀ ਕਿ ਵੈਨ ਸਵਾਰ 2 ਲੋਕਾਂ ਦੀ ਜਾਨ ਚਲੀ ਗਈ, ਪਰ ਰਾਹਤ ਦੀ ਗੱਲ ਇਹ ਰਹੀ ਕਿ ਵੈਨ ਦੇ ਅੰਦਰ ਸੁਰੱਖਿਅਤ ਪੈਕਿੰਗ ਵਿੱਚ ਰੱਖੀ ਚਾਂਦੀ ਦੀ ਖੇਪ ਪੂਰੀ ਤਰ੍ਹਾਂ ਸੁਰੱਖਿਅਤ ਹੈ। ਪੁਲਸ ਨੇ ਵੈਨ ਵਿੱਚੋਂ ਕੀਮਤੀ ਸਾਮਾਨ ਬਰਾਮਦ ਕਰ ਲਿਆ ਹੈ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜ਼ਖ਼ਮੀ ਵਿਅਕਤੀ ਦਾ ਸਥਾਨਕ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।

### ਕਬੂਤਰਬਾਜ਼ੀ ਟੂਰਨਾਮੈਂਟ ’ਚ 4 ਭੈਣਾਂ ਦੇ ਇਕਲੌਤੇ ਭਰਾ ਦਾ ਗੋਲੀਆਂ ਮਾਰ ਕੇ ਕਤਲ

ਪੱਟੀ 24 ਮਈ। ਥਾਣਾ ਸਦਰ ਪੱਟੀ ਦੇ ਅਧੀਨ ਆਉਂਦੇ ਪਿੰਡ ਰਾਮ ਖਾਰਾ ਵਿਖੇ ਦਿਨ ਦਿਹਾੜੇ ਨੌਜਵਾਨ ਦਾ ਕਤਲ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਇੱਕ ਕਬੂਤਰਬਾਜ਼ੀ ਟੂਰਨਾਮੈਂਟ ’ਤੇ ਕਬੂਤਰ ਉਡਾਉਣ ਆਏ ਗੁਰਪ੍ਰੀਤ ਸਿੰਘ ਗੋਰਾ (29) ਪਿੰਡ ਝੁਗੀਆ ਕਾਲੂਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਗੁਰਪ੍ਰੀਤ ਚਾਰ ਭੈਣਾਂ ਦਾ ਇਕਲੌਤਾ ਭਰਾ ਸੀ। ਜਾਣਕਾਰੀ ਮੁਤਾਬਕ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਵੱਲੋਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਇਹ ਸਾਰੀ ਵਾਰਦਾਤ ਪਿੰਡ ਦੇ ਸਰਕਾਰੀ ਸਕੂਲ ਨੇੜੇ ਵਾਪਰੀ। ਵਾਰਦਾ ਦੀ ਸੂਚਨਾ ਮਿਲਣ ਤੋਂ ਤੁਰੰਤ ਬਾਅਦ ਥਾਣਾ ਸਦਰ ਪੱਟੀ ਦੀ ਪੁਲਿਸ ਮੌਕੇ ਤੇ ਪੁੱਜੀ ਅਤੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਪੱਟੀ ਦੇ ਮੁਖੀ ਇੰਸਪੈਕਟਰ ਗੁਰਚਰਨ ਸਿੰਘ ਨੇ ਦੱਸਿਆ ਕਿ ਇਸ ਵਾਰਦਾਤ ਦੇ ਸੰਬੰਧ ਵਿੱਚ ਉੱਚ ਅਧਿਕਾਰੀਆਂ ਵੱਲੋਂ ਦਿੱਤੇ ਹੁਕਮਾਂ ਤਹਿਤ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਕਿਹਾ ਜਾ ਰਿਹਾ ਹੈ ਕਿ ਇਹ ਮਾਮਲਾ ਕਿਸੇ ਪੁਰਾਣੀ ਰੰਜਿਸ਼ ਦੇ ਨਾਲ ਜੁੜਿਆ ਹੋ ਸਕਦਾ ਹੈ।

# ਹੁਸ਼ਿਆਰਪੁਰ ਨੂੰ ਡੇਂਗੂ ਮੁਕਤ ਕਰਨ ਲਈ ਨਹੀਂ ਛੱਡੀ ਜਾਵੇਗੀ ਕੋਈ ਕਮੀ: ਆਸ਼ਿਕਾ ਜੈਨ

**ਕੌਮੀ ਪਤ੍ਰਿਕਾ**

ਹੁਸ਼ਿਆਰਪੁਰ 24 ਮਈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਮੌਸਮੀ ਬੀਮਾਰੀਆਂ ਦੀ ਰੋਕਥਾਮ ਲਈ ਵਿਆਪਕ ਪੱਧਰ ‘ਤੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਜ਼ਿਲ੍ਹਾ ਪੱਧਰੀ ਇੱਕ ਮਹੱਤਵਪੂਰਨ ਮੀਟਿੰਗ ਕਰਵਾਈ ਗਈ, ਜਿਸ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੇ ਭਾਗ ਲਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਡੇਂਗੂ ਅਤੇ ਚਿਕਨਗੁਨੀਆ ਸਬੰਧੀ ਜਾਗਰੂਕਤਾ ਅਤੇ ਰੋਕਥਾਮ ਕਾਰਜਾਂ ਦੀ ਨਿਗਰਾਨੀ ਲਈ ਡੇਂਗੂ ਐਕਸ਼ਨ ਪਲਾਨ ਦੀ ਕੋਰ ਕਮੇਟੀ ਦਾ ਗਠਨ ਵੀ ਕੀਤਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਨੂੰ ਡੇਂਗੂ ਮੁਕਤ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਕੋਈ ਕਮੀ ਨਹੀਂ ਛੱਡੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਸਾਰੇ ਵਿਭਾਗਾਂ ਨੂੰ ਪੂਰੀ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨਾ ਹੋਵੇਗਾ, ਤਾਂ ਜੋ ਜ਼ਿਲ੍ਹੇ ਵਿੱਚ ਡੇਂਗੂ ਅਤੇ ਚਿਕਨਗੁਨੀਆ ਦੇ ਮਾਮਲਿਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਸਾਰੇ ਵਿਭਾਗ ਮੁਖੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਦਫ਼ਤਰਾਂ, ਪਰਿਸਰਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦੇਣ। ਉਨ੍ਹਾਂ ਕਿਹਾ ਕਿ ਥੋੜ੍ਹੀ ਜਿਹੀ ਲਾਪਰਵਾਹੀ ਵੀ ਬੀਮਾਰੀ ਦੇ ਫੈਲਾਅ ਦਾ ਕਾਰਨ ਬਣ ਸਕਦੀ ਹੈ। ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਹੁਸ਼ਿਆਰਪੁਰ ਨੂੰ ਨਿਰਦੇਸ਼ ਦਿੰਦੇ ਕਿਹਾ ਕਿ ਬਲਾਕ ਪੱਧਰ ‘ਤੇ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਜਾਵੇ, ਜਿਨ੍ਹਾਂ ਵਿੱਚ ਸਿਹਤ ਵਿਭਾਗ, ਪੁਲਿਸ ਵਿਭਾਗ, ਨਗਰ ਕੌਂਸਲਾਂ ਅਤੇ ਗੈਰ-ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ




ਸ਼ਾਮਲ ਕੀਤਾ ਜਾਵੇ। ਇਹ ਟੀਮਾਂ ਹਫ਼ਤੇ ਵਿੱਚ ਘੱਟੋ-ਘੱਟ ਦੋ ਦਿਨ ਘਰ-ਘਰ ਜਾ ਕੇ ਜਾਂਚ ਕਰਨਗੀਆਂ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਸੰਭਾਵਿਤ ਡੇਂਗੂ ਪ੍ਰਭਾਵਿਤ ਇਲਾਕਿਆਂ ਦੀ ਪਛਾਣ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣਗੀਆਂ। ਉਨ੍ਹਾਂ ਨਗਰ ਨਿਗਮ ਅਤੇ ਨਗਰ ਕੌਂਸਲਾਂ ਨੂੰ ਵੀ ਇਸ ਮਾਮਲੇ ਵਿੱਚ ਗੰਭੀਰਤਾ ਨਾਲ ਕੰਮ ਕਰਨ ਦੀ ਹਦਾਇਤ ਦਿੱਤੀ। ਉਨ੍ਹਾਂ ਦੱਸਿਆ ਕਿ ਰੈੱਡ ਕਰਾਸ ਸੁਸਾਇਟੀ ਦੇ ਵਲੰਟੀਅਰ ਵੀ ਇਸ ਮੁਹਿੰਮ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹੋਏ ਘਰਾਂ ਅਤੇ ਦੁਕਾਨਾਂ ਦਾ ਸਰਵੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਗੰਭੀਰ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਅਤੇ ਇਨ੍ਹਾਂ ਦੇ ਫੈਲਾਅ ਨੂੰ ਰੋਕਣਾ ਹੈ। ਉਨ੍ਹਾਂ ਕਿਹਾ ਕਿ ਸਰਵੇ ਦੌਰਾਨ ਟੀਮਾਂ ਵੱਲੋਂ ਘਰਾਂ ਵਿੱਚ ਰੱਖੇ ਕੂਲਰਾਂ, ਗਮਲਿਆਂ, ਪੁਰਾਣੇ ਟਾਇਰਾਂ, ਪਾਣੀ ਵਾਲੇ ਬਰਤਨਾਂ ਅਤੇ ਹੋਰ ਕੰਟੇਨਰਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਉਨ੍ਹਾਂ ਵਿੱਚ ਜਮਾ ਪਾਣੀ ਨੂੰ ਖਾਲੀ ਕਰਵਾਇਆ ਜਾ ਰਿਹਾ ਹੈ। ਲੋਕਾਂ ਨੂੰ ਇਹ ਵੀ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਹਫ਼ਤੇ ਵਿੱਚ ਘੱਟੋ-ਘੱਟ ਇੱਕ ਵਾਰ ਪਾਣੀ ਵਾਲੇ ਬਰਤਨਾਂ ਨੂੰ ਪੂਰੀ ਤਰ੍ਹਾਂ ਖਾਲੀ ਕਰਕੇ ਸਾਫ਼ ਅਤੇ ਸੁੱਕਾ ਰੱਖਿਆ ਜਾਵੇ, ਤਾਂ ਜੋ ਏਡੀਜ਼ ਮੱਛਰ ਦੇ ਲਾਰਵਾ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਏਡੀਜ਼ ਮੱਛਰ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਇਹੀ ਮੱਛਰ ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਦਾ ਮੁੱਖ ਕਾਰਨ ਹੈ। ਇਸ ਲਈ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਲਈ ਆਮ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਲੋੜ ਵਾਲੇ ਇਲਾਕਿਆਂ ਵਿੱਚ ਲਾਰਵੀਸਾਈਡ ਸਪਰੇ ਵੀ ਕਰਵਾਇਆ ਜਾਵੇਗਾ, ਤਾਂ ਜੋ ਮੱਛਰਾਂ ਦੀ ਪੈਦਾਵਾਰ ਨੂੰ ਰੋਕਿਆ ਜਾ ਸਕੇ। ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਆਪਣੇ ਘਰਾਂ ਅਤੇ ਆਲੇ-ਦੁਆਲੇ ਸਾਫ਼-ਸਫ਼ਾਈ ਬਣਾਈ ਰੱਖਣ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ, ਤਾਂ ਜੋ ਜ਼ਿਲ੍ਹੇ ਨੂੰ ਡੇਂਗੂ ਅਤੇ ਚਿਕਨਗੁਨੀਆ ਮੁਕਤ ਬਣਾਇਆ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ ਮੱਟੂ, ਐਸ.ਡੀ.ਐਮ. ਹੁਸ਼ਿਆਰਪੁਰ ਪਰਮਪ੍ਰੀਤ ਸਿੰਘ, ਸਿਵਲ ਸਰਜਨ ਡਾ. ਮਨਦੀਪ ਕਮਲ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

# ਡੇਂਗੂ ਤੋਂ ਬਚਣ ਲਈ ਸਾਨੂੰ ਆਪਣੇ ਆਲੇ-ਦੁਆਲੇ ਦੀ ਸ.ਫਾਈ ਰੱਖਣ ਦੀ ਬੇਹੱਦ ਲੋੜ : ਐੱਸ. ਐੱਮ. ਓ.

**ਕੌਮੀ ਪਤ੍ਰਿਕਾ**

ਸੁਰ ਸਿੰਘ 24 ਮਈ। ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ-ਨਿਰਦੇਸਾਂ ਤਹਿਤ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਘਵ ਗੁਪਤਾ ਦੇ ਹੁਕਮਾਂ ਅਨੁਸਾਰ ਡਾ. ਰਮਨਦੀਪ ਸਿੰਘ ਪੱਡਾ ਸੀਨੀਅਰ ਮੈਡੀਕਲ ਅਫ਼ਸਰ ਸੀ. ਐੱਚ. ਸੀ. ਸੁਰ ਸਿੰਘ ਦੀ ਯੋਗ ਅਗਵਾਈ ਹੇਠ ਬੀਤੇ ਸ਼ੁੱਕਰਵਾਰ ਨੂੰ ਸੀ. ਐੱਚ. ਸੀ. ਸੁਰ ਸਿੰਘ ਵਿਖੇ ਵਿਸ਼ਵ ਡੇਂਗੂ ਦਿਵਸ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਰਮਨਦੀਪ ਸਿੰਘ ਪੱਡਾ ਨੇ ਦੱਸਿਆ ਕਿ ਡੇਂਗੂ ਇਕ ਵੈਕਟਰ ਬੌਰਨ ਡਿਸੀਜ਼ ਹੈ, ਜੋਕਿ ਏਡੀਜ਼ ਇਜ਼ਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਇਹ ਮੱਛਰ ਸਾਫ ਖੜ੍ਹੇ ਪਾਣੀ ਉਪਰ ਪੈਦਾ ਹੁੰਦਾ ਹੈ ਅਤੇ ਇਹ ਦਿਨ ਵੇਲੇ ਕੱਟਦਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਲੱਛਣ ਜਿਵੇਂ ਕਿ ਤੇਜ਼ ਬੁਖ਼ਾਰ, ਸਿਰ ਦਰਦ ਹੋਣਾ, ਅੱਖਾਂ ਦੇ ਪਿਛਲੇ ਪਾਸੇ ਦਰਦ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਸਰੀਰ ਉਪਰ ਲਾਲ ਰੰਗ ਦੇ ਧੱਬੇ ਤੇ ਬਹੁਤ ਜ਼ਿਆਦਾ ਥਕਾਵਟ ਜਾਂ ਕਮਜ਼ੋਰੀ ਮਹਿਸੂਸ ਹੋਣਾ ਆਦਿ ਹੁੰਦੇ ਹਨ। ਅਜਿਹੇ ਲੱਛਣ ਦਿਖਾਈ ਦੇਣ ’ਤੇ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿਖੇ ਜਾ ਕੇ ਡਾਕਟਰੀ ਸਲਾਹ ਅਨੁਸਾਰ ਖੂਨ ਦੀ ਜਾਂਚ ਕਰਵਾ ਕੇ ਸਮੇਂ ਸਿਰ ਇਲਾਜ ਕਰਾਉਣਾ



ਚਾਹੀਦਾ ਹੈ। ਇਸ ਮੌਕੇ ਹੈਲਥ ਸੁਪਰਵਾਈਜ਼ਰ ਲਖਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਡੇਂਗੂ ਦੀ ਪੈਦਾਵਾਰ ਰੋਕਣ ਲਈ ਘਰਾਂ ਵਿਚ ਫਰਿੱਜਾਂ ਦੀਆਂ ਵੇਸਟ ਪਾਣੀ ਵਾਲੀਆਂ ਟਰੇਆਂ, ਛੱਤਾਂ ਉਪਰ ਕਬਾੜ ਦਾ ਸਾਮਾਨ ਵਿਚ ਬਰਸਾਤੀ ਪਾਣੀ ਜਾਂ ਕੂਲਰਾਂ ਗਮਲਿਆਂ ਆਦਿ ਵਿਚ ਹਫਤੇ ਤੋਂ ਵੱਧ ਪਾਣੀ ਖੜ੍ਹਾ ਨਾ ਰਹਿਣ ਦਿੱਤਾ ਜਾਵੇ ਅਤੇ ਚੰਗੀ ਸਿਹਤ ਲਈ ਆਲੇ-ਦੁਆਲੇ ਦੀ ਸਫ਼ਾਈ ਦਾ ਧਿਆਨ ਰੱਖਿਆ ਜਾਵੇ। ਇਸ ਤੋਂ ਇਲਾਵਾ ਸੀ. ਐੱਚ. ਸੀ. ਸੁਰ ਸਿੰਘ ਦੇ ਮਲੇਰੀਆ ਵਿੰਗ ਵੱਲੋਂ ਸਾਰੇ ਸਬ ਸੈਂਟਰਾਂ ’ਤੇ ਆਈ. ਈ. ਸੀ. ਮਟੀਰੀਅਲ ਰਾਹੀਂ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਅਤੇ ਇਸ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਬਲਜੀਤ ਸਿੰਘ ਅਥੈਲਮਿਕ ਅਫਸਰ, ਨਵਦੀਪ ਸਿੰਘ ਕਾਰਜਕਾਰੀ ਸੀਨੀਅਰ ਫਾਰਮੇਸੀ ਅਫਸਰ, ਪਵਨਦੀਪ ਸਿੰਘ ਕਾਰਜਕਾਰੀ ਬਲਾਕ ਐਜੂਕੇਟਰ, ਐੱਸ. ਆਈ. ਰਣਬੀਰ ਸਿੰਘ, ਸੁਖਜੀਤ ਸਿੰਘ, ਸੁਰਿੰਦਰ ਸਿੰਘ, ਐੱਲ. ਐੱਚ. ਵੀ. ਪਰਮਜੀਤ ਕੌਰ, ਰਜਿੰਦਰ ਕੌਰ ਮਲਟੀ ਪਰਪਜ਼ ਹੈਲਥ ਵਰਕਰ ਮੇਲ, ਕੁਲਦੀਪ ਸਿੰਘ ਵਰਕਰ, ਫੀਮੇਲ ਜੋਤੀ ਬਾਲਾ, ਟਰੇਡ ਦਾਈ ਕਵਿਤਾ, ਆਸ਼ਾ ਸੁਪਰਵਾਈਜ਼ਰ, ਦਰਜਾਚਾਰ ਜੁਗਰਾਜ ਸਿੰਘ, ਹਰਚੰਦ ਸਿੰਘ, ਹਰਿੰਦਰ ਸਿੰਘ, ਗੁਰ ਸਾਹਿਬ ਸਿੰਘ ਨਰਸਿੰਗ ਸਟੂਡੈਂਟ ਅਤੇ ਲੋਕ ਹਾਜ਼ਰ ਸਨ।

## ਪਹਿਲੇ ਪਤੀ ਨੂੰ ਤਲਾਕ ਦਿੱਤੇ ਬਿਨਾ ਦੂਜਾ ਵਿਆਹ ਕਰਵਾਉਣ ਵਾਲੀ ਖ਼ਿਲਾ.ਫ ਮਾਮਲਾ ਦਰਜ

ਟਾਂਡਾ ਉੜਮੁੜ 24 ਮਈ। ਪਹਿਲੇ ਪਤੀ ਨੂੰ ਤਲਾਕ ਦਿੱਤੇ ਬਿਨਾਂ ਦੂਜਾ ਵਿਆਹ ਕਰਵਾਉਣ ਅਤੇ ਦੂਜੇ ਵਿਆਹ ਵਾਲੇ ਪਤੀ ਨੂੰ ਅਮਰੀਕਾ ਲੈ ਕੇ ਜਾਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਕਰਨ ਦੇ ਦੋਸ਼ ਵਿਚ ਟਾਂਡਾ ਪੁਲਸ ਨੇ ਔਰਤ ਅਤੇ ਉਸ ਦੀ ਮਾਤਾ ਖ਼?ਲਾਫ਼ ਧੋਖਾਦੇਹੀ ਦਾ ਮਾਮਲਾ ਦਰਜ ਕੀਤਾ ਹੈ। ਥਾਣਾ ਮੁਖੀ ਟਾਂਡਾ ਇੰਸਪੈਕਟਰ ਲਵਦੀਪ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਬੈਚ ਬਾਜਾ ਦੇ ਬਿਆਨ ਦੇ ਆਧਾਰ ’ਤੇ ਜਸਪ੍ਰੀਤ ਕੌਰ ਪੁੱਤਰੀ ਜੀਨ ਸਿੰਘ ਵਾਸੀ ਹਸਨ ਮੁੰਡਾ (ਕਰਤਾਰਪੁਰ) ਜਲੰਧਰ ਅਤੇ ਉਸ ਦੀ ਮਾਤਾ ਅਮਰਜੀਤ ਕੌਰ ਖ਼?ਲਾਫ਼ ਦਰਜ ਕੀਤਾ ਹੈ। ਆਪਣੇ ਬਿਆਨ ਵਿਚ ਲਵਦੀਪ ਸਿੰਘ ਨੇ ਦੱਸਿਆ ਕਿ ਉਕਤ ਮੁਲਜ਼ਮ ਜਸਪ੍ਰੀਤ ਕੌਰ ਨੇ ਉਨ੍ਹਾਂ ਨੂੰ ਧੋਖੇ ਵਿਚ ਰੱਖ ਕੇ ਪਹਿਲੇ ਪਤੀ ਨੂੰ ਤਲਾਕ ਦਿੱਤੇ ਬਿਨਾਂ ਉਸ ਨਾਲ ਵਿਆਹ ਕੀਤਾ ਅਤੇ ਬਾਅਦ ਵਿਚ ਆਪਣੀ ਮਾਤਾ ਨਾਲ ਹਮਸਲਾਹ ਹੋ ਕੇ ਉਸ ਨੂੰ ਅਮਰੀਕਾ ਲੈ ਕੇ ਜਾਣ ਦਾ ਝਾਂਸਾ ਦੇ ਕੇ ਉਸ ਕੋਲੋਂ 23 ਲੱਖ 8 ਹਜ਼ਾਰ 570 ਰੁਪਏ ਦੀ ਠੱਗੀ ਮਾਰੀ ਹੈ ਅਤੇ ਉਸ ਦਾ ਲਗਭਗ 7 ਲੱਖ ਰੁਪਏ ਦਾ ਸੋਨਾ ਵੀ ਖ਼ੁਰਦ ਬੁਰਦ ਕਰ ਦਿੱਤਾ ਹੈ। ਪੁਲਸ ਨੇ ਜਾਂਚ ਤੋਂ ਬਾਅਦ ਹੁਣ ਇਹ ਮਾਮਲਾ ਦਰਜ ਕੀਤਾ ਹੈ। ਥਾਣੇਦਾਰ ਸੰਜੀਵ ਕੁਮਾਰ ਮਾਮਲੇ ’ਤੇ ਅਗਲੇਰੀ ਕਾਰਵਾਈ ਕਰ ਰਹੇ ਹਨ।

## ਜਲੰਧਰ ’ਚ ਹੋਈ ਬੇਅਦਬੀ ਦੀ ਐਡਵੋਕੇਟ ਧਾਮੀ ਨੇ ਸਖ਼ਤ ਸ਼ਬਦਾਂ ’ਚ ਕੀਤੀ ਨਿੰਦਾ

ਅੰਮ੍ਰਿਤਸਰ 24 ਮਈ। ਜਲੰਧਰ ਦੇ ਰਾਜਾ ਗਾਰਡਨ ਇਲਾਕੇ ’ਚ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਉਣ ’ਤੇ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮੰਦਭਾਗੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਬੀਤੇ ਕੁਝ ਸਮੇਂ ਤੋਂ ਪਾਵਨ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਵਿਚ ਲਗਾਤਾਰ ਵਾਧਾ ਹੋਇਆ ਹੈ। ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਅਜਿਹੇ ਮਾਮਲਿਆਂ ਵਿਚ ਗੰਭੀਰਤਾ



ਅਤੇ ਸਖ਼ਤੀ ਨਾਲ ਕਾਰਵਾਈ ਨਾ ਹੋਣ ਕਾਰਨ ਦੋਸ਼ੀਆਂ ਦੇ ਹੌਂਸਲੇ ਲਗਾਤਾਰ ਵੱਧ ਰਹੇ ਹਨ। ਸ਼?ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਬਾਣੀ ਮਨੁੱਖਤਾ ਨੂੰ ਜੀਵਨ ਜਿਊਣ ਲਈ ਸੇਧ ਪ੍ਰਦਾਨ ਕਰਦਿਆਂ ਸਰਬਸਾਂਝੀਵਾਲਤਾ ਦਾ ਉਪਦੇਸ਼ ਦਿੰਦੀ ਹੈ। ਕੁਝ ਲੋਕ ਬੇਅਦਬੀਆਂ ਦੀਆਂ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨਾਲ ਜਿਥੇ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਦੇ ਹਨ, ਉਥੇ ਹੀ ਸੂਬੇ ਦੀ ਭਾਈਚਾਰਕ ਸਾਂਝ ਲਈ ਵੀ ਵੱਡਾ ਖ਼ਤਰਾ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਫਰਜ ਹੈ ਕਿ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ ਅਜਿਹੀਆਂ ਘਟਨਾਵਾਂ ਦੇ ਪਿੱਛੇ ਕੰਮ ਕਰਦੀਆਂ ਸ਼ਕਤੀਆਂ ਨੂੰ ਵੀ ਸਾਹਮਣੇ ਲਿਆਏ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅੰਦਰ ਰੱਖੇ ਗੁਟਕਾ ਸਾਹਿਬ ਤੇ ਪਾਵਨ ਪੋਥੀਆਂ ਦੀ ਮਰਯਾਦਾ ਅਨੁਸਾਰ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ।

## ਪੰਜਾਬ ’ਚ ਰੂਹ ਕੰਬਾਊ ਵਾਰਦਾਤ, ਭਰਾ ਨੇ ਭੈਣ ਦਾ ਕੀਤਾ ਕਤਲ

ਤਰਨਤਾਰਨ 24 ਮਈ। ਸਭਰਾ ਪਿੰਡ ਵਿੱਚ ਦਿਲ ਦਹਿਲਾਉਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਦਿਮਾਗੀ ਹਾਲਤ ਠੀਕ ਨਾ ਹੋਣ ਕਾਰਨ ਇਕ ਨੌਜਵਾਨ ਨੇ ਆਪਣੀ ਸਕੀ ਭੈਣ ਦਾ ਕਤਲ ਕਰ ਦਿੱਤਾ, ਜਦਕਿ ਆਪਣੀ ਮਾਤਾ ਅਤੇ ਪਤਨੀ ਨੂੰ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ। ਮਿਲੀ ਜਾਣਕਾਰੀ ਅਨੁਸਾਰ ਪਿੰਡ ਸਭਰਾ ਦੇ ਰਹਿਣ ਵਾਲੇ ਮੁਖਤਿਆਰ ਸਿੰਘ ਦੇ ਪੁੱਤਰ ਰਸਾਲ ਸਿੰਘ ਨੇ ਕਹੀ ਨਾਲ ਆਪਣੀ ਭੈਣ ਸੰਦੀਪ ਕੌਰ ’ਤੇ ਹਮਲਾ ਕਰ ਦਿੱਤਾ। ਹਮਲਾ ਇੰਨਾ ਭਿਆਨਕ ਸੀ ਕਿ ਸੰਦੀਪ ਕੌਰ ਦੀ ਮੌਕੇ ’ਤੇ ਹੀ ਮੌਤ ਹੋ ਗਈ। ਇਸ ਦੌਰਾਨ ਉਸ ਨੇ ਆਪਣੀ ਮਾਤਾ ਜਸਬੀਰ ਕੌਰ ਅਤੇ ਆਪਣੀ ਪਤਨੀ ’ਤੇ ਵੀ ਹਮਲਾ ਕਰ ਦਿੱਤਾ, ਜਿਸ ਕਾਰਨ ਦੋਵੇਂ ਗੰਭੀਰ ਜ਼ਖ਼ਮੀ ਹੋ ਗਈਆਂ। ਘਟਨਾ ਦੌਰਾਨ ਰਸਾਲ ਸਿੰਘ ਨੇ ਘਰ ਵਿੱਚ ਮੌਜੂਦ ਪਾਲਤੂ ਕੁੱਤੇ ਅਤੇ ਬੱਕਰੀਆਂ ’ਤੇ ਵੀ ਹਮਲਾ ਕੀਤਾ, ਜਿਸ ਕਾਰਨ ਕੁੱਤੇ ਅਤੇ ਇਕ ਬੱਕਰੀ ਦੀ ਵੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਘਟਨਾ ਤੋਂ ਬਾਅਦ ਉਹ ਆਪਣੇ ਪਿਤਾ ਮੁਖਤਿਆਰ ਸਿੰਘ ਨੂੰ ਵੀ ਲੱਭਦਾ ਰਿਹਾ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਜੇਕਰ ਉਹ ਉਸਦੇ ਹੱਥ ਲੱਗ ਜਾਂਦੇ ਤਾਂ ਉਨ੍ਹਾਂ ਨੂੰ ਵੀ ਨੁਕਸਾਨ ਪਹੁੰਚ ਸਕਦਾ ਸੀ। ਇਸ ਸਬੰਧੀ ਜਦੋਂ ਥਾਣਾ ਸਦਰ ਪੱਟੀ ਦੇ ਐਸਐਚਓ ਗੁਰਚਰਨ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਫਿਲਹਾਲ ਕਿਸੇ ਪੱਖ ਵੱਲੋਂ ਕੋਈ ਬਿਆਨ ਦਰਜ ਨਹੀਂ ਕਰਵਾਇਆ ਗਿਆ।

# ਪ੍ਰੀ-ਪੇਡ ਮੀਟਰਾਂ ਕਰਕੇ ਪਿਆ ਵੱਡਾ ਰੌਲਾ ! ਟਿਊਬਵੈੱਲ ਬੰਦ ਹੋਣ ਦਾ ਖ਼ਤਰਾ, ਖ਼ਪਤਕਾਰਾਂ ਲਈ ਖੜ੍ਹੀ ਹੋਈ ਮੁਸੀਬਤ

**ਕੌਮੀ ਪਤ੍ਰਿਕਾ**

ਜਲੰਧਰ 24 ਮਈ। ਨਗਰ ਨਿਗਮ ਅਤੇ ਬਿਜਲੀ ਬੋਰਡ ਵਿਚਾਲੇ ਚੱਲ ਰਹੇ ਵਿੱਤੀ ਵਿਵਾਦ ਦੇ ਦਰਮਿਆਨ ਹੁਣ ਸ਼ਹਿਰ ਦੀਆਂ ਸਟ?ਰੀਟ ਲਾਈਟਾਂ ਦੇ ਨਾਲ-ਨਾਲ ਨਿਗਮ ਦੇ ਟਿਊਬਵੈੱਲ ਸਿਸਟਮ ’ਤੇ ਵੀ ਸੰਕਟ ਡੂੰਘਾ ਹੁੰਦਾ ਵਿਖਾਈ ਦੇ ਰਿਹਾ ਹੈ। ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ ਨੇ ਸਵੀਕਾਰ ਕੀਤਾ ਹੈ ਕਿ ਬਿਜਲੀ ਬੋਰਡ ਨੇ ਪ੍ਰੀਪੇਡ ਮੀਟਰ ਪਾਲਿਸੀ ਦੀ ਆੜ ਵਿਚ ਸ਼ਹਿਰ ਦੇ ਕੁਝ ਇਲਾਕਿਆਂ ਵਿਚ ਸਟ?ਰੀਟ ਲਾਈਟ ਕੁਨੈਕਸ਼ਨ ਡਿਸਕੁਨੈਕਟ ਕੀਤੇ ਹਨ ਅਤੇ ਆਉਣ ਵਾਲੇ ਸਮੇਂ ਵਿਚ ਇਹ ਕਾਰਵਾਈ ਹੋਰ ਤੇਜ਼ ਹੋ ਸਕਦੀ ਹੈ। ਕਮਿਸ਼ਨਰ ਨੇ ਕਿਹਾ ਕਿ ਸਿਰਫ਼ ਸਟ?ਰੀਟ ਲਾਈਟ ਹੀ ਨਹੀਂ, ਸਗੋਂ ਸ਼ਹਿਰ ਵਿਚ ਚੱਲ ਰਹੇ ਨਿਗਮ ਦੇ ਟਿਊਬਵੈੱਲਾਂ ’ਤੇ ਵੀ ਪ੍ਰੀਪੇਡ ਮੀਟਰ ਲਾਉਣ ਦੇ ਹੁਕਮ ਹਨ। ਉਨ੍ਹਾਂ ਮੰਨਿਆ ਕਿ ਪ੍ਰੀ-ਪੇਡ ਸਿਸਟਮ ਵਿਚ ਇਹ ਵਿਵਸਥਾ ਹੁੰਦੀ ਹੈ ਕਿ ਜੇਕਰ ਮੀਟਰ ਵਿਚ ਰੀਚਾਰਜ ਰਾਸ਼ੀ ਖ਼ਤਮ ਹੋ ਜਾਵੇ ਤਾਂ ਬਿਜਲੀ ਸਪਲਾਈ ਆਪਣੇ ਆਪ ਬੰਦ ਹੋ ਜਾਂਦੀ ਹੈ ਅਤੇ ਕੁਨੈਕਸ਼ਨ ਕੱਟਣ ਲਈ ਵੱਖਰੇ ਤੌਰ ’ਤੇ ਕਿਸੇ ਕਰਮਚਾਰੀ ਨੂੰ ਮੌਕੇ ’ਤੇ ਭੇਜਣ ਦੀ ਲੋੜ ਨਹੀਂ ਪੈਂਦੀ। ਅਜਿਹੇ ਵਿਚ ਜੇਕਰ ਭਵਿੱਖ ਵਿਚ ਕਿਸੇ ਟਿਊਬਵੈੱਲ ਦੇ ਪ੍ਰੀ-ਪੇਡ ਮੀਟਰ ਵਿਚ ਬੈਲੇਂਸ ਖ਼ਤਮ ਹੋ ਗਿਆ ਤਾਂ ਸਬੰਧਤ ਟਿਊਬਵੈੱਲ ਵੀ ਤੁਰੰਤ ਬੰਦ ਹੋ ਸਕਦਾ ਹੈ, ਜਿਸ ਨਾਲ ਸ਼ਹਿਰ ਦੀ ਪਾਣੀ ਦੀ ਸਪਲਾਈ ਪ੍ਰਭਾਵਿਤ ਹੋਣ ਦਾ ਖ਼ਤਰਾ ਪੈਦਾ ਹੋ ਸਕਦਾ ਹੈ। ਕਮਿਸ਼ਨਰ ਨੇ ਇਹ ਵੀ ਖ਼ੁਲਾਸਾ ਕੀਤਾ ਕਿ ਨਗਰ ਨਿਗਮ ਅਤੇ ਪਾਵਰਕਾਮ ਵਿਚਾਲੇ ਪਿਛਲੇ ਲੱਗਭਗ ਤਿੰਨ ਸਾਲਾਂ ਤੋਂ ਕੋਈ ਨਿਯਮਿਤ ਹਿਸਾਬ-ਕਿਤਾਬ ਨਹੀਂ ਹੋਇਆ ਹੈ। ਉਨ੍ਹਾਂ ਕਿਹਾ ਕਿ ਬਿਜਲੀ ਬੋਰਡ ਵੱਲੋਂ ਖ਼ਪਤਕਾਰਾਂ ਦੇ ਬਿਜਲੀ ਬਿੱਲਾਂ ਵਿਚ ਜੋ ਇਲੈਕਟ?ਰੀਸਿਟੀ ਡਿਊਟੀ ਵਸੂਲੀ ਜਾਂਦੀ ਹੈ, ਉਸ ਦਾ ਹਿੱਸਾ ਨਗਰ ਨਿਗਮ ਨੂੰ ਮਿਲਣਾ ਹੁੰਦਾ ਹੈ। ਨਿਗਮ ਦਾ ਦਾਅਵਾ ਹੈ ਕਿ ਬਿਜਲੀ ਬੋਰਡ ਵੱਲੋਂ ਕਰੋੜਾਂ ਰੁਪਏ ਨਿਗਮ ਦੇ ਖ਼ਾਤੇ ਵਿਚ ਜਮ?ਹਾ ਹੋਣੇ ਚਾਹੀਦੇ ਹਨ ਪਰ ਦੋਵਾਂ ਵਿਭਾਗਾਂ ਵਿਚਾਲੇ ਖਾਤਿਆਂ ਦਾ ਮਿਲਾਨ ਨਾ ਹੋਣ ਕਾਰਨ ਇਹ ਸਪੱਸ਼ਟ ਨਹੀਂ ਹੋ ਪਾ ਰਿਹਾ ਕਿ ਕਿਸ ਵਿਭਾਗ ਨੂੰ ਕਿੰਨੀ ਰਾਸ਼ੀ ਲੈਣੀ ਹੈ ਜਾਂ ਦੇਣੀ ਹੈ। ਸੂਤਰਾਂ ਅਨੁਸਾਰ ਇਸ ਮਾਮਲੇ ਨੂੰ ਲੈ ਕੇ ਕਮਿਸ਼ਨਰ ਨੇ ਬਿਜਲੀ ਬੋਰਡ ਦੇ ਉੱਚ ਅਧਿਕਾਰੀਆਂ ਨਾਲ ਫ਼ੋਨ ’ਤੇ ਗੱਲਬਾਤ ਵੀ ਕੀਤੀ ਹੈ ਅਤੇ ਪੈਂਡਿੰਗ ਹਿਸਾਬ-ਕਿਤਾਬ ਜਲਦ ਤੋਂ ਜਲਦ ਸੈਟਲ ਕਰਨ ਨੂੰ ਕਿਹਾ ਹੈ।



ਹਾਲਾਂਕਿ ਪਾਵਰਕਾਮ ਅਧਿਕਾਰੀਆਂ ਦਾ ਕਹਿਣਾ ਹੈ ਕਿ ਸਥਾਨਕ ਪੱਧਰ ’ਤੇ ਉਨ੍ਹਾਂ ਕੋਲ ਪੂਰਾ ਰਿਕਾਰਡ ਉਪਲੱਬਧ ਨਹੀਂ ਹੈ ਅਤੇ ਵਿਸਥਾਰਪੂਰਵਕ ਹਿਸਾਬ-ਕਿਤਾਬ ਪਟਿਆਲਾ ਸਥਿਤ ਉੱਚ ਦਫ਼ਤਰਾਂ ਕੋਲ ਮੌਜੂਦ ਹੈ। ਦੱਸਿਆ ਜਾ ਰਿਹਾ ਹੈ ਕਿ ਹੁਣ ਨਗਰ ਨਿਗਮ ਵੱਲੋਂ ਇਕ ਅਧਿਕਾਰੀ ਦੀ ਵਿਸ਼ੇਸ਼ ਡਿਊਟੀ ਲਾਈ ਜਾ ਰਹੀ ਹੈ, ਜੋ ਪਾਵਰਕਾਮ ਨਾਲ ਬੈਠ ਕੇ ਖਾਤਿਆਂ ਦਾ ਮਿਲਾਨ ਕਰੇਗਾ। ਇਸ ਤੋਂ ਬਾਅਦ ਸ਼ਹਿਰ ਵਿਚ ਨਿਗਮ ਦੇ ਸਟ?ਰੀਟ ਲਾਈਟ ਅਤੇ ਟਿਊਬਵੈੱਲ ਕੁਨੈਕਸ਼ਨਾਂ ਨੂੰ ਪੜਾਅਵਾਰ ਤਰੀਕੇ ਨਾਲ ਪ੍ਰੀਪੇਡ ਮੀਟਰ ਸਿਸਟਮ ਵਿਚ ਲਿਆਉਣ ਦੀ ਕਾਰਵਾਈ ਸ਼ੁਰੂ ਕੀਤੀ ਜਾ ਸਕਦੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸ਼ਹਿਰ ਦੇ ਐੱਮ. ਐੱਸ. ਫਾਰਮ ਰੋਡ ਸਥਿਤ ਕਮਲ ਵਿਹਾਰ ਕਾਲੋਨੀ ਸਮੇਤ ਕਈ ਇਲਾਕਿਆਂ ਵਿਚ ਬਿਜਲੀ ਬੋਰਡ ਨੇ ਬਿਨਾਂ ਨਿਯਮਿਤ ਮੀਟਰ ਵਾਲੇ ਸਟ?ਰੀਟ ਲਾਈਟ ਕੁਨੈਕਸ਼ਨ ਕੱਟਣੇ ਸ਼ੁਰੂ ਕਰ ਦਿੱਤੇ ਸਨ। ਉਸ ਸਮੇਂ ਇਹ ਮਾਮਲਾ ਸਾਹਮਣੇ ਆਇਆ ਸੀ ਕਿ ਸਮਾਰਟ ਸਿਟੀ ਪ੍ਰਾਜੈਕਟ ਦੇ ਤਹਿਤ ਲਾਏ ਗਏ ਲੱਗਭਗ 73 ਹਜ਼ਾਰ ਐੱਲ. ਈ. ਡੀ. ਸਟ?ਰੀਟ ਲਾਈਟ ਪੁਆਇੰਟਾਂ ਲਈ ਯੋਗ ਮੀਟਰਿੰਗ ਅਤੇ ਵਿਧੀਵਤ ਬਿਜਲੀ ਕੁਨੈਕਸ਼ਨ ਵਿਵਸਥਾ ਤਿਆਰ ਨਹੀਂ ਕੀਤੀ ਗਈ। ਦੋਸ਼ ਲੱਗੇ ਸਨ ਕਿ ਕਈ ਥਾਵਾਂ ’ਤੇ ਸਟ?ਰੀਟ ਲਾਈਟਾਂ ਅੱਜ ਵੀ ਅਸਥਾਈ ਜਾਂ ਕੁੰਡੀ ਕੁਨੈਕਸ਼ਨਾਂ ਦੇ ਸਹਾਰੇ ਚਲਾਈਆਂ ਜਾ ਰਹੀਆਂ ਹਨ, ਜਿਸ ਨਾਲ ਬਿਜਲੀ ਬੋਰਡ ’ਤੇ ਵਾਧੂ ਲੋਡ ਪੈ ਰਿਹਾ ਹੈ ਅਤੇ ਬਿਜਲੀ ਚੋਰੀ ਦੀਆਂ ਸੰਭਾਵਨਾਵਾਂ ਵੀ ਵਧ ਰਹੀਆਂ ਹਨ। ਹੁਣ ਪ੍ਰੀਪੇਡ ਮੀਟਰ ਪਾਲਿਸੀ ਲਾਗੂ ਹੋਣ ਤੋਂ ਬਾਅਦ ਨਗਰ ਨਿਗਮ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਇਹ ਹੋਵੇਗੀ ਕਿ ਉਹ ਬਿਜਲੀ ਬੋਰਡ ਨਾਲ ਪੈਂਡਿੰਗ ਵਿੱਤੀ ਵਿਵਾਦ ਨੂੰ ਸੁਲਝਾਵੇ ਅਤੇ ਸ਼ਹਿਰ ਦੀ ਸਟ?ਰੀਟ ਲਾਈਟ ਤੇ ਪਾਣੀ ਦੀ ਸਪਲਾਈ ਵਿਵਸਥਾ ਨੂੰ ਬਿਨਾਂ ਰੁਕਾਵਟ ਜਾਰੀ ਰੱਖ ਸਕੇ।